ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 6 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੧ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸਾਬਕਾ ਸਰਪੰਚ ਦੇ ਪੁੱਤ ਦੇ ਕਤਲ ਮਾਮਲੇ 'ਚ ਨਵਾਂ ਮੋੜ, ਪੁਲਸ ਨੇ ਕੀਤੀ ਵੱਡੀ ਗ੍ਰਿਫ਼ਤਾਰੀ

**ਅੰਮ੍ਰਿਤਸਰ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬਰਨਾਲਾ ਦੇ ਪਿੰਡ ਸ਼ਿਹਣਾ ਦੀ ਸਾਬਕਾ ਸਰਪੰਚ ਦੇ ਪੁੱਤਰ ਸੁਖਵਿੰਦਰ ਸਿੰਘ ਕਲਕੱਤਾ ਨੂੰ ਗੋਲੀਆਂ ਮਾਰ ਕੇ ਕਤਲ ਕਰਨ ਦੇ ਮਾਮਲੇ 'ਚ ਵੱਡੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਪੁਲਸ ਨੇ ਸੁਖਵਿੰਦਰ ਸਿੰਘ ਨੂੰ ਗੋਲੀਆਂ ਮਾਰਨ ਵਾਲੇ ਵਿਅਕਤੀ ਦੇ ਸਾਥੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਸ ਦੀ ਪਛਾਣ ਗੁਰਦੀਪ ਬਾਵਾ ਵਜੋਂ ਹੋਈ ਹੈ, ਜੋ ਕਿ ਉਸੇ ਪਿੰਡ ਦਾ ਰਹਿਣ ਵਾਲਾ ਹੈ, ਜਿੱਥੇ ਸਾਬਕਾ ਸਰਪੰਚ ਦਾ ਪੁੱਤਰ ਰਹਿੰਦਾ ਸੀ। ਫਿਲਹਾਲ ਗੋਲੀਆਂ ਚਲਾਉਣ ਵਾਲੇ ਮੁੱਖ ਮੁਲਜ਼ਮ ਹਰਜਿੰਦਰ ਸਿੰਘ ਦੀ ਗ੍ਰਿਫ਼ਤਾਰੀ ਲਈ ਪੁਲਸ ਵਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ। ਇਸ ਪੂਰੇ ਮਾਮਲੇ ਨੂੰ ਲੈ ਕੇ ਪੁਲਸ ਪੂਰੀ ਤਰ੍ਹਾਂ ਸਰਗਰਮ ਸੀ ਕਿਉਂਕਿ ਪਰਿਵਾਰਕ ਮੈਂਬਰਾਂ ਦਾ ਕਹਿਣਾ ਸੀ ਕਿ ਜਦੋਂ ਤੱਕ ਦੋਸ਼ੀਆਂ ਦੀ ਗ੍ਰਿਫ਼ਤਾਰੀ ਨਹੀਂ ਹੁੰਦੀ, ਉਦੋਂ ਤੱਕ ਉਹ ਧਰਨੇ 'ਤੇ ਬੈਠਣਗੇ ਅਤੇ ਮ੍ਰਿਤਕ ਪੁੱਤਰ ਦੀ ਦੇਹ ਨਹੀਂ ਚੁੱਕਣਗੇ। ਜ਼ਿਕਰਯੋਗ ਹੈ ਕਿ ਸੁਖਵਿੰਦਰ ਸਿੰਘ ਕਲਕੱਤਾ ਬਾਗੀ ਤਬੀਅਤ ਦਾ ਮਾਲਕ ਸੀ ਅਤੇ ਆਪਣੀ ਬੇਬਾਕ ਰਾਏ ਲਈ ਜਾਣਿਆ ਜਾਂਦਾ ਸੀ। ਉਹ ਅਕਸਰ ਸਮੇਂ ਦੀਆਂ ਹਕੂਮਤਾਂ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਸੋਸ਼ਲ ਮੀਡੀਆ 'ਤੇ ਵੀਡੀਓ ਕਲਿੱਪ ਪੋਸਟ ਕਰਦਾ ਰਹਿੰਦਾ ਸੀ। ਇਸ ਤੋਂ ਇਲਾਵਾ ਕਲਕੱਤਾ, ਸਿਮਰਨਜੀਤ ਸਿੰਘ ਮਾਨ ਅਤੇ ਲੱਖਾ ਸਿਧਾਣਾ ਦੀਆਂ ਸਟੇਜਾਂ 'ਤੇ ਵੀ ਸਰਗਰਮ ਰਹਿੰਦਾ ਸੀ। ਉਹ ਇਨ੍ਹਾਂ ਮੰਚਾਂ ਤੋਂ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨਾਲ ਜੁੜੇ ਮੁੱਦਿਆਂ 'ਤੇ ਹਕੂਮਤਾਂ ਦੇ ਖ਼ਿਲਾਫ਼ ਜ਼ੋਰ-ਸ਼ੋਰ ਨਾਲ ਆਵਾਜ਼ ਚੁੱਕਦਾ ਸੀ। ਜਾਣਕਾਰੀ ਅਨੁਸਾਰ ਇਹ ਘਟਨਾ ਸ਼ਿਹਣਾ ਬੱਸ ਸਟੈਂਡ 'ਤੇ ਸਥਿਤ ਇਕ ਪ੍ਰਾਪਰਟੀ ਡੀਲਰ ਦੀ ਦੁਕਾਨ 'ਚ ਵਾਪਰੀ, ਜਿਸ ਵੇਲੇ ਸੁਖਵਿੰਦਰ ਦੁਕਾਨ ਅੰਦਰ ਕੁਰਸੀ 'ਤੇ ਬੈਠਾ ਸੀ, ਉਸੇ ਵੇਲੇ ਹਮਲਾਵਰ ਅੰਦਰ ਦਾਖ਼ਲ ਹੋਇਆ ਅਤੇ ਗੋਲੀਆਂ ਮਾਰ ਕੇ ਫ਼ਰਾਰ ਹੋ ਗਿਆ, ਜਦਕਿ ਸੁਖਵਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ।

## ਦੋਵੇਂ ਪਾਸਿਓਂ ਮਿਲ ਰਹੇ ਨੇ ਵੱਡੇ ਇਸ਼ਾਰੇ

# ਭਾਰਤ ਪਾਕਿਸਤਾਨ ਵਿਚਾਲੇ ਛੇੜੀ ਹੋਵੇਗੀ ਜੰਗ !

**ਨਵੀਂ ਦਿੱਲੀ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇ 'ਪਾਕਿਸਤਾਨ ਨੂੰ ਨਕਸ਼ੇ ਤੋਂ ਮਿਟਾ ਦੇਣ' ਦੇ ਬਿਆਨ 'ਤੇ ਪਾਕਿਸਤਾਨੀ ਫੌਜ ਦੀ ਪਹਿਲੀ ਪ੍ਰਤੀਕਿਰਿਆ ਆਈ ਹੈ। ਪਾਕਿਸਤਾਨੀ ਫੌਜ ਨੇ ਕਿਹਾ ਹੈ ਕਿ ਦੋਵਾਂ ਦੇਸ਼ਾਂ ਵਿਚਕਾਰ ਭਵਿੱਖ ਵਿੱਚ ਹੋਣ ਵਾਲੀ ਕੋਈ ਵੀ ਜੰਗ ਵਿਨਾਸ਼ਕਾਰੀ ਹੋਵੇਗੀ। ਪਾਕਿਸਤਾਨੀ ਫੌਜ ਨੇ ਕਿਹਾ ਹੈ



ਕਿ ਪਾਕਿਸਤਾਨੀ ਫੌਜ ਹਰ ਦੁਸ਼ਮਣ ਖੇਤਰ ਵਿੱਚ ਲੜਨ ਦੇ ਸਮਰੱਥ ਹੈ। ਪਾਕਿਸਤਾਨੀ ਫੌਜ ਨੇ ਆਪਣੇ ਬਿਆਨ ਵਿੱਚ ਕਿਹਾ ਹੈ ਕਿ ਭਾਰਤੀ ਰੱਖਿਆ ਮੰਤਰੀ ਅਤੇ ਫੌਜ ਅਤੇ ਹਵਾਈ ਫੌਜ ਦੇ ਮੁਖੀਆਂ ਦੇ ਤਿੱਖੇ ਅਤੇ ਭੜਕਾਊ ਬਿਆਨਾਂ ਦੇ ਮੱਦੇਨਜ਼ਰ, ਉਹ ਚੇਤਾਵਨੀ ਦੇ ਰਹੇ ਹਨ ਕਿ ਭਵਿੱਖ ਵਿੱਚ ਕੋਈ ਵੀ ਟਕਰਾਅ ਵਿਨਾਸ਼ਕਾਰੀ ਹੋ ਸਕਦਾ ਹੈ। ਜੇ ਦੁਸ਼ਮਣੀ ਦਾ ਇੱਕ ਨਵਾਂ ਪੜਾਅ ਸ਼ੁਰੂ ਹੁੰਦਾ ਹੈ, ਤਾਂ ਪਾਕਿਸਤਾਨ ਪਿੱਛੇ ਨਹੀਂ ਹਟੇਗਾ। ਅਸੀਂ ਬਿਨਾਂ ਝਿਜਕ ਅਤੇ ਸੰਜਮ ਦੇ ਸਖ਼ਤ ਜਵਾਬ ਦੇਵਾਂਗੇ। ਪਾਕਿਸਤਾਨੀ ਫੌਜ ਨੇ ਅੱਗੇ ਕਿਹਾ ਕਿ ਜੋ ਲੋਕ ਇੱਕ ਨਵਾਂ ਆਦਰਸ਼ ਸਥਾਪਤ ਕਰਨ ਦਾ ਇਰਾਦਾ ਰੱਖਦੇ ਹਨ, ਉਨ੍ਹਾਂ ਨੂੰ ਸਮਝਣਾ ਚਾਹੀਦਾ ਹੈ ਕਿ ਪਾਕਿਸਤਾਨ ਨੇ ਹੁਣ ਇੱਕ ਨਵਾਂ ਤਰੀਕਾ ਅਪਣਾਇਆ ਹੈ, ਜੋ ਤੇਜ਼, ਨਿਰਣਾਇਕ ਅਤੇ ਵਿਨਾਸ਼ਕਾਰੀ ਹੋਵੇਗਾ। ਬੇਲੋੜੀਆਂ ਧਮਕੀਆਂ ਅਤੇ ਲਾਪਰਵਾਹੀ ਵਾਲੇ ਹਮਲਿਆਂ ਦਾ ਸਾਹਮਣਾ ਕਰਦੇ ਹੋਏ, ਪਾਕਿਸਤਾਨ ਦੇ ਲੋਕਾਂ ਅਤੇ ਹਥਿਆਰਬੰਦ ਫੌਜਾਂ ਕੋਲ ਹਰ ਦੁਸ਼ਮਣ ਖੇਤਰ ਨਾਲ ਲੜਨ ਦੀ ਸਮਰੱਥਾ ਅਤੇ ਦ੍ਰਿੜਤਾ ਹੈ। ਇਸ ਵਾਰ, ਅਸੀਂ ਭੂਗੋਲਿਕ ਸੀਮਾਵਾਂ ਦੇ ਪਿੱਛੇ ਲੁਕਣ ਦੀ ਧਾਰਨਾ ਨੂੰ ਤੋੜਾਂਗੇ ਅਤੇ ਭਾਰਤੀ ਖੇਤਰ ਦੇ ਸਭ ਤੋਂ ਦੂਰ-ਦੁਰਾਡੇ ਖੇਤਰਾਂ ਤੱਕ ਪਹੁੰਚਾਂਗੇ। ਪਾਕਿਸਤਾਨ ਨੂੰ ਨਕਸ਼ੇ ਤੋਂ ਮਿਟਾਉਣ ਦੀ ਗੱਲ ਕਰੀਏ ਤਾਂ ਭਾਰਤ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਜੇ ਅਜਿਹੀ ਸਥਿਤੀ ਪੈਦਾ ਹੁੰਦੀ ਹੈ, ਤਾਂ ਇਸਦੇ ਦੋਵੇਂ ਪਾਸੇ ਨਤੀਜੇ ਹੋਣਗੇ। ਭਾਰਤੀ ਜਨਰਲ ਉਪੇਂਦਰ ਦਿਵੇਦੀ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਜੇ ਪਾਕਿਸਤਾਨ ਦੁਨੀਆ ਦੇ ਨਕਸ਼ੇ 'ਤੇ ਆਪਣੀ ਜਗ੍ਹਾ ਬਣਾਈ ਰੱਖਣਾ ਚਾਹੁੰਦਾ ਹੈ ਤਾਂ ਉਸਨੂੰ ਅੱਤਵਾਦ ਦਾ ਸਮਰਥਨ ਕਰਨਾ ਬੰਦ ਕਰਨਾ ਪਵੇਗਾ। ਇੱਕ ਦਿਨ ਪਹਿਲਾਂ, ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਸੀ ਕਿ ਭਾਰਤ ਆਪਣੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲੋੜ ਪੈਣ 'ਤੇ ਕੋਈ ਵੀ ਸਰਹੱਦ ਪਾਰ ਕਰ ਸਕਦਾ ਹੈ।

## ਹੜ੍ਹਾਂ ਤੋਂ ਬਚੀ ਫਸਲ ਹੁਣ ਮੰਡੀਆਂ 'ਚ ਡੁੱਬ ਕੇ ਹੋਈ ਬਰਬਾਦ, ਏਸ਼ੀਆ ਦੀ ਸਭ ਤੋਂ ਵੱਡੀ ਅਨਾਜ ਮੰਡੀ ਦੇ ਪ੍ਰਬੰਧਾਂ ਦਾ ਨਿਕਲਿਆ ਜਲੂਸ !

**ਖੰਨਾ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਏਸ਼ੀਆ ਦੀ ਸਭ ਤੋਂ ਵੱਡੀ ਅਨਾਜ ਮੰਡੀ ਖੰਨਾ ਵਿੱਚ ਐਤਵਾਰ ਨੂੰ ਹੋਈ ਬਾਰਿਸ਼ ਨੇ ਪ੍ਰਸ਼ਾਸਨਿਕ ਤਿਆਰੀ ਦੀ ਘਾਟ ਨੂੰ ਉਜਾਗਰ ਕਰ ਦਿੱਤਾ। ਮੌਸਮ ਸੰਬੰਧੀ ਪਹਿਲਾਂ ਦੀਆਂ ਚੇਤਾਵਨੀਆਂ ਦੇ ਬਾਵਜੂਦ, ਮੰਡੀ ਵਿੱਚ ਮੀਂਹ ਤੋਂ ਬਚਾਅ ਦੇ ਢੁਕਵੇਂ ਉਪਾਅ ਨਹੀਂ ਸਨ। ਨਤੀਜੇ ਵਜੋਂ, ਖੁੱਲ੍ਹੇ ਵਿੱਚ ਸਟੋਰ ਕੀਤਾ ਹਜ਼ਾਰਾਂ ਕੁਇੰਟਲ ਅਨਾਜ ਭਿੱਜ ਗਿਆ, ਜਿਸ ਨਾਲ ਕਿਸਾਨਾਂ ਨੂੰ ਕਾਫ਼ੀ ਨੁਕਸਾਨ ਹੋਇਆ। ਕਿਸਾਨਾਂ ਨੇ ਮੰਡੀ ਵਿੱਚ ਸਹੂਲਤਾਂ ਦੀ ਘਾਟ 'ਤੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਖੇਤਰਾਂ ਵਿੱਚ ਸ਼ੈੱਡਾਂ ਦੀ ਘਾਟ ਸੀ, ਅਤੇ ਮੌਜੂਦਾ ਸ਼ੈੱਡ ਨਾਕਾਫ਼ੀ ਸਨ। ਤੇਜ਼ ਹਵਾਵਾਂ ਨੇ ਤਰਪਾਲਾਂ ਨੂੰ ਉਡਾ ਦਿੱਤਾ, ਜਿਸ ਨਾਲ ਫਸਲਾਂ ਨੂੰ ਢੱਕਿਆ ਨਹੀਂ ਜਾ ਸਕਿਆ। ਕਿਸਾਨਾਂ ਨੇ ਦੋਸ਼ ਲਗਾਇਆ ਕਿ ਇਹ ਮੁੱਦਾ ਪਹਿਲਾਂ ਵੀ ਕਈ ਵਾਰ ਉਠਾਇਆ ਗਿਆ ਸੀ, ਪਰ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਆੜ੍ਹਤੀਆਂ ਨੇ ਪ੍ਰਸ਼ਾਸਨ 'ਤੇ ਵੀ ਦੋਸ਼ ਲਗਾਇਆ ਕਿ ਮੰਡੀ ਵਿੱਚ ਪਾਣੀ ਦੀ ਨਿਕਾਸੀ ਦਾ ਕੋਈ ਪ੍ਰਬੰਧ ਨਹੀਂ ਸੀ। ਸਫ਼ਾਈ ਦੀ ਘਾਟ ਕਾਰਨ ਕਈ ਥਾਵਾਂ 'ਤੇ ਪਾਣੀ ਇਕੱਠਾ ਹੋ ਜਾਂਦਾ ਹੈ, ਜਿਸ ਨਾਲ ਫ਼ਸਲਾਂ ਨੂੰ ਨੁਕਸਾਨ ਹੁੰਦਾ ਹੈ। ਆੜ੍ਹਤੀਆਂ ਨੇ ਕਿਹਾ ਕਿ ਉਹ ਆਪਣੇ ਪ੍ਰਬੰਧ ਖੁਦ ਕਰਦੇ ਹਨ, ਪਰ ਮੰਡੀ ਵਿੱਚ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਨਾ ਹੋਣ ਕਾਰਨ ਸਮੱਸਿਆ ਹੋਰ ਵੀ ਵੱਧ ਜਾਂਦੀ ਹੈ। ਇਸ ਮੌਕੇ ਅਧਿਕਾਰੀਆਂ ਨੇ ਕਿਹਾ ਕਿ ਉਹ ਸਵੇਰ ਤੋਂ ਹੀ ਮੰਡੀ ਵਿੱਚ ਸਥਿਤੀ ਦਾ ਜਾਇਜ਼ਾ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਸਟਾਫ਼ ਨੇ ਖੁੱਲ੍ਹੀਆਂ ਫ਼ਸਲਾਂ ਨੂੰ ਢੱਕਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਤਰਪਾਲਾਂ ਅਤੇ ਕਰੇਟਾਂ ਦਾ ਪ੍ਰਬੰਧ ਕਰਨਾ ਕਮਿਸ਼ਨ ਏਜੰਟਾਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਨੁਕਸਾਨ ਤੋਂ ਬਚਣ ਲਈ ਸਿਰਫ਼ ਸੁੱਕੀਆਂ ਫ਼ਸਲਾਂ ਹੀ ਮੰਡੀ ਵਿੱਚ ਲਿਆਉਣ। ਕਿਸਾਨਾਂ ਨੇ ਮੰਗ ਕੀਤੀ ਹੈ ਕਿ ਮੰਡੀ ਬੋਰਡ ਅਤੇ ਪ੍ਰਸ਼ਾਸਨ ਭਵਿੱਖ ਵਿੱਚ ਅਜਿਹੀਆਂ ਸਥਿਤੀਆਂ ਤੋਂ ਬਚਣ ਅਤੇ ਉਨ੍ਹਾਂ ਦੀ ਮਿਹਨਤ ਨਾਲ ਕਮਾਈ ਗਈ ਫ਼ਸਲ ਦੀ ਰੱਖਿਆ ਲਈ ਸਮੇਂ ਸਿਰ ਜ਼ਰੂਰੀ ਪ੍ਰਬੰਧ ਕਰੇ।

## ਅਮਰੀਕੀ ਫੌਜ ਦੀ ਦਾੜ੍ਹੀ ਪਾਬੰਦੀ ਨੇ ਸਿੱਖ ਭਾਈਚਾਰੇ ਨੂੰ ਹਿਲਾਇਆ, ਭਾਈ ਕਪਤਾਨ ਸਿੰਘ ਨੇ ਕੀਤੀ ਸਖ਼ਤ ਅਪੀਲ

**ਲੰਡਨ, ਯੂ.ਕੇ., 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**— ਅਮਰੀਕੀ ਫੌਜ ਵੱਲੋਂ ਸਿੱਖ ਸੈਨਿਕਾਂ 'ਤੇ ਦਾੜ੍ਹੀ ਰੱਖਣ ਦੀ ਪਾਬੰਦੀ ਦੇ ਤਾਜ਼ਾ ਫੈਸਲੇ ਨੇ ਸਮੁੱਚੇ ਸਿੱਖ ਭਾਈਚਾਰੇ ਨੂੰ ਗਹਿਰੀ ਠੇਸ ਪਹੁੰਚਾਈ ਹੈ। ਅਮਰੀਕੀ ਰੱਖਿਆ ਵਿਭਾਗ ਦੇ 30 ਸਤੰਬਰ, 2025 ਦੇ ਹੁਕਮ ਅਨੁਸਾਰ, ਸਾਰੀਆਂ ਫੌਜੀ ਸ਼ਾਖਾਵਾਂ ਨੂੰ 60

ਆਵਾਜ਼ਿ ਕੌਮ
AWAZE QAUM
International Newspaper & WEB TV

ਦਿਨਾਂ ਅੰਦਰ ਪੁਰਾਣੇ ਸਰੀਰਕ ਸਜਾਵਟ ਦੇ ਨਿਯਮ (2010 ਤੋਂ ਪਹਿਲਾਂ ਵਾਲੇ) ਲਾਗੂ ਕਰਨ ਦਾ ਆਦੇਸ਼ ਦਿੱਤਾ ਗਿਆ ਹੈ, ਜਿਸ ਨਾਲ ਸਿੱਖਾਂ ਦੀ ਦਾੜ੍ਹੀ ਅਤੇ ਧਾਰਮਿਕ ਚਿੰਨ੍ਹਾਂ 'ਤੇ ਪਾਬੰਦੀ ਲੱਗ ਜਾਵੇਗੀ। ਇਸ ਫੈਸਲੇ ਨੂੰ ਸਿੱਖ ਆਗੂਆਂ ਨੇ ਸਿੱਖ ਧਰਮ ਅਤੇ ਪਛਾਣ 'ਤੇ ਸਿੱਧਾ ਹਮਲਾ ਦੱਸਿਆ ਹੈ।



ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਦੇ ਜਨਰਲ ਸਕੱਤਰ ਅਤੇ ਮੁੱਖ ਬੁਲਾਰੇ ਭਾਈ ਕਪਤਾਨ ਸਿੰਘ ਨੇ ਇਸ ਫੈਸਲੇ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ, "ਅਮਰੀਕਾ ਦਾ ਸਿੱਖ ਸੈਨਿਕਾਂ ਨੂੰ ਦਾੜ੍ਹੀ ਨਾ ਰੱਖਣ ਦਾ ਹੁਕਮ ਪੂਰੀ ਦੁਨੀਆ ਦੇ ਸਿੱਖਾਂ ਦੇ ਮਨਾਂ ਨੂੰ ਗਹਿਰੀ ਚੋਟ ਪਹੁੰਚਾਉਣ ਵਾਲਾ ਹੈ। ਨੌਕਰੀ ਅਤੇ ਧਰਮ ਵਿੱਚੋਂ ਇੱਕ ਚੁਣਨ ਦੀ ਸਥਿਤੀ ਪੈਦਾ ਕਰਨਾ ਸਿੱਖ ਧਰਮ 'ਤੇ ਸਿੱਧਾ ਹਮਲਾ ਹੈ।" ਉਨ੍ਹਾਂ ਨੇ ਜ਼ੋਰ ਦੇ ਕੇ ਯਾਦ ਦਿਵਾਇਆ ਕਿ ਪਹਿਲੀ ਅਤੇ ਦੂਜੀ ਵਿਸ਼ਵ ਜੰਗ ਵਿੱਚ ਸਿੱਖ ਸੈਨਿਕਾਂ ਨੇ ਆਪਣੀਆਂ ਦਾੜ੍ਹੀਆਂ ਪ੍ਰਕਾਸ਼ ਕਰਕੇ ਅਤੇ ਦਸਤਾਰਾਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਛੋਟੇ ਸਰੂਪ ਰੱਖ ਕੇ ਬਹਾਦੁਰੀ ਨਾਲ ਲੜਾਈਆਂ ਲੜੀਆਂ। "ਅਮਰੀਕੀ ਸਰਕਾਰ ਦਾ ਇਹ ਫੈਸਲਾ ਅੱਤ ਨਿੰਦਣਯੋਗ ਹੈ, ਜੋ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਸਿੱਖ ਧਰਮ 'ਤੇ ਹਮਲਾ ਹੈ," ਉਨ੍ਹਾਂ ਅੱਗੇ ਕਿਹਾ।

ਸਿੱਖ ਧਰਮ ਦੀਆਂ ਮੁੱਢਲੀਆਂ ਸਿੱਖਿਆਵਾਂ ਅਨੁਸਾਰ, ਅੰਮ੍ਰਿਤਧਾਰੀ ਸਿੱਖ ਲਈ ਦਸਤਾਰ ਅਤੇ ਦਾੜ੍ਹੀ ਸਰੀਰ ਦਾ ਅਟੁੱਟ ਅੰਗ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ 1699 ਵਿੱਚ ਦਿੱਤੇ ਪੰਜ ਕਕਾਰਾਂ ਵਿੱਚ ਕੇਸ (ਅਣਕੱਟੇ ਵਾਲ) ਸਭ ਤੋਂ ਮਹੱਤਵਪੂਰਨ ਹਨ। ਭਾਈ ਕਪਤਾਨ ਸਿੰਘ ਨੇ ਕਿਹਾ, "ਇੱਕ ਸਾਬਤ ਸੂਰਤ ਸਿੱਖ ਆਪਣੀ ਦਸਤਾਰ ਅਤੇ ਦਾੜ੍ਹੀ ਨੂੰ ਸਰੀਰ ਤੋਂ ਵੱਖ ਨਹੀਂ ਕਰ ਸਕਦਾ। ਅਸੀਂ ਅਮਰੀਕੀ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਇਸ ਫੈਸਲੇ ਨੂੰ ਤੁਰੰਤ ਵਾਪਸ ਲਿਆ ਜਾਵੇ।"

ਇਸ ਮੁੱਦੇ ਨੇ ਅਮਰੀਕਾ ਅਤੇ ਵਿਦੇਸ਼ਾਂ ਵਿੱਚ ਸਿੱਖ ਭਾਈਚਾਰੇ ਵਿੱਚ ਭਾਰੀ ਰੋਸ ਪੈਦਾ ਕੀਤਾ ਹੈ। ਅਮਰੀਕਾ ਦੀ ਸਿੱਖ ਕੋਐਲੀਸ਼ਨ ਨੇ ਇਸ ਨੀਤੀ ਨੂੰ "ਧਾਰਮਿਕ ਅਜ਼ਾਦੀ 'ਤੇ ਸਿੱਧਾ ਖਤਰਾ" ਦੱਸਦਿਆਂ ਕਾਨੂੰਨੀ ਕਾਰਵਾਈ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ। 2016 ਵਿੱਚ ਸਿੱਖ ਸੈਨਿਕ ਕੈਪਟਨ ਸਿਮਰਤਪਾਲ ਸਿੰਘ ਨੇ ਅਮਰੀਕੀ ਫੌਜ ਵਿੱਚ ਦਸਤਾਰ ਅਤੇ ਦਾੜ੍ਹੀ ਨਾਲ ਸੇਵਾ ਕਰਨ ਦਾ ਅਧਿਕਾਰ ਜਿੱਤਿਆ ਸੀ, ਜੋ ਸਿੱਖ ਸਮੁਦਾਏ ਲਈ ਮੀਲ ਪੱਥਰ ਸੀ। ਸਿੱਖ ਕੋਐਲੀਸ਼ਨ ਦੀ ਕਾਨੂੰਨੀ ਨਿਰਦੇਸ਼ਕ ਅਮਰੀਤ ਕੌਰ ਨੇ ਕਿਹਾ, "ਇਹ ਫੈਸਲਾ ਸਿੱਖ ਸੈਨਿਕਾਂ ਦੀ ਪਛਾਣ ਨੂੰ ਖਤਮ ਕਰਨ ਦੀ ਕੋਸ਼ਿਸ਼ ਹੈ। ਅਸੀਂ ਇਸ ਵਿਰੁੱਧ ਪੂਰੀ ਤਾਕਤ ਨਾਲ ਲੜਾਂਗੇ।"

ਭਾਰਤ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਨੇ ਇਸ ਨੀਤੀ ਨੂੰ "ਵਿਤਕਰੇ ਵਾਲੀ" ਕਰਾਰ ਦਿੰਦਿਆਂ ਭਾਰਤ ਸਰਕਾਰ ਨੂੰ ਅਮਰੀਕਾ ਨਾਲ ਗੱਲਬਾਤ ਕਰਨ ਦੀ ਮੰਗ ਕੀਤੀ। ਦਿੱਲੀ ਦੇ ਵਿਧਾਇਕ ਜਰਨੈਲ ਸਿੰਘ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਭਾਰਤ ਸਰਕਾਰ ਨੂੰ ਇਸ ਮਾਮਲੇ ਵਿੱਚ ਦਖਲ ਦੇਣ ਦੀ ਅਪੀਲ ਕੀਤੀ। ਐਕਸ ਪਲੈਟਫਾਰਮ 'ਤੇ ਸਿੱਖ ਭਾਈਚਾਰੇ ਦੇ ਮੈਂਬਰਾਂ ਨੇ ਆਪਣਾ ਗੁੱਸਾ ਜ਼ਾਹਰ ਕੀਤਾ, ਕਈਆਂ ਨੇ ਭਾਈ ਕਪਤਾਨ ਸਿੰਘ ਦੀ ਇਸ ਗੱਲ ਨਾਲ ਸਹਿਮਤੀ ਜਤਾਈ ਕਿ "ਜਦੋਂ ਸਾਡੇ ਹੀ ਖਾਲਿਸਤਾਨੀ ਭਰਾ ਗੁਰਦੁਆਰਿਆਂ ਵਿੱਚ ਝਗੜੇ ਕਰਕੇ ਸਿੱਖਾਂ ਦੀਆਂ ਦਸਤਾਰਾਂ ਲਹਾਉਂਦੇ ਹਨ, ਤਾਂ ਦੂਜੇ ਧਰਮਾਂ ਨੂੰ ਸਾਡੀ ਦਸਤਾਰ, ਦਾੜ੍ਹੀ ਅਤੇ ਕੇਸਾਂ 'ਤੇ ਹਮਲਾ ਕਰਨ ਦਾ ਮੌਕਾ ਮਿਲਦਾ ਹੈ।"

ਇਤਿਹਾਸਕ ਤੌਰ 'ਤੇ, ਪਹਿਲੀ ਅਤੇ ਦੂਜੀ ਵਿਸ਼ਵ ਜੰਗ ਵਿੱਚ ਲਗਭਗ 100,000 ਸਿੱਖ ਸੈਨਿਕਾਂ ਨੇ ਬ੍ਰਿਟਿਸ਼ ਭਾਰਤੀ ਫੌਜ ਵਿੱਚ ਸੇਵਾ ਕੀਤੀ, ਜਿਨ੍ਹਾਂ ਨੇ ਆਪਣੀਆਂ ਦਸਤਾਰਾਂ ਅਤੇ ਅਣਕੱਟੇ ਕੇਸਾਂ ਨੂੰ ਕਾਇਮ ਰੱਖਦਿਆਂ ਅਣਥੱਕ ਬਹਾਦੁਰੀ ਦਿਖਾਈ। ਅਮਰੀਕੀ ਫੌਜ ਨੂੰ ਇਹ ਨਵੀਂ ਨੀਤੀ ਨਵੰਬਰ 2025 ਦੇ ਅੰਤ ਤੱਕ ਲਾਗੂ ਕਰਨੀ ਹੈ, ਜਿਸ ਕਾਰਨ ਸਿੱਖ ਸੰਸਥਾਵਾਂ ਅਤੇ ਸਮਰਥਕ ਤੇਜ਼ੀ ਨਾਲ ਕਾਨੂੰਨੀ ਅਤੇ ਜਨਤਕ ਵਿਰੋਧ ਦੀ ਤਿਆਰੀ ਕਰ ਰਹੇ ਹਨ।

ਭਾਈ ਕਪਤਾਨ ਸਿੰਘ ਨੇ ਅਖੀਰ ਵਿੱਚ ਜ਼ੋਰ ਦੇ ਕੇ ਕਿਹਾ, "ਸਾਡੀ ਪਛਾਣ ਸਾਡਾ ਧਰਮ ਹੈ। ਅਸੀਂ ਅਮਰੀਕੀ ਸਰਕਾਰ ਨੂੰ ਇਸ ਫੈਸਲੇ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕਰਦੇ ਹਾਂ।" ਸਿੱਖ ਭਾਈਚਾਰੇ ਨੂੰ ਸਮਰਥਨ ਦੇਣ ਅਤੇ ਹੋਰ ਜਾਣਕਾਰੀ ਲਈ, ਵੇਖੋ: sikhcoalition.org

## ਅਮਰੀਕਾ ਫੌਜ 'ਚ ਦਾੜ੍ਹੀ ਰੱਖਣ 'ਤੇ ਪਾਬੰਦੀ ਲਗਾਉਣਾ ਸਿੱਖਾਂ ਲਈ ਚਿੰਤਾਜਨਕ: ਗੁਰਚਰਨ ਸਿੰਘ ਗਰੇਵਾਲ

**ਅੰਮ੍ਰਿਤਸਰ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ



ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਦੇ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਕਿਹਾ ਕਿ ਅਮਰੀਕਾ ਦੀ ਸਰਕਾਰ ਵੱਲੋਂ ਫੌਜ ਵਿੱਚ ਦਾੜ੍ਹੀ ਰੱਖਣ 'ਤੇ ਪਾਬੰਦੀ ਲਗਾਉਣ ਦੀ ਖਬਰ ਬਹੁਤ ਦੁਖਦਾਈ ਅਤੇ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਇਸ ਫ਼ੈਸਲੇ ਦਾ ਸਿੱਧਾ ਅਸਰ ਸਿੱਖਾਂ, ਮੁਸਲਮਾਨਾਂ ਅਤੇ ਯਹੂਦੀ ਭਾਈਚਾਰਿਆਂ 'ਤੇ ਪੈਣ ਦੀ ਸੰਭਾਵਨਾ ਹੈ, ਜੋ ਆਪਣੇ ਧਰਮ ਅਨੁਸਾਰ ਦਾੜ੍ਹੀ ਰੱਖਦੇ ਹਨ। ਗਰੇਵਾਲ ਨੇ ਕਿਹਾ ਕਿ ਅਮਰੀਕਾ ਇੱਕ ਲੋਕਤੰਤਰਿਕ ਦੇਸ਼ ਹੈ, ਜਿੱਥੇ ਹਰ ਧਰਮ ਦੀ ਮਰਿਆਦਾ ਤੇ ਅਕੀਦਿਆਂ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਇਹ ਫ਼ੈਸਲਾ ਨਾ ਸਿਰਫ਼ ਧਾਰਮਿਕ ਆਜ਼ਾਦੀ 'ਤੇ ਪ੍ਰਹਾਰ ਹੈ, ਸਗੋਂ ਲੋਕਤੰਤਰ ਦੇ ਮੂਲ ਸਿਧਾਂਤਾਂ ਦੇ ਖਿਲਾਫ਼ ਵੀ ਹੈ। । ਉਨ੍ਹਾਂ ਦੱਸਿਆ ਕਿ ਐੱਸ.ਜੀ.ਪੀ.ਸੀ. ਇਸ ਮਾਮਲੇ ਦਾ ਸਖ਼ਤ ਨੋਟਿਸ ਲਵੇਗੀ ਅਤੇ ਇਸ ਤੋਂ ਪਹਿਲਾਂ ਅਮਰੀਕਾ ਵਿੱਚ ਮੌਜੂਦ ਸਿੱਖ ਸੰਸਥਾਵਾਂ ਨਾਲ ਸੰਪਰਕ ਕਰਕੇ ਇਸ ਫ਼ੈਸਲੇ ਬਾਰੇ ਅਸਲ ਜਾਣਕਾਰੀ ਇਕੱਠੀ ਕੀਤੀ ਜਾਵੇਗੀ। ਗਰੇਵਾਲ ਨੇ ਇਹ ਵੀ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਛੋਟ ਚਾਹੀਦੀ ਹੈ ਤਾਂ ਅਰਜ਼ੀ ਦੇ ਕੇ ਮਨਜ਼ੂਰੀ ਲਈ ਜਾ ਸਕਦੀ ਹੈ, ਪਰ ਇਸ ਦੇ ਬਾਵਜੂਦ ਵੀ ਸਰਕਾਰ ਦੇ ਹਾਲੀਆ ਕਦਮ ਸਿੱਖਾਂ ਲਈ ਦੁਖਦਾਈ ਹਨ। ਉਨ੍ਹਾਂ ਨੇ ਅਮਰੀਕਾ ਸਰਕਾਰ ਦੇ ਕੁਝ ਹੋਰ ਘਟਨਾਕ੍ਰਮਾ ਦਾ ਵੀ ਜ਼ਿਕਰ ਕੀਤਾ, ਜਿੱਥੇ ਭਾਰਤ ਤੋਂ ਗਏ ਨੌਜਵਾਨਾਂ ਨਾਲ ਧਾਰਮਿਕ ਆਧਾਰ 'ਤੇ ਬੇਇੱਜ਼ਤੀ ਵਾਲਾ ਵਰਤਾਅ ਕੀਤਾ ਗਿਆ, ਇੱਥੋਂ ਤਕ ਕਿ ਬਜ਼ੁਰਗਾਂ ਨੂੰ ਵੀ ਹੱਥਕੜੀਆਂ ਪਾਈਆਂ ਗਈਆਂ। ਗਰੇਵਾਲ ਨੇ ਕਿਹਾ ਕਿ ਟਰੱਕ ਡਰਾਈਵਰਾਂ ਅਤੇ ਮਜ਼ਦੂਰ ਵਰਗ ਸਿੱਖਾਂ ਨਾਲ ਹੋ ਰਹੀਆਂ ਬੇਇਨਸਾਫ਼ੀਆਂ ਦੀ ਸ਼੍ਰੋਮਣੀ ਕਮੇਟੀ ਤਿੱਖੀ ਨਿੰਦਾ ਕਰਦੀ ਹੈ। ਉਨ੍ਹਾਂ ਅਮਰੀਕਾ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਧਾਰਮਿਕ ਭਾਵਨਾ ਨੂੰ ਠੇਸ ਨਾ ਪਹੁੰਚੇ, ਕਿਉਂਕਿ ਸਿੱਖਾਂ ਨੇ ਅਮਰੀਕਾ ਦੀ ਆਰਥਿਕਤਾ ਤੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ ਹੈ। ਗਰੇਵਾਲ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਐਸ.ਜੀ.ਪੀ.ਸੀ. ਅਮਰੀਕੀ ਸਿੱਖ ਸੰਸਥਾਵਾਂ ਨਾਲ ਮਿਲਕੇ ਇਸ ਫ਼ੈਸਲੇ ਖ਼ਿਲਾਫ਼ ਅਗਲੀ ਕਾਰਵਾਈ ਦੀ ਰਣਨੀਤੀ ਤਿਆਰ ਕਰੇਗੀ, ਤਾਂ ਜੋ ਸਿੱਖ ਪਹਿਚਾਣ ਤੇ ਮਰਿਆਦਾ ਦੀ ਰੱਖਿਆ ਕੀਤੀ ਜਾ ਸਕੇ।


AWAZE QAUM TOUR & TRAVEL (YATRA SINCE 2000)
ਆਵਾਜ਼ਿ ਕੌਮ AWAZE QAUM International Newspaper & WEB TV
YATRA
NANKANA SAHIB
WE WILL ALSO BE VISITING 25+ GURDWARA'S AND HISTORICAL PLACES
30 OCT TO 8 NOV, 2025
YATRA INCLUDES:
GURDWARA NANKANA SAHIB
GURDWARA PATTI SAHIB
GURDWARA TAMBU SAHIB
GURDWARA KIARA SAHIB
GURDWARA MALJI SAHIB
GURDWARA BAL LILA SAHIB
GURDWARA SACHA SAUDA
GURDWARA RORI SAHIB
GURDWARA PANJA SAHIB
GURDWARA BEBE DI BER SIALKOT
GURDWARA DERA SAHIB
JANAM ASTHAN BEBE NANKI JI
BHAI LALU JI DA GHAR
JANAM ASTHAN GURU RAMDAS JI
GURDWARA SHRI KARTARPUR SAHIB
GURDWARA SHAHEED GANJ LAHORE
MATA SAHIB KAUR JI JANAM ASTHAN
DARBAR SAI MIAN MIR JI
SHAHI QILA (SIKH FORT)
RAGHBIR SINGH
+44
7976 210 161
PACKAGE INCLUDES:
PAKISTAN VISA• HOTEL(TWIN SHARE)•
LUXURY TRANSPORT• VEG. FOOD •
MINERAL WATER AND MUCH MORE
CANADA SANGAT: +1 647.231.1600 – USA SANGAT: +1 716.342.6007

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਦਿਨ ਐਤਵਾਰ 19 ਅਕਤੂਬਰ 2025

ਸ਼ਹੀਦੀ ਦਿਹਾੜਾ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਨਗਰ ਕੀਰਤਨ ਦੀ ਆਰੰਭਤਾ ਸਮਾਂ 12:00 ਤੋਂ ਸ਼ਾਮ 5 ਵਜੇ ਪਿੰਡ ਕਾਜ਼ਲਮੋਰਾਨੋ ਵਿਚ ਹੀ ਸਮਾਪਤੀ ਹੋਵੇਗੀ।

ਸ਼ਨਿੱਚਰਵਾਰ 18 ਅਕਤੂਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

ਐਤਵਾਰ 19 ਅਕਤੂਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:00 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਸ਼ਰਨ ਸਿੰਘ ਜੀ ਯੂ ਕੇ ਵਾਲੇ , ਕਥਾ ਵਾਚਕ , ਕਵੀਸ਼ਰੀ ਜਥਾ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ
29ਵਾਂ
ਸਲਾਨਾ ਗੁਰਮਤਿ ਸਮਾਗਮ
ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ
ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ
ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।
ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।
1 ਨਵੰਬਰ 2025 ਦਿਨ ਸ਼ਨੀਵਾਰ ਨੂੰ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404
ਆਵਾਜ਼ਿ ਕੌਮ
AWAZE QAUM
International Newspaper & WEB TV

## ਇੰਗਲੈਂਡ ਅਤੇ ਯੌਰਪ ਦੀਆਂ ਸਿੱਖ ਸੰਗਤਾਂ ਲਈ ਖੁਸ਼ਖਬਰੀ

### ਆਵਾਜ਼ਿ ਕੌਮ ਟੂਰ & ਟਰੈਵਲਜ਼ ਅਤੇ ਸ: ਰਘਬੀਰ ਸਿੰਘ ਵਲੋਂ

# ਨਨਕਾਣਾ ਸਾਹਿਬ ਯਾਤਰਾ

**ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਾਹਿਬ ਮਨਾਓ ਜੀ।**

ਨਵੰਬਰ 2025
ਬੁਕਿੰਗ ਸ਼ੁਰੂ ਹੈ
ਪਾਕਿਸਤਾਨ ਯਾਤਰਾ ਪੈਕੇਜ
£1650



NOV 2025
Book Now
Pakistan Yatra Package
£1650

## 9 Days Yatra - 31 Oct to 8 Nov, 2025

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਪਿਆਰੀ ਸੰਗਤ ਜੀ, ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ॥
ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਮੇਤ ਸੰਸਾਰ ਭਰ ਵਿੱਚ ਮਨਾਇਆ ਜਾ ਰਿਹਾ ਹੈ। ਸਿੰਘ ਟਰੈਵਲ ਅਤੇ ਗੁਰਧਾਮ ਯਾਤਰਾ ਸੇਵਾ ਸੁਸਾਇਟੀ ਵਲੋਂ 2010 ਤੋਂ ਹਰ ਸਾਲ ਫਰਵਰੀ, ਮਾਰਚ, ਅਪ੍ਰੈਲ, ਸਤੰਬਰ ਅਤੇ ਨਵੰਬਰ ਵਿੱਚ ਸੰਗਤਾਂ ਨੂੰ ਪੰਥ ਤੋਂ ਵਿਛੜੇ ਸ੍ਰੀ ਨਨਕਾਣਾ ਸਾਹਿਬ ਅਤੇ 25 ਤੋਂ ਵੱਧ ਗੁਰਧਾਮਾਂ ਦੇ ਦਰਸ਼ਨ, ਯੌਰਪ ਅਤੇ ਦੁਬਈ ਦੇ ਟੂਰ ਕਰਵਾਏ ਜਾਂਦੇ ਹਨ। ਹੁਣ ਤੱਕ ਕੈਨੇਡਾ, ਅਮਰੀਕਾ, ਇੰਗਲੈਂਡ ਅਤੇ ਯੌਰਪ ਸਮੇਤ ਸੰਸਾਰ ਭਰ ਦੀਆਂ ਹਜਾਰਾਂ ਸੰਗਤਾਂ ਪ੍ਰੀਵਾਰ ਸਮੇਤ ਦਰਸ਼ਨ ਕਰ ਚੁੱਕੀਆਂ ਹਨ, ਤੁਸੀ ਵੀ ਵਧੀਆ ਪ੍ਰਵਾਰਿਕ ਮਾਹੌਲ ਵਿੱਚ ਖੁੱਲੇ ਦਰਸ਼ਨ ਦੀਦਾਰ ਕਰਨ ਅਤੇ ਭਰੋਸੇਯੋਗ ਸੇਵਾਵਾਂ ਲਈ ਅੱਜ ਹੀ ਸੰਪਰਕ ਕਰੋ ਜੀ। **ਪੰਜਾਂ ਤਖਤਾਂ ਦੀ ਯਾਤਰਾ ਅਤੇ ਬਜ਼ੁਰਗਾਂ ਦੇ ਪਿੰਡ ਵੇਖਣ ਦਾ ਖਾਸ ਪ੍ਰਬੰਧ ਹੈ।**

ਸੰਸਾਰ ਭਰ ਵਿੱਚ ਜਾਣ ਲਈ ਸਸਤੀਆਂ ਹਵਾਈ ਟਿਕਟਾਂ ਲਈ ਇਕ ਵਾਰ ਫੋਨ ਜਰੂਰ ਘੁਮਾਓ ਜੀ।

**Yatra Expenses from UK: Pakistan 950 + Dubai 695 = From Europe Pakistan 1095 Dubai 795**
(Pak Visa, Hotel Twin Share + AC Delux Buses + Veg food + Z+ Security, Attraction Fees & Mineral Water Including the Yatra Expenses)
Special Discount on Yatra for family with Kids & 5 Star Yatra Package available on request



## Awaze Qaum Tour & Travels

**Tel: + 44 7976 210161**

Canada & USA Sangat Call Jasbir Sgh Boparai @
Canada:+1-647-231-1600- USA: +1-716-342-6007


Awaze Qaum Tour & Travels & Raghbir Singh Jatha
SINGH TRAVEL & TOURS LTD.
Singh Travel
GURDHAM YATRA & SEVA SOCIETY
CANADA
GURDHAMYATRA.COM
YATRA
NANKANA SAHIB
OCT 30 - NOV 8, 2025
ਆਵਾਜ਼ਿ ਕੌਮ
AWAZE QAUM
International Newspaper & WEB TV
Nankana Sahib
Panja Sahib
kartarpur Sahib
25+ Gurdwara's & Historical places darshan
ਸਿੰਘ ਟਰੈਵਲ ਨਾਲ ਇੱਕ ਵਾਰ ਯਾਤਰਾ ਜਰੂਰ ਕਰੋ, ਸਾਡਾ 16 ਸਾਲ ਦਾ ਯਾਤਰਾ ਤਜ਼ਰਬਾ, ਤੁਹਾਡੀ ਯਾਤਰਾ ਯਾਦਗਾਰੀ ਬਣਾ ਦੇਵੇਗਾ।
YATRA WITH SINGH TRAVEL – WE MAKE YOUR YATRA TRULY MEMORABLE!
4 Days Dubai + all meals Ac Buses, 5 Attractions Airport & hotel
UK. 695
Europe. 795
9 Days + Veg meals, Ac Buses, Visa+ Hotels & Z+ Security, Without Ticket
UK. 950
Europe. 1095
Pakistan Yatra 9 Days + Veg meals, Ac Buses, Visa+ Hotels, Z+ Security & Return Air Ticket
UK. 1650
Raghbir Singh
07976 210161
Mangal Singh
07939 486321
Jasbir S. Boparai
+1 647.231.1600







**ਅੰਮ੍ਰਿਤਸਰ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**—ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਅੱਜ ਪਾਰਟੀ ਦੇ ਮੂਲ ਸਿਧਾਂਤਾਂ ’ਤੇ ਕਾਇਮ ਰਹਿਣ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਸਾਰੇ ਅਹਿਮ ਫੈਸਲੇ ਹਮੇਸ਼ਾਂ ਪਾਰਟੀ ਪਲੇਟਫਾਰਮ ’ਤੇ ਹੀ ਹੁੰਦੇ ਹਨ ਅਤੇ ਅਗਾਂਹ ਵੀ ਉੱਥੇ ਹੀ ਹੋਣਗੇ।

**“ਅਸੀਂ ‘ਸ੍ਰੀ ਅਨੰਦਪੁਰ ਸਾਹਿਬ ਦੇ ਮਤੇ’ ’ਤੇ ਮਰਦੇ ਦਮ ਤੱਕ ਕਾਇਮ ਰਹਾਂਗੇ।”**

**— ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ**

ਉਨ੍ਹਾਂ ਨੇ ਕਿਹਾ ਕਿ ਅਕਾਲੀ ਦਲ ਸਦਾ ਤੋਂ ਪੰਥਕ ਤੇ ਲੋਕਤਾਂਤਰਿਕ ਜਥੇਬੰਦੀ ਰਹੀ ਹੈ।“ਇਹ ਪਾਰਟੀ ਗੁਰਮਤ ਅਸੂਲਾਂ ਤੇ ਖਾਲਸਾ ਪੰਥ ਦੀਆਂ ਬਲੀਦਾਨੀ ਪਰੰਪਰਾਵਾਂ ’ਤੇ ਅਧਾਰਿਤ ਹੈ। ਸਾਡੇ ਲਈ ਪੰਥ ਦੇ ਹਿਤਾਂ ਤੋਂ ਵੱਡਾ ਕੁਝ ਨਹੀਂ,”ਉਨ੍ਹਾਂ ਨੇ ਜੋੜਿਆ।ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ‘ਸ੍ਰੀ ਅਨੰਦਪੁਰ ਸਾਹਿਬ ਦਾ ਮਤਾ’ ਸਿਰਫ਼ ਰਾਜਨੀਤਕ ਨਹੀਂ, ਸਿੱਖ ਕੌਮ ਦੀ ਆਤਮਕ ਤੇ ਰਾਜਨੀਤਕ ਅਜ਼ਾਦੀ ਦਾ ਪ੍ਰਤੀਕ ਹੈ, ਅਤੇ ਇਸ ਮਤੇ ਉੱਤੇ ਟਿਕੇ ਰਹਿਣਾ ਹੀ ਅਕਾਲੀ ਦਲ ਦੀ ਅਸਲੀ ਪਹਿਚਾਣ ਹੈ। ਉਨ੍ਹਾਂ ਨੇ ਕਿਹਾ ਕਿ ਪਾਰਟੀ ਅੰਦਰ ਹਰ ਫੈਸਲਾ ਸਹਿਮਤੀ ਨਾਲ ਤੇ ਸੰਗਠਨਾਤਮਕ ਅਨੁਸ਼ਾਸਨ ਅਧਾਰਤ ਹੋਵੇਗਾ, ਤਾਂ ਜੋ ਪੰਥਕ ਇਕਤਾ ਮਜ਼ਬੂਤ ਹੋ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਡੇਰਾ ਬਿਆਸ ਮੁਖੀ ਨੇ ਅੱਜ ਗੁਰਦੁਆਰਾ ਦਾਦੂ ਸਾਹਿਬ ਵਿਖੇ ਟੇਕਿਆ ਮੱਥਾ

## ਅੰਤਰਰਾਸ਼ਟਰੀ ਸਿੱਖ ਪ੍ਰਚਾਰਕ ਜਥੇਦਾਰ ਦਾਦੂਵਾਲ ਜੀ ਨਾਲ ਕੀਤੀ ਮੁਲਾਕਾਤ ਉਨਾਂ ਦੇ ਉੱਤਰਾਧਿਕਾਰੀ ਹਜ਼ੂਰ ਜਸਦੀਪ ਸਿੰਘ ਗਿੱਲ ਵੀ ਨਾਲ ਸਨ











ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਅੰਤਰਰਾਸ਼ਟਰੀ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦਾ ਮੁੱਖ ਅਸਥਾਨ ਹੈ ਜੋ ਇਲਾਕੇ ਵਿੱਚ ਸਿੱਖੀ ਪ੍ਰਚਾਰ ਦਾ ਕੇਂਦਰ ਹੈ ਅਤੇ ਇੱਥੋਂ ਹੀ ਜਥੇਦਾਰ ਦਾਦੂਵਾਲ ਜੀ ਨੇ 1997 ਵਿੱਚ ਸਿੱਖ ਧਰਮ ਦਾ ਪ੍ਰਚਾਰ ਪ੍ਰਸਾਰ ਸ਼ੁਰੂ ਕਰਕੇ ਪੂਰੀ ਦੁਨੀਆਂ ਵਿੱਚ ਪ੍ਰਚਾਰ ਕੀਤਾ ਅੱਜ ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋ ਨੇ ਗੁਰਦੁਆਰਾ ਦਾਦੂ ਸਾਹਿਬ ਵਿਖੇ ਮੱਥਾ ਟੇਕਿਆ ਇਸ ਸਮੇਂ ਉਨਾਂ ਦੇ ਉੱਤਰਾਧਿਕਾਰੀ ਹਜ਼ੂਰ ਜਸਦੀਪ ਸਿੰਘ ਗਿੱਲ ਵੀ ਨਾਲ ਸਨ ਤਕਰੀਬਨ ਇਕ ਘੰਟਾ ਉਹ ਗੁਰਦੁਆਰਾ ਸਾਹਿਬ ਵਿਖੇ ਰੁਕੇ ਇਸ ਸਮੇਂ ਵੱਡੀ ਗਿਣਤੀ ਵਿੱਚ ਇਲਾਕੇ ਚੋਂ ਸੰਗਤਾਂ ਵੀ ਪੁੱਜੀਆਂ ਹੋਈਆਂ ਸਨ ਮੀਡੀਆ ਵਲੋਂ ਸੰਪਰਕ ਕਰਨ ਤੇ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਜਦੋਂ ਵੀ ਡੇਰਾ ਬਿਆਸ ਮੁਖੀ ਸਿਰਸਾ ਇਲਾਕੇ ਵਿੱਚ ਆਉਂਦੇ ਹਨ ਤਾਂ ਅਕਸਰ ਉਹ ਗੁਰਦੁਆਰਾ ਦਾਦੂ ਸਾਹਿਬ ਵਿਖੇ ਮੱਥਾ ਟੇਕ ਕੇ ਹੀ ਜਾਂਦੇ ਹਨ ਇਸ ਦਾ ਕੋਈ ਹੋਰ ਅਰਥ ਨਹੀਂ ਕੱਢਣਾ ਚਾਹੀਦਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਫਲੋਰਿਡਾ ਦਰਦਨਾਕ ਹਾਦਸੇ ਦੇ ਪੀੜਤਾਂ ਨੂੰ ਸਨਮਾਨ ਭਰੀ ਵਿਦਾਈ

# ਸਿੱਖਜ਼ ਫ਼ਾਰ ਜਸਟਿਸ ਵੱਲੋਂ £100,000 ਦੀ ਮਨੁੱਖੀ ਸਹਾਇਤਾ ਹੇਠ ਸਾਰੇ ਖਰਚੇ ਉਠਾਏ







**ਫਲੋਰਿਡਾ, 5 ਅਕਤੂਬਰ (ਸਰਬਜੀਤ ਸਿੰਘ ਬਨੂੜ)**-ਫਲੋਰਿਡਾ ਵਿੱਚ ਹੋਏ ਦਰਦਨਾਕ ਟਰੱਕ ਹਾਦਸੇ ਦੇ ਦੋ ਪੀੜਤਾਂ — ਫਾਨਿਓਲਾ ਜੋਸਫ਼ ਅਤੇ ਹਰਬੀ ਡੁਜੇਨਸ ਨੂੰ ਭਾਵੁਕ ਮਾਹੌਲ ਵਿੱਚ ਅੰਤਿਮ ਵਿਦਾਈ ਦਿੱਤੀ ਗਈ। ਇਸ ਮੌਕੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਸੱਜਣਾਂ ਤੇ ਸਥਾਨਕ ਭਾਈਚਾਰੇ ਦੇ ਮੈਂਬਰਾਂ ਨੇ ਪ੍ਰਿੰਸਟਨ ਚਰਚ ਆਫ਼ ਨਜ਼ਰੀਨ (ਫਲੋਰਿਡਾ) ਸ਼ਿਰਕਤ ਕੀਤੀ। ਵੱਖ ਵੱਖ-ਵੱਖ ਆਗੂਆਂ ਨੇ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ਅਤੇ ਪਾਲਮਜ਼ ਵੁਡਲਾਨ ਸਿਮਟਰੀ, ਨਰਾਂਜਾ (ਫਲੋਰਿਡਾ) ਵਿੱਚ ਦੋਵੇ ਮ੍ਰਿਤਕਾ ਨੂੰ ਸਤਿਕਾਰ ਨਾਲ ਦਫ਼ਨ ਕੀਤਾ ਗਿਆ। ਸਾਰੇ ਪ੍ਰਬੰਧ ਹੈਟੀ ਦੇ ਮਿਆਮੀ ਕੌਂਸੁਲੇਟ ਜਨਰਲ ਦੇ ਸਹਿਯੋਗ ਨਾਲ ਕੀਤੇ ਗਏ ਤਾਂ ਜੋ ਪਰਿਵਾਰਾਂ ਦੀਆਂ ਇੱਛਾਵਾਂ ਅਤੇ ਰਿਵਾਇਤਾਂ ਦਾ ਪੂਰਾ ਸਤਿਕਾਰ ਕੀਤਾ ਜਾ ਸਕੇ। ਇਸ ਮੌਕੇ ਸਿੱਖਜ਼ ਫ਼ਾਰ ਜਸਟਿਸ ਨੇ ਆਪਣੇ ਐਲਾਨੇ £100,000 ਦੀ ਮਨੁੱਖੀ ਸਹਾਇਤਾ ਪ੍ਰਤੀਬੱਧਤਾ ਹੇਠ ਦੋਵੇਂ ਅੰਤਿਮ ਸੰਸਕਾਰਾਂ ਦੇ ਸਾਰੇ ਖਰਚੇ ਆਪਣੇ ਸਿਰ ਲਏ। ਇਸ ਨਾਲ ਪਰਿਵਾਰਾਂ ਨੂੰ ਕਿਸੇ ਵੀ ਆਰਥਿਕ ਬੋਝ ਤੋਂ ਰਾਹਤ ਮਿਲੀ ਅਤੇ ਉਹ ਆਪਣੇ ਪਿਆਰਿਆਂ ਨੂੰ ਸਨਮਾਨ ਨਾਲ ਵਿਦਾ ਕਰ ਸਕੇ। ਸਿੱਖਜ਼ ਫ਼ਾਰ ਜਸਟਿਸ ਦੇ ਡਾਇਰੈਕਟਰ ਡਾ. ਬਖ਼ਸ਼ੀਸ਼ ਸਿੰਘ ਸੰਧੂ, ਨੇ ਗਿਰਜਾਘਰ ਅੰਦਰ ਹਾਜ਼ਰੀਨ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਿੱਖ ਧਰਮ ਨਿਸ਼ਕਾਮ ਸੇਵਾ, ਸਮਾਜਿਕ ਨਿਆਂ ਅਤੇ ਸਭ ਲਈ ਸਮਾਨਤਾ ਦੇ ਸਿਧਾਂਤਾਂ 'ਤੇ ਅਧਾਰਿਤ ਹੈ। ਅੱਜ ਅਸੀਂ ਇਨ੍ਹਾਂ ਪੀੜਤ ਪਰਿਵਾਰਾਂ ਦੇ ਨਾਲ ਏਕਜੁੱਟਤਾ ਵਿਚ ਖੜ੍ਹੇ ਹਾਂ ਤਾਂ ਜੋ ਉਨ੍ਹਾਂ ਦੇ ਪਿਆਰਿਆਂ ਨੂੰ ਸਨਮਾਨ ਨਾਲ ਅਲਵਿਦਾ ਕਿਹਾ ਜਾ ਸਕੇ।" ਇਸ ਮੌਕੇ ਸਿੱਖਜ਼ ਫ਼ਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ, ਨੇ ਕਿਹਾ ਕਿ ਸਿੱਖਜ਼ ਫ਼ਾਰ ਜਸਟਿਸ ਨੇ ਇਸ ਮਨੁੱਖੀ ਸਹਾਇਤਾ ਰਾਹੀਂ ਨਾ ਸਿਰਫ਼ ਪੀੜਤ ਪਰਿਵਾਰਾਂ ਨਾਲ ਆਪਣਾ ਫ਼ਰਜ਼ ਨਿਭਾਇਆ ਹੈ, ਸਗੋਂ ਇਹ ਵੀ ਦਰਸਾਇਆ ਹੈ ਕਿ ਸਿੱਖਾਂ ਦੀ ਇੱਜ਼ਤ, ਨਿਆਂ ਤੇ ਮਨੁੱਖਤਾ ਪ੍ਰਤੀ ਵਚਨਬੱਧਤਾ ਦੀਆਂ ਕੋਈ ਸਰਹੱਦਾਂ ਨਹੀਂ। ਅਸੀਂ ਇਹ ਵਿਸ਼ਵਾਸ ਰੱਖਦੇ ਹਾਂ ਕਿ ਮਨੁੱਖਤਾ ਦੀ ਸੇਵਾ ਧਰਮਾਂ ਅਤੇ ਦੇਸ਼ਾਂ ਤੋਂ ਉੱਪਰ ਹੈ। ਇਸ ਅੰਤਿਮ ਵਿਦਾਈ ਸਮਾਗਮ ਰਾਹੀਂ ਜਿੱਥੇ ਪਰਿਵਾਰਾਂ ਨੇ ਆਪਣੇ ਪਿਆਰਿਆਂ ਨੂੰ ਸਨਮਾਨ ਨਾਲ ਵਿਦਾ ਕੀਤਾ, ਉੱਥੇ ਹੀ ਸਿੱਖਜ਼ ਫ਼ਾਰ ਜਸਟਿਸ ਵੱਲੋਂ ਦਿੱਤੀ ਮਨੁੱਖੀ ਸਹਾਇਤਾ ਨੇ ਦਰਸਾਇਆ ਕਿ ਸਿੱਖ ਭਾਈਚਾਰਾ ਦੁੱਖ ਦੀ ਘੜੀ ਵਿੱਚ ਵੀ ਸੇਵਾ ਅਤੇ ਇਨਸਾਨੀਅਤ ਦੇ ਸਿਧਾਂਤਾਂ 'ਤੇ ਅਡਿੱਗ ਖੜ੍ਹਾ ਹੈ। ਜਿਕਰਯੋਗ ਹੈ ਕਿ ਟਰੱਕ ਚਾਲਕ ਹਰਜਿੰਦਰ ਸਿੰਘ ਖ਼ਿਲਾਫ਼ ਹੁਣ ਗੰਭੀਰ ਫੌਜਦਾਰੀ ਦੋਸ਼ ਲਗੇ ਹਨ, ਜਿਨ੍ਹਾਂ ਵਿੱਚ ਵਾਹਨ-ਹਤਿਆ (vehicular homicide) ਅਤੇ ਮੈਨਸਲਾਟਰ (manslaughter) ਸ਼ਾਮਲ ਹਨ। ਦੋਸ਼ ਹੈ ਕਿ ਉਸਨੇ ਯੂ-ਟਰਨ ਲੈਣ ਦੀ ਕੋਸ਼ਿਸ਼ ਦੌਰਾਨ ਸੜਕ ਦੀਆਂ ਲੇਨਾਂ ਰੋਕ ਦਿੱਤੀਆਂ, ਜਿਸ ਕਾਰਨ ਜੋਸਫ਼ ਅਤੇ ਦੂਜੈਂਸ ਦੀ ਕਾਰ ਉਸ ਟਰੱਕ ਨਾਲ ਜਾ ਟਕਰਾਈ। ਇਸ ਭਿਆਨਕ ਹਾਦਸੇ ਵਿੱਚ ਦੋਵਾਂ ਦੀ ਮੌਤ ਹੋ ਗਈ, ਜਦਕਿ ਤੀਜਾ ਸਵਾਰੀ, ਮਿਆਮੀ ਦਾ 30 ਸਾਲਾ ਹਰਬੀ ਡੇਫਰੈਸਨ ਵੀ ਮਾਰੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

**ਸਿੱਖਾਂ ਦੀ ਇੱਜ਼ਤ, ਨਿਆਂ ਤੇ ਮਨੁੱਖਤਾ ਪ੍ਰਤੀ ਵਚਨਬੱਧਤਾ ਦੀਆਂ ਕੋਈ ਸਰਹੱਦਾਂ ਨਹੀਂ - ਪੰਨੂ**

### ਬਾਬਾ ਸੁਰਤ ਰਾਮ ਵੈਲਫੇਅਰ ਕਮੇਟੀ ਪੈਰੋਂ ਵੱਲੋਂ

# ਲਗਾਇਆ ਪਹਿਲਾ ਅੱਖਾਂ ਦਾ ਮੈਡੀਕਲ ਜਾਂਚ ਕੈਂਪ





ਤਲਵੰਡੀ ਸਾਬੋ, 05 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਬਾਬਾ ਸੁਰਤ ਰਾਮ ਵੈਲਫੇਅਰ ਕਮੇਟੀ ਪਿੰਡ ਪੇਰੋਂ ਵਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਪਹਿਲਾ ਅੱਖਾਂ ਦਾ ਮੈਡੀਕਲ ਚੈੱਕਅੱਪ ਲਗਾਇਆ ਗਿਆ ਜਿਸ ਵਿੱਚ ਆਈ ਹਸਪਤਾਲ ਤਲਵੰਡੀ ਸਾਬੋ ਦੇ ਡਾਕਟਰ ਚਰਨਜੀਤ ਸਿੰਘ, ਸੰਦੀਪ ਸਿੰਘ ਅਤੇ ਖੁਸ਼ਨਦੀਪ ਸਿੰਘ ਉਹਨਾਂ ਦੀ ਸਮੁੱਚੀ ਟੀਮ ਪਹੁੰਚੀ। ਇਸ ਕੈਂਪ ਦੌਰਾਨ ਡਾਕਟਰ ਚਰਨਜੀਤ ਸਿੰਘ ਨੇ ਜਿੱਥੇ ਪਹੁੰਚੇ ਨਗਰ ਨਿਵਾਸੀਆਂ ਨੂੰ ਅੱਖਾਂ ਦੀਆਂ ਫੈਲ ਰਹੀਆਂ ਬਿਮਾਰੀਆਂ, ਉਹਨਾਂ ਦੀ ਰੋਕਥਾਮ ਅਤੇ ਇਲਾਜ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਉਥੇ ਹੀ ਸਭਨੂੰ ਸੰਤੁਲਿਤ ਖੁਰਾਕ ਖਾਣੀ ਚਾਹੀਦੀ ਹੈ ਅਤੇ ਸਮੇਂ-ਸਮੇਂ 'ਤੇ ਅੱਖਾਂ ਦੀ ਚੈੱਕਅਪ ਕਰਾਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਚਿੱਟੇ ਮੋਤੀਏ ਦਾ ਇਲਾਜ ਬਹੁਤ ਸਰਲ ਤੇ ਆਸਾਨ ਤਰੀਕੇ ਨਾਲ ਸਸਤੇ ਰੇਟਾਂ ਕੀਤਾ ਜਾ ਰਿਹਾ ਹੈ ਇਸਦਾ ਲਾਭ ਉਠਾਇਆ ਜਾ ਸਕਦਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਆਈ ਮੱਲ੍ਹੀ ਹਸਪਤਾਲ ਦੇ ਡਾਕਟਰ ਚਰਨਜੀਤ ਸਿੰਘ ਨੇ ਦੱਸਿਆ ਕਿ ਅੱਜ ਬਾਬਾ ਸੁਰਤ ਰਾਮ ਵੈਲਫੇਅਰ ਕਮੇਟੀ ਦੇ ਆਗੂਆਂ ਵਲੋਂ ਕੈਂਪ ਲਗਾਇਆ ਗਿਆ ਸੀ ਜਿਸ ਵਿੱਚ ਚੈੱਕਅਪ ਦੇ ਨਾਲ-ਨਾਲ ਮੁਫਤ ਦਵਾਈਆਂ ਅਤੇ ਐਨਕਾਂ ਵੰਡੀਆਂ ਗਈਆਂ। ਉਹਨਾਂ ਕਿਹਾ ਕਿ ਕੈਂਪ ਵਿਚ ਚਿੱਟੇ ਮੋਤੀਏ ਦੇ 70 ਤੋਂ 75 ਦੇ ਕਰੀਬ ਪੀੜਿਤ ਮਰੀਜਾਂ ਦੇ ਵਾਜਬ ਕੀਮਤ ਤੇ ਅਪਰੇਸ਼ਨ ਕੀਤੇ ਜਾਣਗੇ। ਇਸ ਮੌਕੇ ਅੰਗਰੇਜ਼ ਸਿੰਘ, ਸੁਖਦੇਵ ਸਿੰਘ, ਹਰਜਿੰਦਰ ਸਿੰਘ, ਰੋਮੀ ਸੇਠ, ਜਗਦੇਵ ਸਿੰਘ, ਕਾਲਾ ਸਿੰਘ, ਸੁਖਮੰਦਰ ਸਿੰਘ ਰਾਜਾ, ਕੁੱਕੂ ਨੰਬਰਦਾਰ, ਚਰਨਾ ਸਿੰਘ ਚਹਿਲ, ਜਗਰੂਪ ਸਿੰਘ ਮੈਂਬਰ, ਜਸਵੀਰ ਸਿੰਘ, ਗੁਰਸ਼ੀਸ਼ ਸਿੰਘ ਆਦਿ ਨੇ ਡਾਕਟਰਾਂ ਦੀ ਟੀਮ ਦਾ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਮੰਗਲਵਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਣਗੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਨਵ ਨਿਯੁਕਤ ਵਰਕਿੰਗ ਕਮੇਟੀ ਮੈਂਬਰ

## ਪਾਰਟੀ ਦੀ ਚੜ੍ਹਦੀ ਕਲ੍ਹਾ ਅਤੇ ਕੌਮੀ ਏਕਤਾ ਅਤੇ ਸਰਬੱਤ ਦੇ ਲਈ ਹੋਵੇਗੀ ਅਰਦਾਸ



**ਸ੍ਰੀ ਅੰਮ੍ਰਿਤਸਰ ਸਾਹਿਬ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਨਵ ਨਿਯੁਕਤ ਵਰਕਿੰਗ ਕਮੇਟੀ ਮੈਂਬਰ ਦਿਨ ਮੰਗਲਵਾਰ (7 ਅਕਤੂਬਰ) ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਣਗੇ। ਮੁੱਖ ਦਫਤਰ ਤੋਂ ਜਾਰੀ ਬਿਆਨ ਵਿੱਚ ਜਾਣਕਾਰੀ ਸਾਂਝਾ ਕੀਤੀ ਗਈ ਹੈ ਕਿ, ਪਾਰਟੀ ਪ੍ਰਧਾਨ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਸਾਰੇ ਮੈਂਬਰ ਦੁਪਹਿਰ 12 ਵਜੇ ਬੁਰਜ ਬਾਬਾ ਅਕਾਲੀ ਫੂਲਾ ਸਿੰਘ ਵਿਖੇ ਇਕੱਠੇ ਹੋਣਗੇ, ਜਿਥੋਂ ਇਕੱਠਾ ਜਥਾ ਪੈਦਲ ਦਰਬਾਰ ਸਾਹਿਬ ਲਈ ਰਵਾਨਾ ਹੋਵੇਗਾ। ਪਾਰਟੀ ਪ੍ਰਧਾਨ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ "ਅਸੀਂ ਗੁਰੂ ਸਾਹਿਬ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਅਰਦਾਸ ਕਰਾਂਗੇ ਕਿ ਪਾਰਟੀ ਹਮੇਸ਼ਾ ਗੁਰੂ ਮਰਿਯਾਦਾ ਅਤੇ ਕੌਮੀ ਸਿਧਾਂਤਾ 'ਤੇ ਕਾਇਮ ਰਹੇ। ਪੰਥ, ਕੌਮ ਅਤੇ ਪੰਜਾਬ ਦੀ ਚੜ੍ਹਦੀ ਕਲ੍ਹਾ ਲਈ ਸਦਾ ਪ੍ਰੇਰਣਾ ਲੈਂਦੀ ਰਹੇ।" ਉਨ੍ਹਾਂ ਨੇ ਸਾਰੇ ਨਵ ਨਿਯੁਕਤ ਵਰਕਿੰਗ ਕਮੇਟੀ ਮੈਂਬਰਾਂ ਨੂੰ ਅਪੀਲ ਕੀਤੀ ਹੈ ਕਿ ਤੈਅ ਸਮੇਂ ਤੇ ਬਿਨਾਂ ਕਿਸੇ ਦੇਰੀ ਦੇ ਬੁਰਜ ਬਾਬਾ ਅਕਾਲੀ ਫੂਲਾ ਸਿੰਘ ਵਿਖੇ ਪਹੁੰਚਣ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਲੇਲੇਵਾਲਾ ਦੇ ਖੇਡ ਮੇਲੇ ਦੌਰਾਨ ਮੁੱਖ ਮਹਿਮਾਨ ਨੇ ਵੰਡੇ ਜੇਤੂ ਟੀਮਾਂ ਨੂੰ ਇਨਾਮ

## ਖੇਡਾਂ ਵਿਅਕਤੀ ਵਿੱਚ ਸਦਭਾਵਨਾ ਅਤੇ ਮਨੁੱਖਤਾ ਦੇ ਗੁਣ ਪੈਦਾ ਕਰਦੀਆਂ ਹਨ- ਗੋਪਾਲ ਕ੍ਰਿਸ਼ਨ ਬਾਂਸਲ



**ਤਲਵੰਡੀ ਸਾਬੋ, 5 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਨਜ਼ਦੀਕੀ ਪਿੰਡ ਲੇਲੇਵਾਲਾ ਵਿਖੇ ਸ਼ਹੀਦ ਊਧਮ ਸਿੰਘ ਸਪੋਰਟਸ ਐਂਡ ਵੈਲਫੇਅਰ ਕਲੱਬ ਵੱਲੋਂ ਨਗਰ ਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ 27ਵੇਂ ਟੂਰਨਾਮੈਂਟ ਵਿੱਚ ਅੱਜ ਕਬੱਡੀ ਖਿਡਾਰੀਆਂ ਦੇ ਫਸਵੇਂ ਮੁਕਾਬਲੇ ਹੋਏ ਜਿਸ ਵਿੱਚ ਬਹੁਤ ਸਾਰੀਆਂ ਟੀਮਾਂ ਨੇ ਹਿੱਸਾ ਲਿਆ। ਅੱਜ ਦੇ ਇਨਾਮ ਵੰਡ ਸਮਾਰੋਹ ਵਿੱਚ ਗੋਪਾਲ ਕ੍ਰਿਸ਼ਨ ਬਾਂਸਲ ਇੰਚਾਰਜ ਭਾਜਪਾ ਤਲਵੰਡੀ ਸਾਬੋ ਨੇ ਮੁੱਖ ਮਹਿਮਾਨ ਵਜੋਂ ਹਾਜ਼ਰੀ ਭਰੀ ਜਿਨ੍ਹਾਂ ਨਾਲ ਨਾਥਾ ਰਾਮ ਲੇਲੇਵਾਲਾ, ਲਛਮਣ ਦਾਸ ਠੇਕੇਦਾਰ, ਰਾਮ ਰੇਸ਼ਮ ਤੋਂ ਇਲਾਵਾ ਪਿੰਡ ਦਾ ਸਕਤੀ ਕੇਂਦਰ ਇੰਚਾਰਜ ਜਸਪਾਲ ਡਿੰਪੀ ਅਤੇ ਹੋਰ ਪਾਰਟੀ ਵਰਕਰ ਸਮਲ ਹੋਏ। ਕਲੱਬ ਵੱਲੋਂ ਮੌਕੇ ਤੇ ਹਾਜ਼ਰ ਭਾਜਪਾ ਆਗੂਆਂ ਦਾ ਸਨਮਾਨ ਕੀਤਾ ਗਿਆ ਅਤੇ ਪ੍ਰਧਾਨ ਮੰਤਰੀ ਜੀ ਦੇ ਜਨਮ ਦਿਨ ਤੇ ਮੁਬਾਰਕਾਂ ਦਿਦੇ ਹੋਏ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ ਗਿਆ ਅਤੇ ਸਰਕਾਰ ਦੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਖਿਡਾਰੀਆਂ ਅਤੇ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਨੇ ਕਿਹਾ ਕਿ ਖੇਡਾਂ ਵਿਅਕਤੀ ਅੰਦਰ ਸਦਭਾਵਨਾ ਅਤੇ ਮਨੁੱਖਤਾ ਦੇ ਗੁਣ ਪੈਦਾ ਕਰਦੀਆਂ ਹਨ ਜਿਸ ਨਾਲ ਸਮਾਜ ਵਿੱਚ ਸ਼ਾਂਤੀ ਅਤੇ ਤਰੱਕੀ ਦੇ ਦਰਵਾਜ਼ੇ ਖੁਲਦੇ ਹਨ। ਟੂਰਨਾਮੈਂਟ ਵਿੱਚ ਪਹੁੰਚੇ ਮੁੱਖ ਮਹਿਮਾਨ ਗੋਪਾਲ ਕ੍ਰਿਸ਼ਨ ਬਾਂਸਲ ਵੱਲੋਂ ਕਲੱਬ ਨੂੰ ਇੱਕੀ ਸੌ ਰੁਪਏ ਦੀ ਵਿੱਤੀ ਸਹਾਇਤਾ ਵੀ ਦਿੱਤੀ ਗਈ। ਇਸ ਮੌਕੇ ਕਲੱਬ ਅਹੁਦੇਦਾਰਾਂ ਤੋਂ ਇਲਾਵਾ ਖਿਡਾਰੀਆਂ ਦੀਆਂ ਟੀਮਾਂ ਅਤੇ ਵੱਡੀ ਗਿਣਤੀ ਦਰਸ਼ਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਸ਼ਾਲ ਖੂਨਦਾਨ ਕੈਂਪ ਆਯੋਜਿਤ

**ਖੰਨਾ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਮੂਹ ਗੁਪਤਾ ਪਰਿਵਾਰ ਵੱਲੋਂ ਸਵ: ਅਨਿਲ ਗੁਪਤਾ ਦੀ ਨਿੱਘੀ ਯਾਦ ਵਿਚ ਵਿਕਾਸ ਗੁਪਤਾ ਤੇ ਵਿਸ਼ਾਲ ਗੁਪਤਾ ਦੀ ਦੇਖ ਰੇਖ ਹੇਠ ਮਹਾਕਾਲ ਬੱਲਡ ਸੇਵਾ ਦੇ ਸਹਿਯੋਗ ਨਾਲ ਅੱਜ ਖੰਨਾ ਨਰਸਿੰਗ ਹੋਮ ਜੀਟੀ ਰੋਡ ਖੰਨਾ ਵਿਖੇ ਇਕ ਵਿਸ਼ਾਲ ਖੂਨਦਾਨ ਕੈਂਪ ਆਯੋਜਿਤ ਕੀਤਾ ਗਿਆ। ਇਸ ਮੌਕੇ ਜਿਥੇ ਸ਼ਹਿਰ ਦੀਆਂ ਸਮਾਜਕ, ਰਾਜਨਤੀਕ ਸ਼ਖਸੀਅਤਾਂ ਨੇ ਸ਼ਮੂਲੀਅਤ ਕੀਤੀ ਉਥੇ ਨੌਜਵਾਨ ਤੇ ਸਥਾਨਕ ਲੋਕ ਵੱਡੀ ਗਿਣਤੀ ਵਿੱਚ ਪਹੁੰਚੇ। ਕੈਂਪ ਦੌਰਾਨ ਭਾਜਪਾ ਪੰਜਾਬ ਦੇ ਸੂਬਾ ਬੁਲਾਰੇ ਇਕਬਾਲ ਸਿੰਘ ਚੰਨੀ, ਸ਼੍ਰੀ ਹਿੰਦੂ ਤਖਤ ਤੇ ਵੱਖ ਵੱਢ ਹਿੰਦੂ ਸੰਗਠਨਾਂ ਦੇ ਮੀਡੀਆ ਸਲਾਹਕਾਰ ਤੇ ਏ ਐਸ ਮੈਨੇਜਮੈਂਟ ਦੇ ਸਾਬਕਾ ਪ੍ਰਧਾਨ ਸ਼ਿਮੰਦਰ ਸਿੰਘ ਮਿੰਟੂ ਨੇ ਉਚੇਚੇ ਤੌਰ 'ਤੇ ਪੁੱਜ ਕੇ ਖੂਨਦਾਨੀਆਂ ਦੀ ਹੌਂਸਲਾ ਅਫਜਾਈ ਕੀਤੀ। ਕੈਂਪ ਵਿੱਚ ਬਲੱਡ ਬੈਂਕ ਦੀ ਡਾਕਟਰੀ ਟੀਮ ਵੱਲੋਂ ਖੂਨਦਾਤਾਵਾਂ ਦੀ ਸਿਹਤ ਦੀ ਜਾਂਚ ਕੀਤੀ ਗਈ ਤੇ ਸੁਰੱਖਿਅਤ ਤਰੀਕੇ ਨਾਲ ਖੂਨ ਇਕੱਤਰ ਕੀਤਾ ਗਿਆ। ਪੁੱਜੀਆਂ ਸ਼ਖਸੀਅਤਾਂ ਨੇ ਕਿਹਾ ਕਿ ਖੂਨਦਾਨ ਇਕ ਮਹਾਨ ਮਨੁੱਖੀ ਸੇਵਾ ਹੈ ਜੋ ਕਈ ਜਿੰਦਗੀਆਂ ਬਚਾ ਸਕਦੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਤਰ੍ਹਾਂ ਦੇ ਸੇਵਾ ਕਾਰਜਾਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ। ਕੈਂਪ ਦੇ ਅੰਤ ਵਿਚ ਖੂਨਦਾਤਾਵਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਕੈਂਪ ਅਯੋਜਕ ਵਿਕਾਸ ਗੁਪਤਾ ਤੇ ਵਿਸ਼ਾਲ ਗੁਪਤਾ ਨੇ ਖੂਨਦਾਨੀਆਂ ਤੇ ਪੁੱਜੀਆਂ ਸ਼ਖਸੀਅਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਰਾਹੁਲ ਗਰਗ ਬਾਵਾ, ਰਾਹੁਲ ਸ਼ਰਮਾ, ਨਾਗੇਸ਼ ਗੋਇਲ, ਸੰਦੀਪ ਸਿੰਘ ਵਾਲੀਆ, ਰਵੀ ਵਰਮਾ, ਅਰੁਣ ਸ਼ਰਮਾ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਡੇਰਾ ਬਿਆਸ ਮੁਖੀ ਨੇ ਅੱਜ ਗੁਰਦੁਆਰਾ ਦਾਦੂ ਸਾਹਿਬ ਵਿਖੇ ਟੇਕਿਆ ਮੱਥਾ ਅਤੇ

# ਜਥੇਦਾਰ ਦਾਦੂਵਾਲ ਨਾਲ ਕੀਤੀ ਮੁਲਾਕਾਤ



**ਤਲਵੰਡੀ ਸਾਬੋ, 05 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਅੰਤਰਰਾਸ਼ਟਰੀ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦਾ ਮੁੱਖ ਅਸਥਾਨ ਹੈ ਜੋ ਇਲਾਕੇ ਵਿੱਚ ਸਿੱਖੀ ਪ੍ਰਚਾਰ ਦਾ ਕੇਂਦਰ ਹੈ ਅਤੇ ਇੱਥੋਂ ਹੀ ਜਥੇਦਾਰ ਦਾਦੂਵਾਲ ਨੇ 1997 ਵਿੱਚ ਸਿੱਖ ਧਰਮ ਦਾ ਪ੍ਰਚਾਰ ਪ੍ਰਸਾਰ ਸ਼ੁਰੂ ਕਰਕੇ ਪੂਰੀ ਦੁਨੀਆਂ ਵਿੱਚ ਪ੍ਰਚਾਰ ਕੀਤਾ। ਅੱਜ ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨੇ ਗੁਰਦੁਆਰਾ ਦਾਦੂ ਸਾਹਿਬ ਵਿਖੇ ਮੱਥਾ ਟੇਕਿਆ। ਇਸ ਸਮੇਂ ਉਨਾਂ ਦੇ ਉੱਤਰਾਧਿਕਾਰੀ

ਆਵਾਜ਼ਿ ਕੌਮ AWAZE QAUM International Newspaper & WEB TV

ਹਜ਼ੂਰ ਜਸਦੀਪ ਸਿੰਘ ਗਿੱਲ ਵੀ ਨਾਲ ਸਨ। ਤਕਰੀਬਨ ਇਕ ਘੰਟਾ ਉਹ ਗੁਰਦੁਆਰਾ ਸਾਹਿਬ ਵਿਖੇ ਰੁਕੇ। ਇਸ ਸਮੇਂ ਵੱਡੀ ਗਿਣਤੀ ਵਿੱਚ ਇਲਾਕੇ 'ਚੋਂ ਸੰਗਤਾਂ ਵੀ ਪੁੱਜੀਆਂ ਹੋਈਆਂ ਸਨ। ਮੀਡੀਆ ਵਲੋਂ ਸੰਪਰਕ ਕਰਨ 'ਤੇ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਜਦੋਂ ਵੀ ਡੇਰਾ ਬਿਆਸ ਮੁਖੀ ਸਿਰਸਾ ਇਲਾਕੇ ਵਿੱਚ ਆਉਂਦੇ ਹਨ ਤਾਂ ਅਕਸਰ ਉਹ ਗੁਰਦੁਆਰਾ ਦਾਦੂ ਸਾਹਿਬ ਵਿਖੇ ਮੱਥਾ ਟੇਕ ਕੇ ਹੀ ਜਾਂਦੇ ਹਨ ਇਸ ਦਾ ਕੋਈ ਹੋਰ ਅਰਥ ਨਹੀਂ ਕੱਢਣਾ ਚਾਹੀਦਾ।

### ਟਰੰਪ ਸਰਕਾਰ ਸੈਨਾ ਵਿੱਚ ਦਾੜ੍ਹੀ ਰੱਖਣ 'ਤੇ

# ਲਗਾਈ ਰੋਕ 'ਤੇ ਮੁੜ ਵਿਚਾਰ ਕਰੇ : ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਅਮਰੀਕੀ ਟਰੰਪ ਸਰਕਾਰ ਵੱਲੋਂ ਸੈਨਾ ਵਿੱਚ ਦਾੜ੍ਹੀ ਰੱਖਣ 'ਤੇ ਰੋਕ ਲਗਾਉਣ ਦੇ ਭੇਦਭਾਵ ਪੂਰਨ ਤੇ ਅਪਮਾਨਜਨਕ ਫ਼ੈਸਲੇ

ਆਵਾਜ਼ਿ ਕੌਮ AWAZE QAUM International Newspaper & WEB TV

ਨੂੰ ਅਮਰੀਕਾ ਵਰਗੇ ਲੋਕਤੰਤਰਿਕ ਦੇਸ਼ ਵਿੱਚ ਧਾਰਮਿਕ ਸੁਤੰਤਰਤਾ ਅਤੇ ਨਾਗਰਿਕ ਅਧਿਕਾਰਾਂ 'ਤੇ ਸਿੱਧਾ ਹਮਲਾ ਕਰਾਰ ਦਿੱਤਾ ਹੈ। ਉਹਨਾਂ ਟਰੰਪ ਸਰਕਾਰ ਨੂੰ ਅਪੀਲ ਕੀਤੀ ਕਿ ਦਾੜ੍ਹੀ ਰੱਖਣ ਵਾਲੇ ਭਾਈਚਾਰਿਆਂ, ਖ਼ਾਸ ਕਰਕੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਆਦਰ ਕਰਦਿਆਂ ਇਸ ਫ਼ੈਸਲੇ 'ਤੇ ਤੁਰੰਤ ਮੁੜ ਵਿਚਾਰ ਕੀਤਾ ਜਾਵੇ। ਪ੍ਰੋ. ਖਿਆਲਾ ਨੇ ਇਸ ਮਾਮਲੇ ਵਿੱਚ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੂੰ ਸਿੱਖ ਸਰੋਕਾਰਾਂ ਦੀ ਰੱਖਿਆ ਲਈ ਤੁਰੰਤ ਦਖ਼ਲ ਦੇਣ ਦੀ ਅਪੀਲ ਕੀਤੀ ਹੈ। ਉਹਨਾਂ ਕਿਹਾ ਕਿ ਭਾਵੇਂ ਅਮਰੀਕੀ ਸਰਕਾਰ ਨੇ ਇਸ ਆਦੇਸ਼ ਨੂੰ 60 ਦਿਨਾਂ ਵਿੱਚ ਲਾਗੂ ਕਰਨ ਦੀ ਗੱਲ ਕਹੀ ਹੈ ਅਤੇ ਪਰ ਕੁਝ ਸਪੈਸ਼ਲ ਫੋਰਸ ਯੂਨਿਟਾਂ ਨੂੰ ਇਸ ਤੋਂ ਛੋਟ ਦਿੱਤੀ ਹੈ, ਇਸ ਲਈ ਸਿੱਖ ਸੈਨਿਕਾਂ ਲਈ ਵਿਸ਼ੇਸ਼ ਛੋਟ ਦੀ ਵਿਵਸਥਾ ਦਾ ਲਾਭ ਜ਼ਰੂਰ ਲਿਆ ਜਾ ਸਕਦਾ ਹੈ, ਕਿਉਂਕਿ ਦਾੜ੍ਹੀ ਰੱਖਣਾ ਸਿੱਖ ਧਾਰਮਿਕ ਮਰਿਆਦਾ ਅਨੁਸਾਰ ਅਟੁੱਟ ਅੰਗ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ 2010 ਤੋਂ ਹੁਣ ਤੱਕ ਜਾਰੀ ਧਾਰਮਿਕ ਸੁਤੰਤਰਤਾ ਦੇ ਅਧਿਕਾਰਾਂ ਦੇ ਅਧੀਨ ਦਿੱਤੀ ਛੋਟ ਦੇ ਖ਼ਤਮ ਹੋਣ ਨਾਲ ਉਹ ਸਿੱਖ ਸੈਨਿਕ ਬਹੁਤ ਪ੍ਰਭਾਵਿਤ ਹੋਣਗੇ ਜੋ ਆਪਣੇ ਧਾਰਮਿਕ ਵਿਸ਼ਵਾਸ ਅਨੁਸਾਰ ਦਾੜ੍ਹੀ ਰੱਖਦੇ ਹਨ। ਉਹਨਾਂ ਕਿਹਾ, "ਦਾੜ੍ਹੀ ਅਤੇ ਪਗੜੀ ਸਿੱਖਾਂ ਦੀ ਧਾਰਮਿਕ ਪਹਿਚਾਣ ਹੈ। ਕੇਸਾਂ ਦਾ ਸਤਿਕਾਰ ਸਿੱਖ ਧਰਮ ਦੇ ਮੂਲ ਸਿਧਾਂਤਾਂ ਵਿੱਚੋਂ ਹੈ। ਇਸ ਨੂੰ ਖੋਹਣਾ ਧਾਰਮਿਕ ਸੁਤੰਤਰਤਾ ਦਾ ਉਲੰਘਣ ਹੈ।" ਉਹਨਾਂ ਅੱਗੇ ਕਿਹਾ ਕਿ ਇਹ ਫ਼ੈਸਲਾ ਸਿੱਖ ਸੈਨਿਕਾਂ ਨੂੰ ਧਾਰਮਿਕ ਵਿਸ਼ਵਾਸ ਅਤੇ ਦੇਸ਼ ਸੇਵਾ ਵਿਚੋਂ ਕਿਸੇ ਇੱਕ ਨੂੰ ਚੁਣਨ ਲਈ ਮਜਬੂਰ ਕਰੇਗਾ, ਜੋ ਬਹੁਤ ਦੁਖਦਾਈ ਤੇ ਅਨੁਚਿਤ ਹੈ। ਇਤਿਹਾਸਿਕ ਪੱਖ ਦਾ ਜ਼ਿਕਰ ਕਰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਭਾਵੇਂ 2010 ਤੋਂ ਪਹਿਲਾਂ ਸਿੱਖ ਸੈਨਿਕਾਂ ਨੂੰ ਫ਼ੌਜ ਵਿੱਚ ਦਾੜ੍ਹੀ ਅਤੇ ਪਗੜੀ ਦੀ ਇਜਾਜ਼ਤ ਨਹੀਂ ਸੀ, ਪਰ ਇਹ ਅਧਿਕਾਰ ਉਹਨਾਂ ਨੇ ਲੰਬੀ ਕਾਨੂੰਨੀ ਲੜਾਈ ਅਤੇ ਮਾਨਵ ਅਧਿਕਾਰ ਅਭਿਆਨ ਤੋਂ ਬਾਅਦ ਹਾਸਲ ਕੀਤਾ ਸੀ। ਕਈ ਸਿੱਖ ਸੈਨਿਕਾਂ ਨੇ ਅਦਾਲਤਾਂ ਅਤੇ ਕਾਂਗਰਸ ਸਾਹਮਣੇ ਆਪਣੀਆਂ ਦਲੀਲਾਂ ਮਜ਼ਬੂਤੀ ਨਾਲ ਰੱਖੀਆਂ, ਹੌਲੀ ਹੌਲੀ ਅਦਾਲਤਾਂ ਨੇ ਵੀ ਸਿੱਖ ਸੈਨਿਕਾਂ ਨੂੰ ਵਿਅਕਤੀਗਤ ਛੂਟ ਦੇ ਤਹਿਤ ਆਪਣੀ ਪਹਿਚਾਣ ਬਣਾਏ ਰੱਖਦੇ ਹੋਏ ਸੈਨਾ ਵਿੱਚ ਸ਼ਾਮਲ ਹੋਣ ਦੀ ਆਗਿਆ ਦਿੱਤੀ, ਜਿਸ ਦੇ ਨਤੀਜੇ ਵਜੋਂ 2017 ਵਿੱਚ ਅਮਰੀਕੀ ਰੱਖਿਆ ਵਿਭਾਗ ਵੱਲੋਂ ਇਸ ਨੂੰ ਅਧਿਕਾਰਕ ਰੂਪ ਵਿੱਚ ਸਵੀਕਾਰ ਕਰਦਿਆਂ ਧਾਰਮਿਕ ਸਮਾਨਤਾ ਵੱਲ ਇਤਿਹਾਸਿਕ ਕਦਮ ਪੁੱਟਿਆ ਗਿਆ ਸੀ। ਉਹਨਾਂ ਕਿਹਾ ਕਿ ਅਜੇ ਤੱਕ ਅਮਰੀਕੀ ਸਰਕਾਰ ਕਿਸੇ ਵੀ ਅਦਾਲਤ ਵਿੱਚ ਇਹ ਸਿੱਧ ਨਹੀਂ ਕਰ ਸਕੀ ਕਿ ਦਾੜ੍ਹੀ ਰੱਖਣ ਨਾਲ ਸੈਨਾ ਦੀ ਸੁਰੱਖਿਆ ਜਾਂ ਕਾਰਗੁਜ਼ਾਰੀ ਨੂੰ ਕੋਈ ਨੁਕਸਾਨ ਹੁੰਦਾ ਹੈ। ਇਸ ਮੌਕੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਅਮਰੀਕਾ ਤੇ ਕੈਨੇਡਾ ਵਰਗੇ ਦੇਸ਼ਾਂ ਵਿੱਚ ਸਰਗਰਮ ਅਖੌਤੀ "ਸਿੱਖ ਫ਼ਾਰ ਜਸਟਿਸ" ਦੇ ਗੁਰ ਪਤਵੰਤ ਪੰਨੂ ਅਤੇ ਹੋਰ ਖ਼ਾਲਿਸਤਾਨੀ ਧਿਰਾਂ ਨੂੰ ਵੀ ਕਟਹਿਰੇ 'ਚ ਖੜ੍ਹਾ ਕੀਤਾ। ਉਹਨਾਂ ਕਿਹਾ ਕਿ ਇਹ ਲੋਕ ਭਾਰਤ ਵਿਰੁੱਧ ਜ਼ਿਹਰ ਉਗਲ ਕੇ ਸਿਆਸੀ ਰੋਟੀਆਂ ਸੇਕਣ ਵਾਲੇ ਧੋਖੇਬਾਜ਼ ਹਨ, ਜਿਨ੍ਹਾਂ ਦਾ ਪੰਜਾਬ ਜਾਂ ਸਿੱਖਾਂ ਨਾਲ ਕੋਈ ਅਸਲੀ ਸਰੋਕਾਰ ਨਹੀਂ। ਉਹਨਾਂ ਸਵਾਲ ਕੀਤਾ ਕਿ, "ਜਦੋਂ ਇਹਨਾਂ ਦੀ ਚਹੇਤੀ ਟਰੰਪ ਸਰਕਾਰ ਸਿੱਖ ਸੈਨਿਕਾਂ ਤੋਂ ਦਾੜ੍ਹੀ ਅਤੇ ਪਗੜੀ ਦਾ ਹੱਕ ਖੋਹ ਰਹੀ ਹੈ, ਤਾਂ ਇਹ ਲੋਕ ਖ਼ਾਮੋਸ਼ ਕਿਉਂ ਹਨ?" ਉਹਨਾਂ ਯਾਦ ਦਿਵਾਇਆ ਕਿ ਜਦੋਂ ਅਮਰੀਕਾ ਤੋਂ ਸਾਡੇ ਬੱਚਿਆਂ ਦੀਆਂ ਪੱਗਾਂ ਲਾਹ ਕੇ ਉਨ੍ਹਾਂ ਨੂੰ ਅਪਰਾਧੀਆਂ ਵਾਂਗ ਹੱਥਕੜੀਆਂ ਤੇ ਬੇੜੀਆਂ ਪਾ ਕੇ ਅਪਮਾਨਜਨਕ ਤਰੀਕੇ ਨਾਲ ਪੰਜਾਬ ਭੇਜਿਆ ਜਾ ਰਿਹਾ ਸੀ, ਤਦ ਵੀ ਇਹ ਧਿਰਾਂ ਚੁੱਪ ਰਹੀਆਂ। ਕੁਝ ਦਿਨ ਪਹਿਲਾਂ ਇੱਕ ਬਜ਼ੁਰਗ ਸਿੱਖ ਔਰਤ ਨੂੰ ਹੱਥਕੜੀਆਂ ਪਾ ਕੇ ਦੇਸ਼ ਨਿਕਾਲਾ ਦਿੱਤਾ ਗਿਆ, ਪਰ ਉਹਨਾਂ ਦੇ ਮੂੰਹੋਂ ਇੱਕ ਸ਼ਬਦ ਨਹੀਂ ਨਿਕਲਿਆ। ਪ੍ਰੋ. ਖਿਆਲਾ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਬੈਠੇ ਸਿੱਖ ਭਾਈਚਾਰੇ ਨੂੰ ਹੁਣ ਇਹਨਾਂ ਦੇ ਅਸਲੀ ਚਿਹਰੇ ਪਛਾਣਨੇ ਤੇ ਸਮਝਣੇ ਚਾਹੀਦੇ ਹਨ, ਕਿਉਂਕਿ ਇਹ ਲੋਕ ਸਿੱਖਾਂ ਦੀ ਧਾਰਮਿਕ ਪਹਿਚਾਣ ਦੇ ਸੱਚੇ ਹਾਮੀ ਨਹੀਂ, ਸਿਰਫ਼ ਆਪਣੇ ਸਿਆਸੀ ਫ਼ਾਇਦਿਆਂ ਲਈ ਸਿੱਖ ਨਾਂ ਦਾ ਦੁਰਉਪਯੋਗ ਕਰ ਰਹੇ ਹਨ।



**ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੂੰ ਸਿੱਖ ਸਰੋਕਾਰਾਂ ਲਈ ਤੁਰੰਤ ਦਖ਼ਲ ਦੀ ਅਪੀਲ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਜੰਡਿਆਲਾ ਹਲਕੇ ਵਿੱਚ 3.80 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦਾ ਉਦਘਾਟਨ

### ਛੇ ਮਹੀਨਿਆਂ ਦੇ ਅੰਦਰ ਬਣ ਕੇ ਤਿਆਰ ਹੋਣਗੀਆਂ ਇਹ ਲਿੰਕ ਸੜਕਾਂ -ਈ ਟੀ ਓ



**ਜੰਡਿਆਲਾ ਗੁਰੂ , 5 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਲੋਕ ਨਿਰਮਾਣ ਵਿਭਾਗ ਦੇ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਅੱਜ ਜੰਡਿਆਲਾ ਗੁਰੂ ਹਲਕੇ ਦੇ ਪਿੰਡ ਕੁਹਾਟਵਿੰਡ ਹਿੰਦੂਆਂ, ਨੰਗਲੀ , ਮਹਿਤਾ, ਖੱਬੇ ਰਾਜਪੂਤਾਂ ਵਿਖੇ ਕਰੀਬ ਪੌਣੇ ਚਾਰ ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦੇ ਨੀਂਹ ਪੱਥਰ ਰੱਖੇ। ਇੰਨਾਂ ਸੜਕਾਂ ਦੀ ਲੰਬਾਈ ਲਗਪਗ 20.45 ਕਿਲੋਮੀਟਰ ਹੈ ਅਤੇ ਲੱਗਪਗ 3 ਕਰੋੜ 80 ਲੱਖ ਰੁਪਏ ਦੀ ਲਾਗਤ ਨਾਲ ਬਣ ਕੇ ਤਿਆਰ ਹੋਣਗੀਆਂ। ਇਸ ਮੌਕੇ ਪਿੰਡਾਂ ਵਿੱਚ ਹੋਏ ਪ੍ਰਭਾਵਸ਼ਾਲੀ ਇਕੱਠਾਂ ਨੂੰ ਸੰਬੋਧਨ ਕਰਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਹਲਕੇ ਵਿਚ ਵਿਕਾਸ ਦੇ ਨਾਮ ਤੇ ਵੋਟਾਂ ਮੰਗਾਂਗੇ। ਉਨਾਂ ਪਿਛਲੇ ਸਮੇਂ ਰਾਜ ਕਰਦੀਆਂ ਰਹੀਆਂ ਸਰਕਾਰਾਂ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਸ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਹਲਕੇ ਦਾ ਵੱਧ ਵਿਕਾਸ ਅਤੇ ਹੁਣ ਤੱਕ ਦੀਆਂ ਸਭ ਤੋਂ ਤੇ ਵੱਧ ਗਰਾਂਟਾਂ ਦਿੱਤੀਆਂ ਗਈਆਂ ਹਨ। ਉਂਨਾਂ ਕਿਹਾ ਕਿ ਮੈਂ ਆਪਣੇ ਹਲਕੇ ਵਿੱਚ ਕੋਈ ਵੀ ਸਰਕਾਰੀ ਸਕੂਲ ਅਜਿਹਾ ਨਹੀਂ ਰਹਿਣ ਦਿੱਤਾ , ਜਿਸ ਵਿੱਚ ਉਹਨਾਂ ਦੀ ਜਰੂਰਤ ਅਨੁਸਾਰ ਲੋੜਾਂ ਪੂਰੀਆਂ ਨਹੀਂ ਕੀਤੀਆਂ ਗਈਆਂ। ਇਸ ਤੋਂ ਇਲਾਵਾ ਹਲਕੇ ਦੀਆਂ ਬਹੁਤੀਆਂ ਸੜਕਾਂ ਚੌੜੀਆਂ ਬਣਾਈਆਂ ਜਾ ਰਹੀਆਂ ਹਨ ਅਤੇ ਬਾਕੀ ਸੜਕਾਂ ਵੀ ਨਵੀਆਂ ਬਣ ਰਹੀਆਂ ਹਨ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਜਿਨਾਂ ਵਾਅਦਿਆਂ ਨਾਲ ਸੱਤਾ ਵਿੱਚ ਆਈ ਸੀ, ਉਨਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਸ ਹਰਭਜਨ ਸਿੰਘ ਨੇ ਕਿਹਾ ਕਿ ਅਸੀਂ ਇਹਨਾਂ ਕੰਮਾਂ ਦੇ ਆਧਾਰ ਉੱਤੇ ਹੀ ਲੋਕਾਂ ਦੀ ਕਚਹਿਰੀ ਵਿੱਚ ਜਾਵਾਂਗੇ ਅਤੇ ਵੱਡੀ ਫਰਕ ਨਾਲ ਮੁੜ ਜਿੱਤ ਪ੍ਰਾਪਤ ਕਰਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪ੍ਰਧਾਨ ਝੀਂਡਾ ਕਾਲਾ ਦਿਵਸ ਮਨਾਉਣ ਸਮੇਂ ਗੁਰੂ ਕੀ ਗੋਲਕ ਅਤੇ ਮੁਲਾਜਮਾਂ ਦੀ ਦੁਰਵਰਤੋਂ ਕਰਨ ਦਾ ਜਾਂਚ ਵਿੱਚ ਪਾਇਆ ਗਿਆ ਦੋਸ਼ੀ - ਸਬ ਕਮੇਟੀ



**ਚੰਡੀਗੜ੍ਹ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਵੱਲੋਂ 26 ਜੂਨ 2025 ਨੂੰ ਤਤਕਾਲੀ ਪ੍ਰਧਾਨ ਮੰਤਰੀ ਵੱਲੋਂ ਭਾਰਤ ਦੇਸ਼ ਵਿੱਚ ਸੰਨ 1975 ਸਮੇਂ ਲਗਾਈ ਐਮਰਜੈਂਸੀ ਦੇ ਖਿਲਾਫ ਕੁਰੂਕਸ਼ੇਤਰਾ ਯੂਨੀਵਰਸਿਟੀ ਵਿੱਚ ਕਾਲਾ ਦਿਵਸ ਕਮੇਟੀ ਮੈਂਬਰਾਂ ਦੇ ਵਿਰੋਧ ਕਰਨ ਦੇ ਬਾਵਜੂਦ ਨਿੱਜੀ ਤੌਰ ਤੇ ਮਨਾਇਆ ਗਿਆ ਸੀ ਜਿਸ ਨੂੰ ਮਨਾਉਣ ਤੋਂ ਬਾਅਦ ਪ੍ਰਧਾਨ ਝੀਂਡਾ ਨੇ ਮੀਡੀਆ ਵਿੱਚ ਅਨਾਊਂਸ ਕੀਤਾ ਸੀ ਕੇ ਕਾਲਾ ਦਿਵਸ ਸਮਾਗਮ ਵਿੱਚ ਗੁਰੂ ਕੀ ਗੋਲਕ ਦਾ ਇੱਕ ਰੁਪਈਆ ਵੀ ਖਰਚ ਨਹੀਂ ਕੀਤਾ ਅਤੇ ਨਾ ਹੀ ਹਰਿਆਣਾ ਕਮੇਟੀ ਦੇ ਮੁਲਾਜ਼ਮਾਂ ਗੱਡੀਆਂ ਕਾਰਾਂ ਦੀ ਵਰਤੋਂ ਕੀਤੀ ਗਈ ਹੈ ਪ੍ਰਧਾਨ ਝੀਂਡਾ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਕਿਹਾ ਸੀ ਕੇ ਕਾਲਾ ਦਿਵਸ ਸਮਾਗਮ ਉੱਤੇ ਹੋਇਆ ਖਰਚ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਤੋਂ ਨਿੱਜੀ ਤੌਰ ਤੇ ਇਕੱਤਰ ਕੀਤਾ ਗਿਆ ਸੀ ਜਿਸ ਤੋਂ ਬਾਅਦ ਹਰਿਆਣਾ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਰਾਮਸਰ ਵੱਲੋਂ ਇੱਕ 5 ਮੈਂਬਰੀ ਸਬ ਕਮੇਟੀ ਕਾਲਾ ਦਿਵਸ ਸਮਾਗਮ ਤੇ ਹੋਏ ਖਰਚ ਦੀ ਜਾਂਚ ਪੜਤਾਲ ਵਾਸਤੇ ਹਰਿਆਣਾ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਗੁਰਵੀਰ ਸਿੰਘ ਤਲਾਕੌਰ ਦੀ ਅਗਵਾਈ ਵਿੱਚ ਬਣਾਈ ਗਈ ਸੀ ਜਿਸ ਵਿੱਚ ਕਮੇਟੀ ਦੇ ਸੀਨੀਅਰ ਮੈਂਬਰ ਜੋਗਾ ਸਿੰਘ ਯਮੁਨਾਨਗਰ ਮੈਂਬਰ,ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ,ਬਲਵਿੰਦਰ ਸਿੰਘ ਭਿੰਡਰ ਮੀਤ ਸਕੱਤਰ,ਗੁਰਤੇਜ ਸਿੰਘ ਅੰਬਾਲਾ ਮੈਂਬਰ ਸ਼ਾਮਲ ਸਨ ਸਬ ਕਮੇਟੀ ਦੇ ਮੁਖੀ ਗੁਰਬੀਰ ਸਿੰਘ ਤਲਾਕੌਰ ਜੂਨੀਅਰ ਮੀਤ ਪ੍ਰਧਾਨ ਨੇ ਪੂਰੀ ਗੰਭੀਰਤਾ ਨਾਲ ਕੀਤੀ ਗਈ ਜਾਂਚ ਪੜਤਾਲ ਦੀ ਰਿਪੋਰਟ ਅੱਜ ਸਬੂਤਾਂ ਸਮੇਤ ਹਰਿਆਣਾ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਰਾਮਸਰ ਨੂੰ ਸੌਂਪ ਦਿੱਤੀ ਹੈ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕੇ ਸਬ ਕਮੇਟੀ ਵੱਲੋਂ ਜਾਂਚ ਪੜਤਾਲ ਦੀ ਪੇਸ਼ ਕੀਤੀ ਰਿਪੋਰਟ ਵਿੱਚ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੂੰ ਦੋਸ਼ੀ ਪਾਇਆ ਗਿਆ ਹੈ ਸਬ ਕਮੇਟੀ ਨੇ ਪੂਰੇ ਸਬੂਤਾਂ ਸਮੇਤ ਰਿਪੋਰਟ ਵਿੱਚ ਜਾਣਕਾਰੀ ਦਿੱਤੀ ਹੈ ਕਿ ਪ੍ਰਧਾਨ ਝੀਂਡਾ ਨੇ ਕਿਵੇਂ ਗੁਰੂ ਕੀ ਗੋਲਕ,ਗੱਡੀਆਂ ਅਤੇ ਮੁਲਾਜ਼ਮਾਂ ਦੀ ਦੁਰਵਰਤੋਂ ਕੀਤੀ ਹੈ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਕੋਲੋਂ ਬੇਹਿਸਾਬ ਪੈਸਾ ਇਕੱਤਰ ਕੀਤਾ ਹੈ ਰਾਮਸਰ ਨੇ ਦੱਸਿਆ ਕੇ ਕਾਲਾ ਦਿਵਸ ਉਤੇ ਆਏ ਖਰਚ 766220 ਰੁਪਏ ਦਾ ਤਾਂ ਪ੍ਰਧਾਨ ਝੀਂਡਾ ਨੇ ਖੁਦ ਮੀਡੀਆ ਵਿੱਚ ਮੰਨਿਆ ਹੈ ਬਾਕੀ ਇਕੱਤਰ ਕੀਤੇ ਗਏ ਪੈਸੇ ਦਾ ਕੋਈ ਹਿਸਾਬ ਕਿਤਾਬ ਨਹੀਂ ਹੈ ਜੋ ਸਿੱਧਾ ਸਿੱਧਾ ਪ੍ਰਧਾਨਗੀ ਦੇ ਅਹੁਦੇ ਦੀ ਦੁਰਵਰਤੋਂ ਅਤੇ ਭ੍ਰਿਸ਼ਟਾਚਾਰ ਹੈ ਰਾਮਸਰ ਨੇ ਕਿਹਾ ਕੇ ਹੁਣ ਸਿੱਖ ਸੰਗਤਾਂ ਫੈਸਲਾ ਕਰਨ ਕੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਸਰਾਸਰ ਝੂਠ ਬੋਲ ਕੇ ਸਿੱਖ ਸੰਗਤਾਂ ਨੂੰ ਗੁੰਮਰਾਹ ਕੀਤਾ ਸੀ ਗੁਰੂ ਕੀ ਗੋਲਕ,ਗੱਡੀਆਂ ਮੁਲਾਜ਼ਮਾਂ ਪੈਸੇ ਦੀ ਦੁਰਵਰਤੋਂ ਕਰਨ ਦਾ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਸਿੱਧਾ ਦੋਸ਼ੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ

# ਸ. ਜਸਜੀਤ ਸਿੰਘ ਸਮੁੰਦਰੀ ਦੇ ਅਕਾਲ ਚਲਾਣੇ ਉੱਤੇ ਡੂੰਘਾ ਦੁੱਖ ਤੇ ਸਨੇਹ



**ਅੰਮ੍ਰਿਤਸਰ/ਨਵੀਂ ਦਿੱਲੀ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੰਸਥਾਪਕ ਆਗੂ ਮਰਹੂਮ ਸ. ਤੇਜਾ ਸਿੰਘ ਸਮੁੰਦਰੀ ਦੇ ਪੋਤਰੇ ਅਤੇ ਜੰਗਲਾਤ ਵਿਭਾਗ ਦੇ ਸਾਬਕਾ ਅਧਿਕਾਰੀ ਸ. ਜਸਜੀਤ ਸਿੰਘ ਸਮੁੰਦਰੀ ਦੇ ਦੇਹਾਂਤ ਉੱਤੇ ਡੂੰਘਾ ਦੁੱਖ ਪ੍ਰਗਟ ਕਰਦੇ ਹੋਏ ਉਨ੍ਹਾਂ ਦੀ ਧਰਮ ਪਤਨੀ ਸ਼੍ਰੀਮਤੀ ਪ੍ਰੀਤਿੰਦਰ ਕੌਰ ਸੰਧੂ ਅਤੇ ਭਰਾ ਸਾਬਕਾ ਰਾਜਦੂਤ ਅਤੇ ਭਾਜਪਾ ਆਗੂ ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਅਤੇ ਸਮੂਹ ਪਰਿਵਾਰ ਨਾਲ ਦਿਲੋਂ ਸਨੇਹ ਤੇ ਸੰਵੇਦਨਾਵਾਂ ਪ੍ਰਗਟ ਕੀਤੀਆਂ ਹਨ।

ਇਸ ਬਾਰੇ ਜਾਣਕਾਰੀ ਦਿੰਦਿਆਂ ਭਾਜਪਾ ਪੰਜਾਬ ਦੇ ਬੁਲਾਰੇ ਪ੍ਰੋ.ਸਰਚਾਂਦ ਸਿੰਘ ਖਿਆਲਾ ਨੇ ਦੱਸਿਆ ਕਿ ਸਰਦਾਰ ਤੇਜਾ ਸਿੰਘ ਸਮੁੰਦਰੀ ਗੁਰਦੁਆਰਾ ਸੁਧਾਰ ਲਹਿਰ ਦੇ ਇੱਕ ਬਹੁਤ ਹੀ ਸਤਿਕਾਰਯੋਗ ਨੇਤਾ ਸਨ, ਜਿਨ੍ਹਾਂ ਨੇ ਗੁਰਦੁਆਰਿਆਂ ਦਾ ਜਮਹੂਰੀ ਕਰਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਕੀਤੀ। ਸ. ਸਮੁੰਦਰੀ ਦੀ ਮੌਤ 40 ਦੇ ਦਹਾਕੇ ਦੇ ਸ਼ੁਰੂ ਵਿੱਚ ਲਾਹੌਰ ਜੇਲ੍ਹ ਵਿੱਚ ਬ੍ਰਿਟਿਸ਼ ਹਿਰਾਸਤ ਵਿੱਚ ਹੋਈ ਸੀ। ਉਨ੍ਹਾਂ ਦੀ ਸੇਵਾ ਅਤੇ ਕੁਰਬਾਨੀ ਦੀ ਮਾਨਤਾ ਵਜੋਂ ਸਿੱਖ ਭਾਈਚਾਰੇ ਨੇ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਦਾ ਨਾਮ ਤੇਜਾ ਸਿੰਘ ਸਮੁੰਦਰੀ ਹਾਲ ਰੱਖਿਆ।

> ☛ ਜੰਗਲਾਤ ਸੇਵਾ ਵਿੱਚ ਸਮਰਪਣ ਤੇ ਵਾਤਾਵਰਣ ਸੁਰੱਖਿਆ ਲਈ ਉਨ੍ਹਾਂ ਦੇ ਯਤਨ ਸਦਾ ਯਾਦ ਰਹਿਣਗੇ : ਨਰਿੰਦਰ ਮੋਦੀ ☛ ਪ੍ਰਧਾਨ ਮੰਤਰੀ ਮੋਦੀ ਦੇ ਦਿਆਲੂ ਤੇ ਦਿਲਾਸੇ ਭਰੇ ਸ਼ਬਦ ਅਤੇ ਮੇਰੇ ਭਰਾ ਦੀ ਪੰਜਾਬ ਪ੍ਰਤੀ ਸੇਵਾ ਦੀ ਮਾਨਤਾ ਸਾਡੇ ਲਈ ਬਹੁਤ ਮਾਇਨੇ ਰੱਖਦੀ ਹੈ : ਤਰਨਜੀਤ ਸਿੰਘ ਸੰਧੂ

ਸਰਦਾਰ ਤੇਜਾ ਸਿੰਘ ਸਮੁੰਦਰੀ ਨੇ ਸਰਹਾਲੀ ਵਿੱਚ ਦੋ ਅਤੇ ਲਾਇਲਪੁਰ ਹੁਣ ਪਾਕਿਸਤਾਨ) ਵਿੱਚ 2 ਸਕੂਲ ਸਥਾਪਿਤ ਕੀਤੇ।ਸ. ਤੇਜਾ ਸਿੰਘ ਸਮੁੰਦਰੀ ਦੇ ਹੋਣਹਾਰ ਪੁੱਤਰ ਸਰਦਾਰ ਬਿਸ਼ਨ ਸਿੰਘ ਸਮੁੰਦਰੀ ਖ਼ਾਲਸਾ ਕਾਲਜ ਅੰਮ੍ਰਿਤਸਰ ਦੇ ਪ੍ਰਿੰਸੀਪਲ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸੰਸਥਾਪਕ ਵਾਈਸ ਚਾਂਸਲਰ ਰਹੇ। ਸ. ਬਿਸ਼ਨ ਸਿੰਘ ਸਮੁੰਦਰੀ ਦੀ ਪਤਨੀ ਸ੍ਰੀਮਤੀ ਜਗਜੀਤ ਕੌਰ ਸੰਧੂ ਨੇ 1958 ਵਿੱਚ ਅਮਰੀਕਾ ਵਿੱਚ ਡਾਕਟਰੇਟ ਕੀਤੀ ਅਤੇ ਅੰਮ੍ਰਿਤਸਰ ਵਿੱਚ ਪੜ੍ਹਾਉਣ ਲਈ ਵਤਨ ਵਾਪਸ ਆਏ। ਉਲਾਂਘ ਦੇ ਸਪੁੱਤਰ ਸ. ਜਸਜੀਤ ਸਿੰਘ ਸਮੁੰਦਰੀ ਧਾਰਮਿਕ ਤੇ ਦਿਆਲੂ ਸੁਭਾਅ ਦੇ ਮੁਲਕ ਸਨ ਅਤੇ ਹਰੇਕ ਦੀ ਹਮੇਸ਼ਾ ਦਿਲੋਂ ਮਦਦ ਕਰਨ ਵਾਲੇ ਸਨ। ਉਹ ਅਧਿਆਤਮਵਾਦ ਤੇ ਪ੍ਰਮਾਤਮਾ ਵਿਚ ਡੂੰਘੀ ਅਤੇ ਸਥਾਈ ਵਿਸ਼ਵਾਸ ਰੱਖਣ ਵਾਲਾ ਸੀ, ਉਨ੍ਹਾਂ ਪੇਂਡੂ ਪੰਜਾਬ ਵਿੱਚ ਸਿੱਖਿਆ ਦੇ ਵਿਸਥਾਰ ਦੀ ਪਰਿਵਾਰਕ ਪਰੰਪਰਾ ਦੀ ਪਾਲਣਾ ਕੀਤੀ। ਉਨ੍ਹਾਂ ਆਪਣੇ ਦਾਦਾ ਜੀ ਸ. ਤੇਜਾ ਸਿੰਘ ਸਮੁੰਦਰੀ ਵੱਲੋਂ ਵੀਹਵੀਂ ਸਦੀ ਦੇ ਸ਼ੁਰੂਆਤ 'ਚ ਤਰਨਤਾਰਨ ਦੇ ਪਿੰਡ ਸਰਹਾਲੀ ਵਿਚ ਸਥਾਪਿਤ ਵਿੱਦਿਅਕ ਸੰਸਥਾਵਾਂ ਸ੍ਰੀ ਗੁਰੂ ਗੋਬਿੰਦ ਸਿੰਘ ਟਰੱਸਟ ਦੇ ਪ੍ਰਧਾਨ ਵਜੋਂ ਖ਼ਾਲਸਾ ਸਕੂਲ ਦੇ ਪ੍ਰਬੰਧਕੀ ਖ਼ਾਸਕਰ ਕੇ ਲੜਕੀਆਂ ਨੂੰ ਸਿੱਖਿਆ ਦਿਵਾਉਣ ਲਈ ਅਣਥੱਕ ਯੋਗਦਾਨ ਪਾਇਆ।

ਇਸੇ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਸ਼ੋਕ ਸੁਨੇਹੇ ਵਿੱਚ ਕਿਹਾ, "ਮੈਨੂੰ ਸ. ਜਸਜੀਤ ਸਿੰਘ ਸਮੁੰਦਰੀ ਜੀ ਦੇ ਦੇਹਾਂਤ ਦੀ ਖ਼ਬਰ ਦੁੱਖ ਅਤੇ ਉਦਾਸੀ ਨਾਲ ਮਿਲੀ। ਉਨ੍ਹਾਂ ਦਾ ਦੇਹਾਂਤ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਹੈ ਜਿਸਨੂੰ ਸ਼ਬਦਾਂ ਵਿੱਚ ਬਿਆਨ ਨਹੀਂ ਕੀਤਾ ਜਾ ਸਕਦਾ। ਕਈ ਸਾਲਾਂ ਤੱਕ ਉਨ੍ਹਾਂ ਨੇ ਸਮਰਪਣ ਅਤੇ ਵਚਨਬੱਧਤਾ ਨਾਲ ਪੰਜਾਬ ਦੇ ਲੋਕਾਂ ਦੀ ਸੇਵਾ ਕੀਤੀ। ਇੱਕ ਜੰਗਲਾਤ ਸੇਵਾ ਅਧਿਕਾਰੀ ਵਜੋਂ ਵਾਤਾਵਰਣ ਦੀ ਰੱਖਿਆ ਲਈ ਉਨ੍ਹਾਂ ਦੇ ਯਤਨਾਂ ਨੂੰ ਸਦਾ ਪਿਆਰ ਨਾਲ ਯਾਦ ਕੀਤਾ ਜਾਵੇਗਾ।"

ਸ੍ਰੀ ਮੋਦੀ ਨੇ ਸ. ਜਸਜੀਤ ਸਿੰਘ ਸਮੁੰਦਰੀ ਵੱਲੋਂ ਜੀਵਨ ਦੀਆਂ ਚੁਣੌਤੀਆਂ ਦਾ ਆਤਮਵਿਸ਼ਵਾਸ, ਤਾਕਤ ਅਤੇ ਹਿੰਮਤ ਨਾਲ ਸਾਹਮਣਾ ਕਰਨ 'ਤੇ ਕਿਹਾ ਕਿ ਉਹ ਸਿਰਫ਼ ਇਕ ਸਰਕਾਰੀ ਅਧਿਕਾਰੀ ਨਹੀਂ ਸਨ, ਸਗੋਂ ਇੱਕ ਸੰਵੇਦਨਸ਼ੀਲ ਮਨੁੱਖ ਸਨ, ਜਿਨ੍ਹਾਂ ਦੀ ਸਾਦਗੀ, ਸਮਰਪਣ ਅਤੇ ਲੋਕਾਂ ਨਾਲ ਮੇਲ ਮਿਲਾਪ ਸਭ ਦੇ ਦਿਲਾਂ ਨੂੰ ਛੂੰਹਦਾ ਸੀ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਜਸਜੀਤ ਸਿੰਘ ਸਮੁੰਦਰੀ ਦੁਆਰਾ ਆਪਣੇ ਜੀਵਨ ਵਿੱਚ ਜੋ ਸੰਸਕਾਰ ਅਤੇ ਕਦਰਾਂ-ਕੀਮਤਾਂ ਸਥਾਪਿਤ ਕੀਤੀਆਂ, ਉਹ ਪਰਿਵਾਰ ਅਤੇ ਸਮਾਜ ਲਈ ਪ੍ਰੇਰਣਾ ਦਾ ਸਰੋਤ ਰਹਿਣਗੀਆਂ। ਉਨ੍ਹਾਂ ਨਾਲ ਬਿਤਾਏ ਸਮੇਂ ਦੀਆਂ ਯਾਦਾਂ ਪਰਿਵਾਰ ਨੂੰ ਇਸ ਮੁਸ਼ਕਲ ਵੇਲੇ ਵਿੱਚ ਹੌਸਲਾ ਤੇ ਸਹਾਰਾ ਦੇਣਗੀਆਂ।

ਪ੍ਰਧਾਨ ਮੰਤਰੀ ਨੇ ਅੰਤ ਵਿੱਚ ਪੂਰੇ ਪਰਿਵਾਰ ਪ੍ਰਤੀ ਆਪਣੀਆਂ ਦਿਲੋਂ ਸੰਵੇਦਨਾਵਾਂ ਪ੍ਰਗਟ ਕਰਦਿਆਂ ਕਿਹਾ, "ਮੈਂ ਵਾਹਿਗੁਰੂ ਜੀ ਅੱਗੇ ਅਰਦਾਸ ਕਰਦਾ ਹਾਂ ਕਿ ਪਰਮਾਤਮਾ ਉਨ੍ਹਾਂ ਦੀ ਆਤਮਾ ਨੂੰ ਸ਼ਾਂਤੀ ਬਖ਼ਸ਼ਣ ਤੇ ਪਰਿਵਾਰ ਨੂੰ ਇਸ ਡੂੰਘੇ ਦੁਖ ਨੂੰ ਸਹਿਣ ਦੀ ਤਾਕਤ ਤੇ ਹਿੰਮਤ ਦੇਣ। ਮੇਰਾ ਦਿਲੀ ਸਨੇਹ ਸਦਾ ਪਰਿਵਾਰ ਦੇ ਨਾਲ ਹਨ।"

ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਇਸ ਮੌਕੇ ਪ੍ਰਧਾਨ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਰੀ ਦਿਲ ਨਾਲ, ਅਸੀਂ ਅੱਜ ਆਪਣੇ ਪਿਆਰੇ ਭਰਾ ਸਰਦਾਰ ਜਸਜੀਤ ਸਿੰਘ ਸਮੁੰਦਰੀ ਨੂੰ ਉਨ੍ਹਾਂ ਦੀ ਅੰਤਿਮ ਯਾਤਰਾ 'ਤੇ ਅਲਵਿਦਾ ਕਹਿੰਦੇ ਹਾਂ। ਦੁੱਖ ਦੀ ਇਸ ਘੜੀ ਵਿੱਚ, ਸਾਡਾ ਪਰਿਵਾਰ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਦਿਆਲੂ ਸ਼ੋਕ ਸੰਦੇਸ਼ ਤੋਂ ਬਹੁਤ ਪ੍ਰਭਾਵਿਤ ਹੈ। ਉਨ੍ਹਾਂ ਦੇ ਦਿਲਾਸੇ ਭਰੇ ਸ਼ਬਦ ਅਤੇ ਮੇਰੇ ਭਰਾ ਦੀ ਪੰਜਾਬ ਪ੍ਰਤੀ ਸੇਵਾ ਦੀ ਮਾਨਤਾ ਸਾਡੇ ਲਈ ਬਹੁਤ ਮਾਇਨੇ ਰੱਖਦੀ ਹੈ।

ਸਿਮਰਨਜੀਤ ਕੌਰ ਮਾਹਲਾ ਦੀ ਕਾਵਿ ਪੁਸਤਕ

# 'ਤੇਰੇ ਨਹੀ ਖ਼ਿਆਲ ਭੁੱਲਦੇ' ਲੋਕ ਅਰਪਣ



**ਮਹਿਤਾ ਚੌਕ , 5 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 40 ਸਾਲਾਂ ਤੋਂ ਨਿਰੰਤਰ ਸਾਹਿਤਕ ਸਮਾਗਮਾਂ ਰਾਹੀਂ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁੱਟੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਸਥਾਨਕ ਮੀਟਿੰਗ ਹਾਲ ਵਿਖੇ ਕਰਵਾਇਆ ਗਿਆ । ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਬਲਜੀਤ ਸਿੰਘ ਕੰਗ ਐਡੀਸ਼ਨਲ ਮੈਨੇਜਰ ਗੁ: ਨੌਵੀਂ ਪਾਤਸਾਹੀ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਸੁਖਦੇਵ ਸਿੰਘ ਭੁੱਲਰ ਸਾ: ਸੀ: ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਗਿਆਨੀ ਗੁਲਜ਼ਾਰ ਸਿੰਘ ਖੈੜਾ ਪ੍ਰਧਾਨ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ, ਡਾ: ਗਗਨ (ਪ੍ਰਧਾਨ ਮਝੈਲਾਂ ਦੀ ਸੱਥ), ਅਸ਼ੋਕ ਟਾਂਡੀ (ਪ੍ਰਧਾਨ ਸਾਹਿਤ ਸਭਾ ਟਾਂਡਾ), ਲਾਲੀ ਕਰਤਾਰਪੁਰੀ (ਪ੍ਰਧਾਨ ਸਾਹਿਤ ਸਭਾ ਕਰਤਾਰਪੁਰ), ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਮੁਨੀਸ਼ ਕੁਮਾਰ ਭੱਠੇ ਵਾਲੇ, ਆਦਿ ਹਾਜ਼ਰ ਸਨ । ਇਸ ਮੌਕੇ ਕਵਿੱਤਰੀ ਸਿਮਰਨਜੀਤ ਕੌਰ ਮਾਹਲਾ ਦੀ ਕਾਵਿ ਪੁਸਤਕ "ਤੇਰੇ ਨਹੀ ਖ਼ਿਆਲ ਭੁੱਲਦੇ" ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤੀ ਗਈ । ਉਪਰੰਤ ਗਾਇਕ ਮੱਖਣ ਭੈਣੀਵਾਲਾ, ਜਸਮੇਲ ਸਿੰਘ ਜੋਧੇ, ਅਵਤਾਰ ਸਿੰਘ ਗੋਇੰਦਵਾਲ, ਅਕਾਸ਼ਦੀਪ ਸਿੰਘ, ਮਨਦੀਪ ਸਿੰਘ ਬੋਪਰਾਏ, ਕਾਲੇ ਸ਼ਾਹ ਟਾਂਗਰਾ, ਅਜੀਤ ਸਿੰਘ ਸਠਿਆਲਵੀ ਨੇ ਗਾਇਕੀ ਦੇ ਜੌਹਰ ਦਿਖਾਏ । ਉਪਰੰਤ ਮਾਂ ਬੋਲੀ ਨੂੰ ਸਮਰਪਿਤ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮੁਹਲਾ ਵਿੰਗ ਦੀ ਪ੍ਰਧਾਨ) ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਗੁਰਮੀਤ ਕੌਰ ਬੱਲ, ਸੁਰਿੰਦਰ ਖਿਲਚੀਆਂ, ਹਰਵਿੰਦਰ ਕੌਰ ਬਾਠ, ਮੈਡਮ ਅਨੂਪਮਾ, ਰਜਵੰਤ ਕੌਰ, ਪਰਮਜੀਤ ਕੌਰ ਵਡਾਲਾ, ਸਿਮਰਨਜੀਤ ਕੌਰ ਮਾਹਲਾ, ਅਮਨਦੀਪ ਕੌਰ, ਕੋਮਲਪ੍ਰੀਤ ਕੌਰ, ਦਲਬੀਰ ਕੌਰ, ਪੁਨੀਤ ਕੌਰ, ਨਵਦੀਪ ਸਿੰਘ ਬਦੇਸ਼ਾ, ਸਰਬਜੀਤ ਸਿੰਘ ਪੱਡਾ, ਸਤਰਾਜ ਜਲਾਲਾਂਬਾਦੀ, ਡਾ: ਕੁਲਵੰਤ ਸਿੰਘ ਬਾਠ, ਸੁਖਦੇਵ ਸਿੰਘ ਗੰਡਵਾਂ, ਮਾ: ਬਲਬੀਰ ਸਿੰਘ ਬੀਰ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਅਜੈਬ ਸਿੰਘ ਬੋਦੇਵਾਲ, ਸਕੱਤਰ ਸਿੰਘ ਪੁਰੇਵਾਲ, ਬਲਵਿੰਦਰ ਸਿੰਘ ਅਠੌਲਾ, ਬਲਦੇਵ ਸਿੰਘ ਸਠਿਆਲਵੀ, ਸ਼ਿੰਗਾਰਾ ਸਿੰਘ ਸਠਿਆਲਾ, ਪਰਮਜੀਤ ਸਿੰਘ ਭੱਟੀ, ਪਰਮਜੀਤ ਸਿੰਘ ਮਾਹਲਾ, ਗੁਰਵਿੰਦਰ ਸਿੰਘ, ਕੈਪਟਨ ਸਿੰਘ, ਗੁਰਭੇਜ ਸਿੰਘ ਕੰਗ ਸਰਾਂ ਆਦਿ ਨੇ ਕਾਵਿ ਰਚਾਨਵਾਂ ਪੇਸ਼ ਕੀਤੀਆਂ।

# ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਵੱਖ ਵੱਖ ਪਿੰਡਾਂ ਵਿੱਚ ਕੀਤੇ ਕੰਮਾਂ ਦੇ ਉਦਘਾਟਨ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਵੱਲੋਂ ਧੂਰੀ ਹਲਕੇ ਦੇ ਪਿੰਡ ਕਹੇਰੂ ਤੋਂ ਮੱਲੂਮਾਜਰਾ ਨਵੀ ਸੜਕ , ਕਹੇਰੂ ਤੋਂ ਕੱਕੜਵਾਲ 18 ਫੁੱਟੀ, ਪਿੰਡ ਰਾਜੋਮਾਜਰਾ ਤੋਂ ਧੂਰੀ ਰੋੜ ਨੂੰ ਜੋੜਨ ਵਾਲੇ ਪਹੇ ਨੂੰ ਪੱਕਾ ਕਰਨ ਦਾ ਰੀਬਨ ਕੱਟ ਕੇ ਉਦਘਾਟਨ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਮੁੱਖ ਮੰਤਰੀ ਕੈਂਪਸ ਇੰਚਾਰਜ ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਰਮਨਦੀਪ ਸਿੰਘ ਦਫ਼ਤਰ ਇੰਚਾਰਜ , ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ, ਐਡਵੋਕੇਟ ਹੈਪੀ ਗੋਇਲ, ਪਰਗਟ ਸਿੰਘ ਕਹੇਰੂ, ਸਰਪੰਚ ਗੋਗਾ ਦੁਗਨੀ,ਗਗਨ ਜਵੰਧਾ ਬਲਾਕ ਪ੍ਰਧਾਨ, ਸੁਰਜੀਤ ਸਿੰਘ ਰਾਜੋਮਾਜਰਾ ਬਲਾਕ ਪ੍ਰਧਾਨ, ਸਰਪੰਚ ਅੰਮ੍ਰਿ ਚਹਿਲ, ਗਿਆਨ ਸਿੰਘ, ਬਲਕਾਰ ਸਿੰਘ ਕਹੇਰੂ, ਸਰਪੰਚ ਪਰਮਜੀਤ ਸਿੰਘ ਕਹੇਰੂ, ਸਰਪੰਚ ਜਗਜੀਤ ਸਿੰਘ ਕੱਕੜਵਾਲ ਬਲਾਕ ਪ੍ਰਧਾਨ, ਖਾਨ ਕਹੇਰੂ, ਅਰਸ਼ਦੀਪ ਸਿੰਘ, ਬੱਬੂ ਧੂਰੀ, ਸੰਭੂ ਧੂਰੀ, ਹਰਦੀਪ ਸਿੰਘ, ਲਾਭ ਸਿੰਘ, ਸੁਖਪਾਲ ਸਿੰਘ ਪਾਲਾ ਬਲਾਕ ਪ੍ਰਧਾਨ, ਜਗਤਾਰ ਸਿੰਘ ਬਾਗੜੀ, ਗਿੰਨੀ ਸਲੇਮਪੁਰ ਹਾਜ਼ਰ ਸਨ।

# ਚੇਅਰਮੈਨ ਰੰਧਾਵਾ ਨੇ ਮੰਡੀ ਮਹਿਤਾ ਚ ਪਨਗਰੇਨ, ਮਾਰਕਫੈੱਡ, ਪਨਸਪ 'ਤੇ ਵੇਅਰਹਾਊਸ ਦੀ ਖਰੀਦ ਬਣਾਈ ਯਕੀਨੀ



**ਚੌਕ ਮਹਿਤਾ, 4 ਅਕਤੂਬਰ ( ਬਾਬਾ ਸੁਖਵੰਤ ਸਿੰਘ)**-ਦਾਣਾ ਮੰਡੀ ਮਹਿਤਾ ਵਿਖੇ ਝੋਨੇ ਦੀ ਸਰਕਾਰੀ ਖਰੀਦ ਨੂੰ ਲੈਕੇ ਅੱਜ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਡਾ ਗੁਰਵਿੰਦਰ ਸਿੰਘ ਰੰਧਾਵਾ ਦੇ ਵੱਲੋਂ ਅੱਜ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਦੌਰਾਨ ਵੱਖ ਵੱਖ ਖਰੀਦ ਏਜੰਸੀਆਂ ਦੇ ਇੰਪੈਕਟਰ, ਸ਼ੈਲਰ ਮਾਲਕ ਅਤੇ ਆੜਤੀਏ ਮੌਜੂਦ ਸਨ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਰੰਧਾਵਾ ਨੇ ਇੰਸਪੈਕਟਰਾਂ ਅਤੇ ਆੜਤੀਆਂ ਨੂੰ ਹਦਾਇਤ ਕੀਤੀ ਕਿ ਸਰਕਾਰ ਵੱਲੋਂ ਪਰਮਲ (ਪੀ.ਆਰ) ਦੀਆਂ ਮਨਜੂਰਸ਼ੁਦਾ ਕਿਸਮਾਂ ਵਿਚ 17 ਫੀਸਦੀ ਨਮੀਂ ਵਾਲਾ ਸੁੱਕਾ ਝੋਨਾ ਸਰਕਾਰੀ ਭਾਅ 'ਤੇ ਖਰੀਦਣ ਨੂੰ ਯਕੀਨੀ ਬਣਾਇਆ ਜਾਵੇ।ਉਨਾਂ ਆਖਿਆ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦੀਆਂ ਚਾਰ ਏਜੰਸੀਆਂ ਪਨਗਰੇਨ, ਮਾਰਕਫੈੱਡ, ਪਨਸਪ 'ਤੇ ਵੇਅਰਹਾਊਸ ਮੰਡੀ ਮਹਿਤਾ ਵਿਚ ਝੋਨੇ ਦੀ ਖਰੀਦ ਕਰ ਰਹੀਆਂ ਹਨ। ਉਨਾਂ ਆਖਿਆ ਕਿ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਕਦੇ ਵੀ ਚਾਰ ਖਰੀਦ ਏਜੰਸੀਆਂ ਇਸ ਮੰਡੀ ਵਿਚ ਨਹੀਂ ਝੋਨਾਂ ਖਰੀਦਣ ਲਈ ਨਹੀਂ ਪਹੁੰਚੀਆਂ ਸਨ, ਲੇਕਿਨ ਆਮ ਆਦਮੀ ਪਾਰਟੀ ਨੇ ਕਿਸਾਨਾਂ ਦੀ ਫ਼ਸਲ ਨੂੰ ਰੁਲਣ ਤੋਂ ਬਚਾਉਣ ਅਤੇ ਵਾਜਿਬ ਮੁੱਲ ਦਿਵਾਉਣ ਦੇ ਮਕਸਦ ਨਾਲ ਇਹ ਚਾਰ ਏਜੰਸੀਆਂ ਇਥੇ ਭੇਜੀਆਂ ਹਨ। ਉਨਾਂ ਕਿਹਾ ਕਿ ਜੇਕਰ ਕਿਸੇ ਵੀ ਕਿਸਾਨ ਨੂੰ ਫ਼ਸਲ ਵੇਚਣ ਮੌਕੇ ਕੋਈ ਪ੍ਰੇਸ਼ਾਨੀ ਆਉਂਦੀ ਹੈ ਤਾਂ ਉਹ ਤੁਰੰਤ ਮੇਰੇ ਨਾਲ ਸੰਪਰਕ ਕਰਨ। ਇਸ ਮੌਕੇ ਪਨਗਰੇਨ ਦੇ ਇੰਸਪੈਕਟਰ ਪ੍ਰਭਜੋਤ ਸਿੰਘ ਤੇ ਜਗਜੀਤ ਸਿੰਘ ਸੰਧੂ, ਮਾਰਕਫੈੱਡ ਦੇ ਇੰਸਪੈਕਟਰ ਪੁਸ਼ਿਪੰਦਰ ਸਿੰਘ, ਵੇਅਰਹਾਊਸ ਦੇ ਇੰਸਪੈਕਟਰ ਹਰਪ੍ਰੀਤ ਸਿੰਘ ਤੇ ਪਨਸਪ ਦੇ ਇੰਸਪੈਕਟਰ ਤੋਂ ਇਲਾਵਾ ਨਿਊ ਸ਼ਕਤੀ ਰਾਈਸ ਮਿਲ ਦੇ ਮਾਲਕ ਸੰਜੀਵ ਸ਼ਰਮਾਂ, ਪ੍ਰਧਾਨ ਸੁਖਦੇਵ ਸਿੰਘ ਬੁੱਟਰ, ਪ੍ਰਧਾਨ ਗੁਰਮੁਖ ਸਿੰਘ ਡੇਅਰੀਵਾਲ, ਪ੍ਰਧਾਨ ਦਵਿੰਦਰ ਸਿੰਘ ਮੱਲੀ, ਕੈਪਟਨ ਸਿੰਘ ਮਹਿਤਾ, ਗੁਰਮੁਖ ਸਿੰਘ ਸਾਹਬਾ, ਰਾਣਾ ਸ਼ਾਹ ਧਰਦਿਉ ਤੇ ਗੁਲਜਿੰਦਰ ਸਿੰਘ ਲਾਡੀ ਤੋਂ ਇਲਾਵਾ ਮਾਰਕੀਟ ਕਮੇਟੀ ਦੇ ਕਰਮਚਾਰੀ ਸੰਦੀਪ ਸਿੰਘ ਤਨੇਲ ਤੇ ਜਗਦੀਪ ਸਿੰਘ ਰੰਧਾਵਾ ਵੀ ਮੌਜੂਦ ਸਨ।

# ਪਿੰਡ ਕਲੇਰ ਦੇ ਦਰਜਨਾ ਆਗੂ ਤੇ ਪਤਵੰਤਿਆਂ ਨੇ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਚੋਂ ਕੀਤੀ ਸ਼ਮੂਲੀਅਤ

**ਚੋਹਲਾ ਸਾਹਿਬ/ਤਰਨ ਤਾਰਨ 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਯੋਗ ਅਗਵਾਈ ਹੇਠ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਇੱਥੋਂ ਨੇੜਲੇ ਪਿੰਡ ਕਲੇਰ ਦੇ ਦਰਜਨਾਂ ਵੱਖ-ਵੱਖ ਰਾਜਸੀ ਪਾਰਟੀਆਂ ਨਾਲ ਸੰਬੰਧਿਤ ਆਗੂ ਤੇ ਸਰਗਰਮ ਵਰਕਰ ਜਿੰਨਾ 'ਚ ਨਿਸ਼ਾਨ ਸਿੰਘ ਮਿੰਟੂ ਕਲੇਰ,ਬਲਵਿੰਦਰ ਸਿੰਘ ਸੋਨਾ ਕਲੇਰ,ਸਰਪੰਚ ਕੁਲਦੀਪ ਸਿੰਘ ਕਲੇਰ,ਨਿਸ਼ਾਨ ਸਿੰਘ ਸ਼ਾਹ ਕਲੇਰ,ਮਨਜੀਤ ਸਿੰਘ ਮੈਂਬਰ ਕਲੇਰ,ਜਗਦੀਪ ਸਿੰਘ ਹੈਪੀ ਕਲੇਰ,ਸਿਮਰਨਜੀਤ ਸਿੰਘ ਵਿਕੀ ਕਲੇਰ,ਬਲਵਿੰਦਰ ਸਿੰਘ ਫੌਜੀ ਕਲੇਰ,ਮੰਗਲ ਸਿੰਘ ਫੌਜੀ ਕਲੇਰ,ਨਿਸ਼ਾਨ ਸਿੰਘ ਕਲੇਰ,ਪਲਵਿੰਦਰ ਸਿੰਘ ਕਲੇਰ,ਗੁਰਪ੍ਰੀਤ ਸਿੰਘ ਕਲੇਰ,ਕੁਲਵਿੰਦਰ ਸਿੰਘ ਕਲੇਰ,ਨਿਸ਼ਾਨ ਸਿੰਘ ਠੇਕੇਦਾਰ,ਗੁਰਪ੍ਰੀਤ ਸਿੰਘ ਠੇਕੇਦਾਰ,ਜਸਵਿੰਦਰ ਸਿੰਘ ਸ਼ਿੰਦਰ,ਡਾਕਟਰ ਹੈਪੀ ਸਿੰਘ ਕਲੇਰ ਆਦਿ ਆਪੋ-ਆਪਣੀਆਂ ਪਾਰਟੀਆਂ ਛੱਡ ਕੇ ਰਮਨਜੀਤ ਸਿੰਘ ਸਿੱਕੀ ਸਾਬਕਾ ਵਿਧਾਇਕ ਦੀ ਅਗਵਾਈ ਹੇਠ ਜੈਕਾਰਿਆਂ ਤੇ ਨਾਅਰਿਆਂ ਦੀ ਗੂੰਜ 'ਚ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋ ਗਏ।ਜਿੱਥੇ ਉਹਨਾਂ ਨੂੰ ਸਿੱਕੀ ਸਾਹਿਬ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸਿੱਕੀ ਸਾਹਿਬ ਨੇ ਬੋਲਦਿਆਂ ਕਿਹਾ ਕਿ ਅੱਜ ਆਮ ਆਦਮੀ ਪਾਰਟੀ ਦੀਆਂ ਗਲਤ ਤੇ ਲੋਕ ਮਾਰੂ ਨੀਤੀਆਂ ਤੋਂ ਦੁਖੀ ਹੋ ਕੇ ਪੰਜਾਬ ਚ 2027 ਚੋਂ ਆ ਰਹੀ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਲੋਕ ਧੜਾ-ਧੜ ਕਾਂਗਰਸ ਪਾਰਟੀ ਚੋਂ ਸ਼ਾਮਿਲ ਹੋ ਰਹੇ ਹਨ ਤੇ ਪੰਜਾਬ ਦੇ ਬਹਾਦਰ ਤੇ ਸੂਝਵਾਨ ਲੋਕ ਮੁੜ ਪੰਜਾਬ ਚੋਂ ਕਾਂਗਰਸ ਪਾਰਟੀ ਦੀ ਆਪਣੀ ਸਰਕਾਰ ਲਿਆ ਕੇ ਪੰਜਾਬ ਨੂੰ ਮੁੜ ਖੁਸ਼ਹਾਲ ਕਰਨਗੇ।ਉਨਾ ਕਿਹਾ ਕਿ ਹਾਕਮ ਧਿਰ ਦੇ ਆਗੂ ਪੰਜਾਬ ਨੂੰ ਦੋਵੇਂ ਹੱਥੀ ਲੁੱਟਣ ਦੇ ਕੁੱਟਣ 'ਚ ਰੁੱਝ ਗਏ।ਚੰਦ ਨੋਟਾਂ ਦੀ ਖਾਤਰ ਇਹਨਾਂ ਆਪਣਿਆਂ ਤੇ ਬੇਗਾਨਿਆਂ ਨੂੰ ਨਹੀਂ ਪਛਾਣਿਆ।

### ਡਿਪਟੀ ਕਮਿਸ਼ਨਰ ਵੱਲੋਂ ਲਗਾਤਾਰ ਦੂਸਰੇ ਦਿਨ ਰਾਵੀ ਦਰਿਆ ਨੇੜਲੇ ਇਲਾਕਿਆਂ ਦਾ ਦੌਰਾ

# ਮੀਂਹ ਦੀ ਸੰਭਾਵਨਾ ਦੇ ਮੱਦੇਨਜ਼ਰ ਸਾਵਧਾਨੀ ਅਪਣਾਉਣ ਦੀ ਅਪੀਲ



**ਜੰਡਿਆਲਾ ਗੁਰੂ , 5 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਮੌਸਮ ਵਿਭਾਗ ਵੱਲੋਂ ਛੇ ਅਤੇ ਸੱਤ ਅਕਤੂਬਰ ਨੂੰ ਪੰਜਾਬ ਅਤੇ ਨੇੜਲੇ ਇਲਾਕਿਆਂ ਵਿੱਚ ਮੀਂਹ ਪੈਣ ਦੀਆਂ ਸੰਭਾਵਨਾਵਾਂ ਦੇ ਮੱਦੇ ਨਜ਼ਰ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਨੀ ਨੇ ਅੱਜ ਲਗਾਤਾਰ ਦੂਸਰੇ ਦਿਨ ਰਾਵੀ ਦੇ ਨੇੜਲੇ ਪਿੰਡਾਂ ਅਤੇ ਇਲਾਕੇ ਦਾ ਦੌਰਾ ਕੀਤਾ।ਉਹਨਾਂ ਨੇ ਇਸ ਮੌਕੇ ਪਿੰਡਾਂ ਵਿੱਚ ਲੋਕਾਂ, ਪੰਚਾਂ, ਸਰਪੰਚਾਂ, ਬੀਐਸਐਫ ਅਧਿਕਾਰੀਆਂ, ਅਤੇ ਪਾੜ ਪੂਰਨ ਦਾ ਕੰਮ ਕਰ ਰਹੇ ਕਾਰ ਸੇਵਾ ਵਾਲੇ ਮਹਾਂਪੁਰਖਾਂ ਨਾਲ ਗੱਲਬਾਤ ਕੀਤੀ।

ਉਹਨਾਂ ਦੱਸਿਆ ਕਿ ਉਪ ਮੰਡਲ ਮੈਜਿਸਟ੍ਰੇਟ ਅਤੇ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ ਸੰਭਾਵੀ ਖੇਤਰਾਂ ਦੀ ਨਿਰੰਤਰ ਨਿਗਰਾਨੀ ਕਰ ਰਹੇ ਹਨ ਅਤੇ ਕਿਸੇ ਵੀ ਐਮਰਜੈਂਸੀ ਸਥਿਤੀ ਵਿੱਚ ਤੁਰੰਤ ਕਾਰਵਾਈ ਲਈ ਨਿਰਵਿਘਨ ਸੰਚਾਰ ਯਕੀਨੀ ਬਣਾਇਆ ਜਾ ਰਿਹਾ ਹੈ। ਉਹਨਾਂ ਇਸ ਤੋਂ ਇਲਾਵਾ ਬਲਾਕ ਪੱਧਰ ਦੇ ਅਧਿਕਾਰੀਆਂ ਨੂੰ ਸਾਰੇ ਪਿੰਡਾਂ ਦੇ ਸਰਪੰਚਾਂ ਅਤੇ ਨੰਬਰਦਾਰਾਂ ਦੇ ਵਟਸਐਪ ਗਰੁੱਪ ਬਣਾਉਣ ਦੀਆਂ ਹਦਾਇਤਾਂ ਕੀਤੀਆਂ ਤਾਂ ਜੋ ਸਮੇਂ-ਸਮੇਂ ਤੇ ਅੱਪਡੇਟ ਸਾਂਝੇ ਹੋ ਸਕਣ ਅਤੇ ਅਫ਼ਵਾਹ ਕਰਕੇ ਲੋਕਾਂ ਵਿੱਚ ਘਬਰਾਹਟ ਨਾ ਹੋਵੇ ।ਇਸ ਤੋਂ ਇਲਾਵਾ ਸਾਰੇ ਇਵੈਕੂਏਸ਼ਨ ਸੈਂਟਰ ਖਾਣੇ-ਪੀਣੇ ਦੀਆਂ ਸੁਵਿਧਾਵਾਂ, ਵਾਸ਼ਰੂਮ, ਡਿਊਟੀ ਆਰਡਰ ਸੂਚੀ, ਡੀਜ਼ਲ, ਟਾਰਚਾਂ ਅਤੇ ਰਾਤ ਦੀਆਂ ਲਾਈਟਾਂ ਨਾਲ ਪੂਰੀ ਤਰ੍ਹਾਂ ਤਿਆਰ ਕੀਤੇ ਗਏ ਹਨ। ਉਹਨਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਅਫਵਾਹ 'ਤੇ ਵਿਸ਼ਵਾਸ ਨਾ ਕਰੋ, ਸਿਰਫ਼ ਸਰਕਾਰੀ ਸੂਚਨਾਵਾਂ ਤੇ ਭਰੋਸਾ ਕਰਨ ਅਤੇ ਦਰਿਆ ਜਾਂ ਖੱਡਾਂ ਦੇ ਨੇੜੇ ਜਾਣ ਤੋਂ ਗੁਰੇਜ਼ ਕਰਨ। ਉਹਨਾਂ ਦੱਸਿਆ ਕਿ ਕਿਸੇ ਅਣਸੁਖਾਵੀ ਸਥਿਤੀ ਵਿੱਚ ਤੁਰੰਤ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕੀਤਾ ਜਾ ਸਕਦਾ ਹੈ, ਜਿਸ ਵਿਚ ਹੈਲਪਲਾਈਨ ਨੰਬਰ 0183-2229125, ਅਜਨਾਲਾ ਤਹਿਸੀਲ 01858-221037, ਲੋਪੋਕੇ ਤਹਿਸੀਲ ਲਈ ਹੈਲਪਲਾਈਨ ਨੰਬਰ 01858-299059 ਅਤੇ ਬਾਬਾ ਬਕਾਲਾ ਸਾਹਿਬ ਤਹਿਸੀਲ ਲਈ ਹੈਲਪਲਾਈਨ ਨੰਬਰ 01853-245510 ਉੱਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸੇ ਦੌਰਾਨ ਸੰਚਾਈ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਅੱਜ ਰਾਵੀ ਦਰਿਆ ਦੇ ਕੈਚਮੈਂਟ ਏਰੀਏ ਵਿੱਚ ਕਿਸੇ ਪਾਸੇ ਵੀ ਭਾਰੀ ਮੀਂਹ ਦੀ ਕੋਈ ਖਬਰ ਨਹੀਂ ਹੈ, ਇਸ ਲਈ ਫਿਲਹਾਲ ਖ਼ਤਰੇ ਵਾਲੀ ਕੋਈ ਗੱਲ ਨਹੀਂ ਹੈ ਸਿਰਫ ਸਾਵਧਾਨੀ ਰੱਖਣ ਦੀ ਲੋੜ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਮਜੀਤ ਕੌਰ, ਐਸਡੀਐਮ ਸ ਰਵਿੰਦਰ ਸਿੰਘ ਅਤੇ ਹੋਰ ਅਧਿਕਾਰੀ ਵੀ ਉਹਨਾਂ ਨਾਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜਰੂਰਤਮੰਦ ਪਰਿਵਾਰਾਂ ਲਈ

# ਅੱਜ ਵੀ ਸੇਵਾ ਦਾ ਕੰਮ ਕਰ ਰਹੇ ਨੇ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ





**ਜੰਡਿਆਲਾ ਗੁਰੂ, 5 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲਗਾਤਾਰ ਪਿਛਲੇ ਲੰਮੇ ਸਮੇਂ ਤੋਂ ਜਰੂਰਤਮੰਦਾਂ ਦੀ ਸੇਵਾ ਵਿੱਚ ਲੱਗੇ ਨੇ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਤੇ ਉਨਾਂ ਦੀ ਸਮੁੱਚੀ ਟੀਮ ਜਰੂਰਤਮੰਦਾਂ ਨੂੰ ਜਰੂਰਤ ਦਾ ਸਮਾਨ ਪਹੁੰਚਾਉਣ ਦਾ ਕੰਮ ਲਗਾਤਾਰ ਚਲਾਇਆ ਜਾ ਰਿਹਾ ਹੈ ਇਸ ਸੇਵਾ ਦੌਰਾਨ ਮੌਜੂਦ ਜੋਬਨਜੀਤ ਸਿੰਘ ਸਕੱਤਰ ਸਿੰਘ ਹਰਮਨਪ੍ਰੀਤ ਸਿੰਘ ਸਿਮਰਦੀਪ ਸਿੰਘ ਰਾਹੁਲ ਆਦਿ ਹਾਜ਼ਰ ਸਨ ! ਇਸ ਮੌਕੇ ਸਰਬਜੀਤ ਸਿੰਘ ਸੋਨੂੰ ਨੇ ਕਿਹਾ ਕਿ ਦੇਸ ਵਿਦੇਸ ਤੋਂ ਪੰਜਾਬੀਅਤ ਨੂੰ ਅਤੇ ਆਪਣੇ ਪੰਜਾਬ ਨੂੰ ਪਿਆਰ ਕਰਨ ਵਾਲਿਆਂ ਨੇ ਆਪਣੇ ਭਰਾਵਾਂ ਤੇ ਆਈ ਇਸ ਬਿਪਤਾ ਨੂੰ ਮਹਿਸੂਸ ਨਹੀਂ ਹੋਣ ਦਿੱਤਾ ! ਸਾਡੇ ਵੱਲੋਂ ਵੀ ਵਾਹਿਗੁਰੂ ਜੀ ਦੀ ਕਿਰਪਾ ਨਾਲ ਲਗਾਤਾਰ ਸੇਵਾ ਨਿਭਾਈ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ 7 ਤੇ 8 ਅਕਤੂਬਰ ਨੂੰ ਮੀਟ ਨਸ਼ੇ ਆਦਿ ਦੀਆਂ ਦੁਕਾਨਾਂ ਨੂੰ ਪੂਰਨ ਬੰਦ ਰੱਖਣ ਦੇ ਹੁਕਮ ਜਾਰੀ ਕਰੇ ਪ੍ਰਸ਼ਾਸਨ

## ਭਗਵੰਤ ਸਿੰਘ ਮਾਨ ਚੋਣ ਮੈਨੀਫੈਸਟੋ ਚ ਅੰਮ੍ਰਿਤਸਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦਾ ਵਾਅਦਾ ਪੂਰਾ ਕਰੇ ਰਣਜੀਤ ਸਿੰਘ ਭੋਮਾ



**ਜੰਡਿਆਲਾ ਗੁਰੂ 5 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-2 ਅਕਤੂਬਰ ਨੂੰ ਮਹਾਤਮਾ ਗਾਧੀ ਤੇ ਡਰਾਈ ਡੇ ਤੇ 6 ਅਕਤੂਬਰ ਨੂੰ ਵਾਲਮੀਕ ਜੀ ਦੀ ਸੋਭਾ ਯਾਤਰਾ ਦੇ ਮੌਕੇ ਸਰਾਬ ਦੇ ਠੇਕੇ ਪਾਨ ਮੀਟ ਦੀਆਂ ਦੁਕਾਨਾਂ ਬੰਦ ਦੇ ਹੁਕਮ ਤੇ 7 ਤੇ 8 ਅਕਤੂਬਰ ਨੂੰ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ ਗੁਰਪੁਰਬ ਨਗਰ ਕੀਰਤਨ ਰੂਟ ਰਸਤਿਆਂ ਤੇ ਸ੍ਰੀ ਦਰਬਾਰ ਸਾਹਿਬ ਜੀ ਦੇ ਦਰਸਨ ਜਾਣ ਆਉਣ ਵਾਲੇ ਰਸਤਿਆਂ ਚ ਆਂਡਾ, ਮੀਟ ਅਤੇ ਸ਼ਰਾਬ ਦੀਆਂ ਦੁਕਾਨਾਂ ਬੰਦ ਕਿਉ ਨਹੀਂ ਹੋ ਸਕਦੀਆਂ ? ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਸਮਾਜ ਸੁਧਾਰ ਸੰਸਥਾ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਅੱਗੇ ਕਿਹਾ ਕਿ ਸਾਡੇ ਵੱਲੋਂ 14 ਸਾਲਾਂ ਤੋ ਮੰਗ ਪੱਤਰ ਵੱਖ ਵੱਖ ਡਿਪਟੀ ਕਮਿਸਨਰ ਅੰਮ੍ਰਿਸਰ ਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਡਾਕਟਰ ਇੰਦਰਬੀਰ ਸਿੰਘ ਨਿੱਝਰ ਨੂੰ ਪਵਿੱਤਰਤਾ ਬਹਾਲੀ ਲਈ ਦਿੱਤੇ ਗਏ ਹਨ ਅਤੇ ਹੁਣ ਪਹਿਲ ਦੇ ਅਧਾਰ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਚੋਣਾਂ ਤੋ ਪਹਿਲਾਂ ਕੀਤਾ ਚੋਣ ਮੈਨੀਫੈਸਟੋ ਵਾਅਦਾ ਸ੍ਰੀ ਅੰਮ੍ਰਿਸਰ ਸਾਹਿਬ ਜੀ ਪਵਿੱਤਰ ਸ਼ਹਿਰ ਦਾ ਦਰਜਾ ਇਨ ਬਿਨ ਲਾਗੂ ਕਰਨਾ ਚਾਹੀਦਾ ਹੈ ਅੱਗੇ ਭੋਮਾ ਨੇ ਕਿਹਾ ਕਿ ਧੰਨ ਗੁਰੂ ਰਾਮਦਾਸ ਸਾਹਿਬ ਜੀ ਨੇ ਪਵਿੱਤਰ ਨਗਰੀ ਸ੍ਰੀ ਅੰਮ੍ਰਿਸਰ ਸਾਹਿਬ ਜੀ ਨੂੰ ਆਪਣੇ ਹੱਥੀ ਵਸਾਇਆ ਤੇ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੀ ਉਸਾਰੀ ਕਰਵਾ ਕੇ ਚਾਰ ਦਰਵਾਜ਼ੇ ਸਰਬ ਧਰਮਾਂ ਲਈ ਰਖਵਾਏ ਤੇ ਸਾਂਝਾ ਉਪਦੇਸ਼ ਦਿੱਤਾ ! ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਸਰ ਸਾਹਿਬ ਜੀ ਵਿਖੇ ਰੋਜਾਨਾ ਪੂਰੇ ਵਿਸਵ ਭਰ ਤੋਂ ਹਰੇਕ ਧਰਮ ਦੀਆਂ ਸੰਗਤਾਂ ਹਵਾਈ ਜਹਾਜ਼ਾਂ ਰੇਲ ਟਰੇਨਾਂ ਬੱਸਾਂ, ਕਾਰਾਂ ਆਦਿ ਵਹੀਕਲਾਂ ਤੇ ਹਜਾਰਾਂ ਲੱਖਾਂ ਰੁਪਏ ਦੀਆਂ ਮਹਿੰਗੀਆਂ ਟਿਕਟਾਂ ਲੈਕੇ ਨਤਮਸਤਕ ਹੋਣ ਲਈ ਅਤੇ ਅਸ਼ੀਰਵਾਦ ਪ੍ਰਾਪਤ ਕਰਕੇ ਖੁਸੀਆਂ ਝੋਲੀਆ ਭਰਦੀਆਂ ਹਨ ਤੇ ਗੁਰੂ ਰਾਮਦਾਸ ਸਾਹਿਬ ਜੀ ਦੇ ਅਸਥਾਨ ਤੇ 24 ਘੰਟੇ ਦਿਨ ਰਾਤ ਬਿਨਾ ਭੇਦਭਾਵ ਤੋਂ ਲੱਖਾਂ ਸੰਗਤਾਂ ਗੁਰੂ ਕਾ ਲੰਗਰ ਛਕਦੀਆਂ ਹਨ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਸਰ ਸਾਹਿਬ ਜੀ ਵਿਖੇ ਗੁਰੂ ਰਾਮਦਾਸ ਸਾਹਿਬ ਜੀ ਦੀ ਪ੍ਰਕਾਸ ਗੁਰਪੁਰਬ ਨੂੰ ਸਮਰਪਿਤ ਨਗਰ ਕੀਰਤਨ 7 ਅਕਤੂਬਰ ਪੂਰੇ ਅੰਮ੍ਰਿਸਰ ਸਾਹਿਬ ਜੀ ਦੇ ਵੱਖ ਵੱਖ ਬਜਾਰਾਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਛੱਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਹਜਾਰਾਂ ਸੰਗਤਾਂ ਦੀ ਹਾਜਰੀ ਵਿੱਚ ਸਜਾਇਆ ਜਾ ਰਿਹਾ ਹੈ ਤੇ 8 ਅਕਤੂਬਰ ਨੂੰ ਪ੍ਰਕਾਸ ਗੁਰਪੁਰਬ ਸ੍ਰੀ ਦਰਬਾਰ ਸਾਹਿਬ ਜੀ ਵਿਖੇ ਲੱਖਾਂ ਸੰਗਤਾਂ ਨੇ ਨਤਮਸਤਕ ਹੋ ਕਿ ਅਸ਼ੀਰਵਾਦ ਪ੍ਰਾਪਤ ਕਰਕੇ ਆਪਣੀਆਂ ਹਾਜਰੀਆ ਲਗਾਉਣੀਆਂ ਹਨ ਪਿਛਲੇ ਦਿਨੀ ? ਅੰਮ੍ਰਿਸਰ ਡਿਪਟੀ ਕਮਿਸਨਰ ਨੂੰ ਮੰਗ ਪੱਤਰ ਧੰਨ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ ਗੁਰਪੁਰਬ ਨਗਰ ਕੀਰਤਨ ਰੂਟ ਦਰਸਨ ਜਾਣ ਆਉਣ ਵਾਲੇ ਚੌਂਕਾ ਰਸਤਿਆਂ ਵਿੱਚ 7 ਤੇ 8 ਅਕਤੂਬਰ ਨੂੰ ਪਾਨ ਬੀੜੀਆਂ ਆਂਡਾ, ਮੀਟ ਤੇ ਸ਼ਰਾਬ ਦੀਆਂ ਦੁਕਾਨਾਂ ਬੰਦ ਕਰਵਾਉਣ ਦੇ ਹੁਕਮ ਪ੍ਰਕਾਸ ਗੁਰਪੁਰਬ ਗੁਰੂ ਰਾਮਦਾਸ ਸਾਹਿਬ ਜੀ ਦੇ ਸਤਿਕਾਰ ਲਈ ਜਾਰੀ ਕਰਨੇ ਚਾਹੀਦੇ ਹਨ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਚੋਣਾਂ ਤੋ ਪਹਿਲਾਂ ਕੀਤਾ ਚੋਣ ਮੈਨੀਫੈਸਟੋ ਚ ਕੀਤਾ ਵਾਅਦਾ ਸ੍ਰੀ ਅੰਮ੍ਰਿਸਰ ਸਾਹਿਬ ਜੀ ਪਵਿੱਤਰ ਸ਼ਹਿਰ ਦਾ ਦਰਜਾ ਇਨ ਬਿਨ ਲਾਗੂ ਕਰਨਾ ਚਾਹੀਦਾ ਹੈ। ਅਤੇ ਪਵਿੱਤਰਤਾ ਬਹਾਲੀ ਲਈ ਵੱਧ ਤੋਂ ਵੱਧ ਸੰਗਤਾਂ ਵੱਲੋਂ ਇਨਾਂ ਨੰਬਰਾਂ 82643-20308 , 98780-89832 ਤੇ ਸੰਪਰਕ ਕਰਕੇ ਸਮਾਜ ਸੁਧਾਰ ਸੰਸਥਾ ਦੇ ਮੈਂਬਰ ਬਣ ਕਿ ਯੋਗਦਾਨ ਪਾਇਆ ਜਾਵੇ !

ਆਵਾਜ਼ਿ ਕੌਮ AWAZE QAUM International Newspaper & WEB TV

## 69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਸ਼ਤਰੰਜ ਅੰਡਰ -17 ਦਾ ਹਰਪਾਲ ਸਿੰਘ ਚੀਮਾ ਵੱਲੋਂ ਉਦਘਾਟਨ




ਦਿੜ੍ਹਬਾ/ਸੰਗਰੂਰ ( ਰਣਜੀਤ ਸਿੰਘ ਪੇਧਨੀ )-69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਸ਼ਤਰੰਜ ਅੰਡਰ -17 ਲੜਕੇ/ਲੜਕੀਆਂ 2025-26, ਜੋ ਕਿ ਸਟੀਫਨ ਇੰਟਰਨੈਸ਼ਨਲ ਪਬਲਿਕ ਸਕੂਲ, ਮਹਿਲਾਂ ਚੌਕ, ਸੰਗਰੂਰ ਵਿਖੇ ਕਰਵਾਈਆਂ ਜਾ ਰਹੀਆਂ ਹਨ ਤਹਿਤ ਅੰਡਰ -17 ਲੜਕਿਆਂ ਦੇ ਮੁਕਾਬਲਿਆਂ ਦੀ ਸ਼ੁਰੂਆਤ ਕੈਬਨਿਟ ਮੰਤਰੀ, ਪੰਜਾਬ, ਸ. ਹਰਪਾਲ ਸਿੰਘ ਚੀਮਾ ਵੱਲੋਂ ਕਰਵਾਈ ਗਈ। ਇਸ ਮੌਕੇ ਕੈਬਨਿਟ ਮੰਤਰੀ ਸ.ਚੀਮਾ ਨੇ ਭਾਗੀਦਾਰਾਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕੀਤੀ, ਉਨ੍ਹਾਂ ਨੂੰ ਸਮਰਪਣ ਤੇ ਅਨੁਸ਼ਾਸਨ ਦੀ ਭਾਵਨਾ ਨਾਲ ਮੁਕਾਬਲਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਸਰਗਰਮੀ ਨਾਲ ਸ਼ਾਮਲ ਹੋਣ ਲਈ ਉਤਸ਼ਾਹਿਤ ਕੀਤਾ। ਸ. ਚੀਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਰਾਜ ਵਿੱਚ ਖੇਡਾਂ ਦੇ ਮਿਆਰ ਨੂੰ ਉੱਪਰ ਚੁੱਕਣ ਦੇ ਲਈ ਖੇਡ ਨਰਸਰੀਆਂ ਪਿੰਡਾਂ ਵਿੱਚ ਬਣਾਈਆਂ ਗਈਆਂ ਹਨ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪਿੰਡਾਂ ਵਿੱਚ ਵੱਧ ਤੋਂ ਵੱਧ ਯੂਥ ਨੂੰ ਗਰਾਊਂਡਾਂ ਨਾਲ ਜੋੜ ਕੇ ਪੰਜਾਬ ਵਿੱਚ ਖੇਡਾਂ ਦੇ ਮਿਆਰ ਨੂੰ ਉੱਚਾ ਚੁੱਕਿਆ ਜਾਵੇ। ਉਹਨਾਂ ਕਿਹਾ ਕਿ ਹੁਣ ਉਹ ਸਮਾਂ ਦੂਰ ਨਹੀਂ, ਜਦੋਂ ਪੰਜਾਬ ਦੇ ਪਿੰਡਾਂ ਵਿਚੋਂ ਨਿਕਲ ਕੇ ਨੌਜਵਾਨ ਮੁੰਡੇ-ਕੁੜੀਆਂ ਅੰਤਰਰਾਸ਼ਟਰੀ ਪੱਧਰ ਉੱਤੇ ਦੇਸ਼ ਦੀ ਅਗਵਾਈ ਕਰਨਗੇ ਅਤੇ ਨਾਮਣਾ ਖੱਟਣਗੇ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਨਾਲੋਂ ਦੂਰ ਕਰਕੇ ਖੇਡਾਂ ਨਾਲ ਜੋੜਨ ਲਈ ਜਿੱਥੇ "ਖੇਡਾਂ ਵਤਨ ਪੰਜਾਬ ਦੀਆਂ" ਸ਼ੁਰੂ ਕਰਵਾਈਆਂ ਗਈਆਂ ਹਨ। ਉਥੇ ਹੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਉੱਤੇ ਨਾਮ ਚਮਕਾਉਣ ਵਾਲੇ ਖਿਡਾਰੀਆਂ ਨੂੰ ਨੌਕਰੀਆਂ ਅਤੇ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਪੰਜਾਬ ਦਾ ਭਵਿੱਖ ਬਹੁਤ ਹੀ ਸੁਨਹਿਰਾ ਹੈ। ਉਹਨਾਂ ਨੇ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਖੇਡਾਂ ਅਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਸ਼ੁਰੂ ਕੀਤੀਆਂ ਯੋਜਨਾਵਾਂ ਦਾ ਲਾਭ ਲੈਣ। ਕੈਬਨਿਟ ਮੰਤਰੀ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਸਿਹਤਮੰਦ ਅਤੇ ਨਸ਼ਾ ਮੁਕਤ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਵਿੱਚ ਹਿੱਸਾ ਲੈਣ ਨਾਲ ਅਨੁਸ਼ਾਸਨ ਅਤੇ ਟੀਮ ਵਰਕ ਦੀ ਭਾਵਨਾ ਪੈਦਾ ਹੁੰਦੀ ਹੈ ਅਤੇ ਨੌਜਵਾਨਾਂ ਹਰ ਖੇਤਰ ਵਿੱਚ ਵੱਡੇ ਪੱਧਰ ਉੱਤੇ ਮੱਲਾਂ ਮਾਰਨ ਦੇ ਸਮਰੱਥ ਹੋ ਜਾਂਦੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਦਿਨ ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ। ਪਿੰਡਾਂ ਤੇ ਸ਼ਹਿਰਾਂ ਵਿੱਚ ਵੱਡੇ ਪੱਧਰ ਉੱਤੇ ਖੇਡ ਮੈਦਾਨ ਅਤੇ ਸਟੇਡੀਅਮ ਤਿਆਰ ਕੀਤੇ ਜਾ ਰਹੇ ਹਨ। ਇਸ ਮੌਕੇ ਵਿਦਿਆਰਥੀਆਂ ਨੇ ਗਿੱਧੇ ਦੀ ਪੇਸ਼ਕਾਰੀ ਕੀਤੀ ਅਤੇ ਸ਼ਬਦ ਗਾਇਅਨ ਵੀ ਕੀਤਾ। ਇਸ ਟੂਰਨਾਮੈਂਟ ਦੇ ਕਨਵੀਨਰ ਮਨਦੀਪ ਸਿੰਘ, ਡੀ.ਪੀ.ਈ ਨੇ ਦੱਸਿਆ ਕਿ ਅੱਜ ਦੇ ਮੁਕਾਬਲਿਆਂ ਵਿੱਚ 23 ਜ਼ਿਲ੍ਹਿਆਂ ਦੇ 115 ਖਿਡਾਰੀਆਂ ਨੇ ਭਾਗ ਲਿਆ। ਸ਼੍ਰੀਮਤੀ ਨਰੇਸ਼ ਸੈਣੀ, ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਨੇ ਸਮੂਹ ਆਏ ਹੋਏ ਮਹਿਮਾਨਾਂ, ਸ. ਤਪਇੰਦਰ ਸਿੰਘ ਸੋਹੀ ਓ.ਐੱਸ.ਡੀ. (ਵਿੱਤ ਮੰਤਰੀ ਪੰਜਾਬ), ਸਟੀਫਨ ਇੰਟਰਨੈਸਨਲ ਸਕੂਲ ਦੇ ਚੇਅਰਮੈਨ ਦੀਪਕ ਗੁਪਤਾ ਅਤੇ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਹੜ੍ਹ ਪ੍ਰਭਾਵਿਤ ਇਲਾਕਿਆ ਵਿੱਚ 'ਯੂਅਰ ਸੇਵਾ ਚੈਰਿਟੀ' ਵੱਲੋ ਲੱਗਭੱਗ 13 ਨਵੇਂ ਘਰ ਬਣਾ ਕੇ ਦਿੱਤੇ ਜਾਣਗੇ

## ਅੱਜ ਪੰਜਵੇ ਘਰ ਦਾ ਨੀਂਹ ਪੱਥਰ ਰੱਖਿਆ ਗਿਆ













**ਡੇਰਾ ਬਾਬਾ ਨਾਨਕ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਡੇਰਾ ਬਾਬਾ ਨਾਨਕ ਦੇ ਨੇੜੇ ਪਿੰਡ ਕਾਹਲਾਵਾਲੀ ਇੱਥੇ 'ਯੂਅਰ ਸੇਵਾ ਚੈਰਿਟੀ' ਵੱਲੋ ਚੱਲ ਰਹੀ ਸੰਸਥਾ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜੱਬੋਵਾਲ ਦੇ ਜੱਥੇ ਵੱਲੋ ਪਿੰਡ ਕਾਹਲਾਵਾਲੀ ਵਿੱਚ ਗ੍ਰੰਥੀ ਭਾਈ ਹੀਰਾ ਸਿੰਘ ਦੇ ਘਰ ਦਾ ਨੀਂਹ ਪੱਥਰ ਰੱਖਿਆ ਗਿਆ ਖਾਲਸਾ ਅਕੈਡਮੀ ਜੱਬੋਵਾਲ ਦੇ ਮੁੱਖ ਸੇਵਾਦਾਰ ਗਿਆਨੀ ਮਲਕੀਤ ਸਿੰਘ ਵਿਸ਼ੇਸ ਤੌਰ ਤੇ ਆਪਣੇ ਜੱਥੇ ਸਮੇਤ ਪਹੁੰਚੇ ਢਾਈ ਗੁਰਪਰਤਾਪ ਸਿੰਘ ਪਦਮ ਢਾਡੀ ਗੁਰਪਰਤਾਪ ਸਿੰਘ ਪਦਮ ਵੱਲੋ ਸੰਗਤਾ ਨੂੰ ਸੰਸਥਾ ਦਾ ਸਹਿਯੋਗ ਦੇਣ ਦਾ ਹੋਕਾ ਦਿੱਤਾ ਇਸ ਮੌਕੇ ਤੇ ਗਿਆਨੀ ਤੇਜਬੀਰ ਸਿੰਘ ਭਲਾਈਪੁਰ ਸੁਖਚੈਨ ਸਿੰਘ ਮਨਦੀਪ ਸਿੰਘ ਮੱਲ੍ਹੀ ਸੁਖਦੇਵ ਸਿੰਘ ਧਰਮਿੰਦਰ ਸਿੰਘ ਬਲਰਾਜ ਸਿੰਘ ਸਤਵੰਤ ਸਿੰਘ ਹਰਵਿੰਦਰ ਸਿੰਘ ਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸ਼੍ਰੀ ਹਰਿਮੰਦਰ ਸਾਹਿਬ ਦੇ ਪਹਿਲੇ ਗ੍ਰੰਥੀ-ਬਾਬਾ ਬੁੱਢਾ ਜੀ

## ਜੋੜ-ਮੇਲੇ 'ਤੇ ਵਿਸ਼ੇਸ਼



ਗੁਰੂ ਘਰ ਦੇ ਸੇਵਕ ਬਾਬਾ ਬੁੱਢਾ ਜੀ ਦਾ ਜਨਮ 22 ਅਕਤੂਬਰ 1506 ਈ: ਮੁਤਾਬਕ 7 ਕੱਤਕ ਸੰਮਤ 1563 ਬਿਕਰਮੀ ਨੂੰ ਪਿਤਾ ਭਾਈ ਸੁੱਖੇ ਰੰਧਾਵੇ ਦੇ ਘਰ ਮਾਤਾ ਗੋਰਾਂ ਜੀ ਦੀ ਕੁੱਖ ਤੋਂ ਪਿੰਡ ਕੱਥੂਨੰਗਲ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਇਆ। ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਸੁੱਘੇ ਰੰਧਾਵੇ ਦੇ ਘਰ ਮਾਤਾ ਗੌਰਾਂ ਦੇ ਉਦਰ ਤੋਂ 7 ਕੱਤਕ ਸੰਮਤ 1563 ਨੂੰ ਕੱਥੂਨੰਗਲ ਪਿੰਡ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਬਾਬਾ ਬੁੱਢਾ ਜੀ ਦਾ ਜਨਮ ਹੋਇਆ। ਮਾਤਾ-ਪਿਤਾ ਨੇ ਆਪ ਦਾ ਨਾਮ ਬੂੜਾ ਰੱਖਿਆ। ਕੁਝ ਸਮੇਂ ਬਾਅਦ ਆਪ ਦੇ ਮਾਤਾ-ਪਿਤਾ ਦਰਿਆ ਰਾਵੀ ਦੇ ਕੰਢੇ 'ਤੇ ਵਸੇ ਇੱਕ ਪਿੰਡ ਰਮਦਾਸ ਵਿਖੇ ਜਾ ਕੇ ਆਬਾਦ ਹੋ ਗਏ ਸਨ। ਇਸੇ ਹੀ ਪਿੰਡ ਦੀ ਇੱਕ ਜੂਹ ਵਿੱਚ ਮੱਝਾਂ ਚਾਰਦਿਆਂ ਬਾਬਾ ਜੀ ਦਾ ਮੇਲ 1518 ਈ: (ਸੰਮਤ 1575) ਵਿੱਚ ਜਗਤ ਗੁਰੂ, ਗੁਰੂ ਨਾਨਕ ਸਾਹਿਬ ਨਾਲ ਹੋਇਆ। ਉਸ ਸਮੇਂ ਬਾਬਾ ਜੀ ਦੀ ਉਮਰ 12 ਸਾਲ ਸੀ। ਬਾਬਾ ਬੁੱਢਾ ਜੀ ਸਦਾ ਵਾਸਤੇ ਗੁਰੂ ਘਰ ਨਾਲ ਜੁੜ ਗਏ। ਗੁਰੂ ਜੀ ਦੇ ਦਰਸ਼ਨ ਕਰਦਿਆਂ ਹੀ ਉਹਨਾਂ ਦੀ ਆਤਮਾ ਵਿੱਚ ਪਰਮਾਤਮਾ ਦੀ ਜੋਤ ਦਾ ਪ੍ਰਕਾਸ਼ ਹੋ ਗਿਆ। ਗੁਰੂ ਨਾਨਕ ਦੀ ਸੰਗਤ ਕਰਨ ਤੋਂ ਬਾਅਦ ਆਪ ਦਾ ਨਾਮ ਬਾਬਾ ਬੁੱਢਾ ਪ੍ਰਸਿੱਧ ਹੋ ਗਿਆ ਸੀ।

ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਗੁਰੂ ਨਾਨਕ ਦੇਵ ਜੀ ਜਦ ਵਿਚਰਦੇ ਹੋਏ 'ਬੂੜਾ' ਦੇ ਪਿੰਡ ਵੱਲ ਆਏ ਤਦ ਇਹ ਪਸ਼ੂ ਚਾਰਦੇ ਹੋਏ ਪ੍ਰੇਮ ਭਾਵ ਨਾਲ ਗੁਰੂ ਸਾਹਿਬ ਜੀ ਦੀ ਸੇਵਾ ਵਿੱਚ ਦੁੱਧ ਲੈ ਕੇ ਹਾਜ਼ਰ ਹੋਏ ਅਤੇ ਵਿਵੇਕ ਵੈਰਾਗ

ਆਵਾਜ਼ਿ ਕੌਮ
AWAZE QAUM
International Newspaper & WEB TV

ਦੀਆਂ ਗੱਲਾਂ ਸੁਣਾਈਆਂ। ਸਤਿਗੁਰੂ ਨੇ ਫ਼ਰਮਾਇਆ ਕਿ ਭਾਵੇਂ ਤੇਰੀ ਉਮਰ ਛੋਟੀ ਹੈ ਪਰ ਸਮਝ ਕਰਕੇ ਬੁੱਢਾ ਹੈਂ, ਉਸ ਦਿਨ ਤੋਂ ਬਾਅਦ ਨਾਮ 'ਬੁੱਢਾ' ਪ੍ਰਸਿੱਧ ਹੋ ਗਿਆ।

ਬਾਬਾ ਬੁੱਢਾ ਜੀ ਆਪਣੇ ਘਰ-ਪਰਿਵਾਰ ਨੂੰ ਤਿਆਗ ਕੇ ਕਰਤਾਰਪੁਰ ਗੁਰੂ ਘਰ ਦੀ ਸੇਵਾ ਵਿੱਚ ਜੁੜ ਗਏ। ਗੁਰੂ ਘਰ ਦੀ ਸੇਵਾ ਕਰਦਿਆਂ ਕਾਫ਼ੀ ਸਮਾਂ ਲੰਘ ਗਿਆ। ਬਾਬਾ ਜੀ ਗ੍ਰਿਹਸਤ ਜੀਵਨ ਧਾਰਨ ਨਹੀਂ ਕਰਨਾ ਚਾਹੁੰਦੇ ਸਨ ਪਰ ਮਾਤਾ-ਪਿਤਾ ਦੀਆਂ ਇਛਾਵਾਂ ਤੇ ਆਗਿਆ ਦਾ ਸਤਿਕਾਰ ਕਰਦਿਆਂ 1523 ਈ: 15 ਫੱਗਣ ਸੰਮਤ 1580 ਬਿਕਰਮੀ ਨੂੰ ਆਪ ਦਾ ਵਿਆਹ ਪਿੰਡ ਅੱਚਲ ਬਟਾਲੇ ਵਿੱਚ ਸਮਰਾਹ ਗੋਤ ਦੀ ਸਪੁੱਤਰੀ ਬੀਬੀ 'ਮਿਰੋਆ' ਨਾਲ ਹੋਇਆ। ਆਪ ਦੇ ਘਰ ਚਾਰ ਪੁੱਤਰ ਭਾਈ ਸੁਧਾਰੀ, ਭਾਈ ਭਿਖਾਰੀ, ਭਾਈ ਮਹਿਮੂ ਤੇ ਭਾਈ ਭਾਨਾ ਜੀ ਹੋਏ। ਕੁਝ ਸਮਾਂ ਪਰਿਵਾਰ ਨਾਲ ਬਿਤਾ ਕੇ ਬਾਬਾ ਜੀ ਗੁਰੂ ਦੀ ਸੇਵਾ ਵਿੱਚ ਲੱਗ ਗਏ। ਸੇਵਾ ਵਿੱਚ ਹੀ ਆਪਾ ਵਲੀਨ ਕਰ ਛੱਡਿਆ।

ਜਦੋਂ ਗੁਰੂ ਨਾਨਕ ਦੇਵ ਜੀ ਦਾ ਸੱਚ-ਖੰਡ ਵਾਪਸੀ ਦਾ ਸਮਾਂ ਨੇੜੇ ਆ ਗਿਆ ਤਾਂ ਉਸ ਸਮੇਂ ਉਹਨਾਂ ਬਾਬਾ ਬੁੱਢਾ ਜੀ ਪਾਸੋਂ ਭਾਈ ਲਹਿਣਾ ਨੂੰ ਗੁਰਿਆਈ ਦਾ ਤਿਲਕ ਲਗਵਾਇਆ। ਗੁਰੂ ਨਾਨਕ ਦੇਵ ਜੀ ਨੇ ਉਹਨਾਂ ਨੂੰ ਆਪਣਾ ਅੰਗ ਜਾਣ ਗੁਰੂ ਅੰਗਦ ਬਣਾ ਦਿੱਤਾ ਤੇ ਆਪ ਗੁਰੂ ਜੋਤ (ਗੁਰੂ ਅੰਗਦ ਦੇਵ ਜੀ) ਨੂੰ ਮੱਥਾ ਟੇਕਿਆ। ਗੁਰੂ ਘਰ ਵੱਲੋਂ ਬਾਬਾ ਬੁੱਢਾ ਜੀ ਦੁਆਰਾ ਕਰਵਾਇਆ ਗਿਆ ਇਹ ਪਹਿਲਾ ਮਹੱਤਵਪੂਰਨ ਕਾਰਜ ਸੀ।

ਗੁਰੂ ਅੰਗਦ ਦੇਵ ਜੀ ਵੱਲੋਂ ਗੁਰੂ ਨਾਨਕ ਦੇ ਹੁਕਮ ਦੀ ਪਾਲਣਾ ਕਰਦਿਆਂ ਖਡੂਰ ਸਾਹਿਬ ਵਿਖੇ ਧਰਮਸਾਲਾ ਸਥਾਪਿਤ ਕੀਤੀ। ਜਦੋਂ ਗੁਰੂ ਅੰਗਦ ਸਾਹਿਬ ਖਡੂਰ ਸਾਹਿਬ ਵਿਖੇ ਇੱਕ ਬੁੱਢੀ ਮਾਈ ਭਰਾਈ ਦੇ ਘਰ ਇਕਾਂਤਵਾਸ ਵਿੱਚ ਰਹਿਣ ਲੱਗ ਪਏ ਤਾਂ ਉਦੋਂ ਸਿੱਖ ਸੰਗਤਾਂ ਕਰਤਾਰਪੁਰ ਤੋਂ ਖਡੂਰ ਸਾਹਿਬ ਆਉਂਦੀਆਂ ਅਤੇ ਗੁਰੂ ਸਾਹਿਬ ਦਾ ਕੋਈ ਪਤਾ ਨਾ ਮਿਲਣ ਤੇ ਨਿਰਾਸ਼ ਹੋ ਕੇ ਮੁੜ ਜਾਂਦੀਆਂ। ਕੁਝ ਮਹੀਨੇ ਇਸ ਤਰ੍ਹਾਂ ਬੀਤ ਜਾਣ ਤੋਂ ਬਾਅਦ ਕੁਝ ਪ੍ਰਮੁੱਖ ਸਿੱਖਾਂ ਨੇ ਬਾਬਾ ਬੁੱਢਾ ਜੀ ਕੋਲ ਜਾਕੇ ਬੇਨਤੀ ਕੀਤੀ ਕਿ ਗੁਰੂ ਜੀ ਦੀ ਭਾਲ ਕਰਕੇ ਉਹਨਾਂ ਨੂੰ ਸਿੱਖ ਪੰਥ ਦੀ ਅਗਵਾਈ ਦਾ ਰਾਹ ਸੰਭਾਲਣ ਲਈ ਬੇਨਤੀ ਕੀਤੀ ਜਾਵੇ। ਬਾਬਾ ਬੁੱਢਾ ਜੀ ਸੰਗਤਾਂ ਨੂੰ ਨਾਲ ਲੈ ਕੇ ਮਾਈ ਭਿਰਾਈ ਦੇ ਘਰ ਗਏ। ਬਾਬਾ ਜੀ ਨੇ ਸੰਗਤਾਂ ਨੂੰ ਗੁਰੂ ਜੀ ਨਾਲ ਮਿਲਾਇਆ। ਗੁਰੂ ਅੰਗਦ ਦੇਵ ਜੀ ਨੇ ਗੁਰਮੁਖੀ ਲਿਪੀ ਵਿੱਚ ਸੁਧਾਈ ਕਰਕੇ ਇਸ ਨੂੰ ਸਰਲ ਬਣਾਇਆ। ਬਾਬਾ ਬੁੱਢਾ ਜੀ ਨੇ ਸਿੱਖ ਸੰਗਤਾਂ ਨੂੰ ਗੁਰਮੁਖੀ ਪੜ੍ਹਾਉਣ ਦੀ ਸੇਵਾ ਵੀ ਕੀਤੀ। ਗੁਰੂ ਅੰਗਦ ਦੇਵ ਜੀ ਜਦੋਂ ਕਈ-ਕਈ ਦਿਨ ਸਮਾਧੀ ਸਥਿਤ ਰਹਿੰਦੇ ਸਨ ਤਾਂ ਬਾਬਾ ਬੁੱਢਾ ਜੀ ਅਤੇ ਮਾਤਾ ਖੀਵੀ ਜੀ ਲੰਗਰ ਦਾ ਪ੍ਰਬੰਧ ਕਰਦੇ। ਜਦੋਂ ਗੁਰੂ ਅੰਗਦ ਦੇਵ ਜੀ ਨੇ ਆਪਣਾ ਅੰਤਿਮ ਸਮਾਂ ਨੇੜੇ ਆਉਂਦਾ ਦੇਖਿਆ ਤਾਂ ਉਹਨਾਂ ਅਮਰਦਾਸ ਜੀ ਦੀ ਸਿੱਖੀ ਵਿੱਚ ਸ਼ਰਧਾ, ਪ੍ਰੇਮ, ਸੇਵਾ ਤੇ ਕੁਰਬਾਨੀ ਦੇ ਪੁੰਜ ਨੂੰ ਗੁਰਗੱਦੀ ਦੀ ਜ਼ੁੰਮੇਵਾਰੀ ਸੌਂਪ ਕੇ ਬਾਬਾ ਬੁੱਢਾ ਜੀ ਤੋਂ ਗੁਰਿਆਈ ਦਾ ਤਿਲਕ ਲਗਵਾਇਆ।

ਗੁਰੂ ਅਮਰਦਾਸ ਜੀ ਨੇ ਗੁਰਗੱਦੀ ਮਿਲਣ ਤੋਂ ਬਾਅਦ ਖਡੂਰ ਸਾਹਿਬ ਨੂੰ ਛੱਡ ਕੇ ਗੋਇੰਦਵਾਲ ਨੂੰ ਸਿੱਖੀ ਦੇ ਪ੍ਰਚਾਰ ਦਾ ਕੇਂਦਰ ਬਣਾਇਆ। ਗੁਰੂ ਅੰਗਦ ਸਾਹਿਬ ਦੇ ਸਪੁੱਤਰ ਦਾਤੂ ਜੀ ਗੁਰਗੱਦੀ ਨਾ ਮਿਲਣ ਕਰਕੇ ਗੁਰੂ ਅਮਰਦਾਸ ਜੀ ਨਾਲ ਈਰਖਾ ਕਰਨ ਲੱਗੇ। ਗੁਰੂ ਅਮਰਦਾਸ ਜੀ ਸ਼ਾਂਤ ਸੁਭਾਅ ਦੇ ਸਨ। ਉਹ ਗੋਇੰਦਵਾਲ ਛੱਡ ਕੇ ਚੁੱਪ-ਚਾਪ ਆਪਣੇ ਜੱਦੀ ਪਿੰਡ ਬਾਸਰਕੇ ਆ ਗਏ ਤੇ ਪਿੰਡ ਦੇ ਬਾਹਰ ਇੱਕ ਕੋਠੇ ਵਿੱਚ ਵੜ ਕੇ ਬੂਹਾ (ਦਰਵਾਜ਼ਾ) ਬੰਦ ਕਰਕੇ ਬੈਠ ਗਏ। ਦਰਵਾਜ਼ੇ ਦੇ ਬਾਹਰ ਲਿਖ ਦਿੱਤਾ ਕਿ ਜੋ ਦਰਵਾਜ਼ਾ ਖੋਲ੍ਹੇਗਾ ਉਹ ਸਾਡਾ ਸਿੱਖ ਨਹੀਂ। ਗੋਇੰਦਵਾਲ ਸਾਹਿਬ ਵਿਖੇ ਸੰਗਤਾਂ ਗੁਰੂ ਦਰਸ਼ਨਾਂ ਲਈ ਹੁੰਮ-ਹੁੰਮਾ ਕੇ ਆਉਂਦੀਆਂ। ਜਦੋਂ ਗੁਰੂ ਸਾਹਿਬ ਦੇ ਦਰਸ਼ਨ ਨਾ ਹੋਏ ਤਾਂ ਸੰਗਤਾਂ ਨੇ ਬਾਬਾ ਬੁੱਢਾ ਜੀ ਨੂੰ ਗੁਰੂ ਸਾਹਿਬ ਦੀ ਭਾਲ ਕਰਨ ਲਈ ਬੇਨਤੀ ਕੀਤੀ। ਬਾਬਾ ਜੀ ਸੰਗਤਾਂ ਨੂੰ ਲੈ ਕੇ ਪਿੰਡ ਬਾਸਰਕੇ ਆਏ। ਉਸ ਕੋਠੇ ਦੇ ਬਾਹਰ ਆ ਕੇ ਖੜ੍ਹੇ ਹੋ ਗਏ। ਜਿਸ ਵਿੱਚ ਗੁਰੂ ਸਾਹਿਬ ਨੇ ਡੇਰਾ ਲਾਇਆ ਹੋਇਆ ਸੀ। ਬਾਬਾ ਬੁੱਢਾ ਜੀ ਗੁਰੂ ਹੁਕਮ ਦੀ ਅਵੱਗਿਆ ਵੀ ਨਹੀਂ ਕਰਨਾ ਚਾਹੁੰਦੇ ਸਨ। ਉਹਨਾਂ ਕਾਫ਼ੀ ਸੋਚ-ਵਿਚਾਰ ਤੋਂ ਬਾਅਦ ਕੋਠੇ ਦੇ ਪਿਛਲੇ ਪਾਸੇ ਤੋਂ ਕੰਧ ਨੂੰ ਸੰਨ੍ਹ ਲਾਈ ਤੇ ਅੰਦਰ ਜਾ ਕੇ ਗੁਰੂ ਸਾਹਿਬ ਨੂੰ ਮੱਥਾ ਟੇਕਿਆ। ਗੁਰੂ ਜੀ, ਬਾਬਾ ਬੁੱਢਾ ਜੀ ਦੀ ਸ਼ਰਧਾ ਤੇ ਸੰਗਤਾਂ ਦੀ ਬਿਹਬਲਤਾ, ਉਦਾਸੀ ਤੋਂ ਬਹੁਤ ਪ੍ਰਭਾਵਿਤ ਹੋਏ। ਬਾਬਾ ਬੁੱਢਾ ਜੀ ਦੇ ਬਚਨਾਂ ਨੂੰ ਨਾ ਟਾਲ ਸਕਣ ਕਾਰਨ ਹੀ ਗੁਰੂ ਸਾਹਿਬ ਕੋਠੇ ਵਿੱਚੋਂ ਬਾਹਰ ਆ ਕੇ ਗੋਇੰਦਵਾਲ ਸਾਹਿਬ ਜਾ ਕੇ ਸਿੱਖੀ ਦੇ ਕਾਰਜ ਕਰਨ ਲੱਗੇ।

ਗੁਰੂ ਅਮਰਦਾਸ ਜੀ ਨੇ ਬਾਹਰ ਆ ਕੇ ਜਦ ਵੇਖਿਆ ਕਿ ਊਚ-ਨੀਚ ਤੇ ਛੂਤ-ਛਾਤ ਕਾਰਨ ਮਨੁੱਖ, ਮਨੁੱਖ ਨੂੰ ਨਫ਼ਰਤ ਕਰਦਾ ਹੈ ਤਾਂ ਉਹਨਾਂ ਦੇ ਹੱਲ ਲਈ ਬਾਉਲੀ ਬਣਾਉਣੀ ਚਾਹੀ। ਗੁਰੂ ਜੀ ਨੇ ਬਾਉਲੀ ਦਾ ਟੱਕ 1552 ਈ: ਵਿੱਚ ਬਾਬਾ ਬੁੱਢਾ ਜੀ ਪਾਸੋਂ ਲਗਵਾਇਆ। ਗੁਰੂ ਅਮਰਦਾਸ ਜੀ ਨੇ ਸਿੱਖੀ ਦੇ ਪ੍ਰਚਾਰ ਖੇਤਰ ਨੂੰ ਵਧਾਉਣ ਹਿੱਤ 22 ਮੰਜੀਆਂ ਦੀ ਅਸਥਾਪਨਾ ਕੀਤੀ। ਇਸ ਮੰਜੀ ਪ੍ਰਥਾ ਦੇ ਮੁੱਖ ਪ੍ਰਬੰਧਕ ਬਾਬਾ ਬੁੱਢਾ ਜੀ ਸਨ। ਅਕਬਰ ਬਾਦਸ਼ਾਹ ਜਦ ਪਹਿਲੀ ਵਾਰ ਗੁਰੂ ਦਰਸ਼ਨਾਂ ਲਈ ਗੁਰੂ ਦਰਬਾਰ ਵਿੱਚ ਹਾਜ਼ਰ ਹੋਇਆ ਤਾਂ ਬਾਬਾ ਬੁੱਢਾ ਜੀ ਨੇ ਉਸ ਨੂੰ ਨਿਰਮਲ ਪੰਥ ਦੀ ਮਰਯਾਦਾ ਤੋਂ ਜਾਣੂ ਕਰਵਾਇਆ ਸੀ। ਅਕਬਰ ਬਾਦਸ਼ਾਹ ਗੁਰੂ ਕਾ ਲੰਗਰ ਵਿੱਚ ਕੜਾਹ-ਪ੍ਰਸ਼ਾਦ ਤੇ ਲੰਗਰ ਛਕ ਕੇ ਪ੍ਰਸੰਨ ਹੋਇਆ। ਬਾਬਾ ਬੁੱਢਾ ਜੀ ਤੋਂ ਲੰਗਰ ਦੀ ਮਹਿਮਾ ਸੁਣ ਕੇ 12 ਪਿੰਡਾਂ ਦਾ ਪਟਾ ਲਿਖਵਾ ਕੇ ਗੁਰੂ ਜੀ ਦੀ ਭੇਟਾ ਕੀਤਾ ਪਰ ਗੁਰੂ ਸਾਹਿਬ ਨੇ ਲੈਣ ਤੋਂ ਨਾਂਹ ਕਰ ਦਿੱਤੀ।

ਗੁਰੂ ਅਮਰਦਾਸ ਜੀ ਨੇ ਆਪ ਥਾਂ ਪਸੰਦ ਕਰਕੇ 'ਗੁਰੂ ਕਾ ਚੱਕ' ਵਸਾਉਣ ਦੀ ਜ਼ੁੰਮੇਵਾਰੀ ਰਾਮਦਾਸ ਜੀ ਨੂੰ ਸੌਂਪੀ। ਕਾਰ-ਸੇਵਾ ਦਾ ਮੁਖੀ ਬਾਬਾ ਬੁੱਢਾ ਜੀ ਨੂੰ ਬਣਾਇਆ ਗਿਆ। ਗੁਰੂ ਅਮਰਦਾਸ ਜੀ ਨੇ ਸੱਚ-ਖੰਡ ਵਾਪਸੀ ਦਾ ਸਮਾਂ ਨੇੜੇ ਆ ਗਿਆ ਜਾਣ ਕੇ ਨਿਸ਼ਕਾਮ ਸੇਵਕ (ਗੁਰੂ) ਰਾਮਦਾਸ ਜੀ ਅੱਗੇ ਪੰਜ ਪੈਸੇ ਤੇ ਨਾਰੀਅਲ ਰੱਖ ਕੇ ਮੱਥਾ ਟੇਕਿਆ ਤੇ ਆਪਣੇ ਅਸਥਾਨ 'ਤੇ ਬਿਠਾਇਆ। ਬਾਬਾ ਬੁੱਢਾ ਜੀ ਪਾਸੋਂ ਗੁਰਿਆਈ ਦਾ ਤਿਲਕ ਲਵਾਇਆ। ਕੁਝ ਸਮੇਂ ਪਿੱਛੋਂ ਗੁਰੂ ਅਮਰਦਾਸ ਜੀ ਜੋਤੀ-ਜੋਤਿ ਸਮਾ ਗਏ। ਗੁਰੂ ਅਮਰਦਾਸ ਜੀ ਦੀਆਂ ਅੰਤਿਮ ਰਸਮਾਂ ਬਾਬਾ ਬੁੱਢਾ ਜੀ ਨੇ ਆਪਣੇ ਹੱਥੀਂ ਕੀਤੀਆਂ।

ਗੁਰੂ ਰਾਮਦਾਸ ਜੀ ਨੇ ਰਾਮਦਾਸਪੁਰ ਦੀ ਸਥਾਪਨਾ ਕਰਕੇ-ਅੰਮ੍ਰਿਤ ਸਰੋਵਰ ਦਾ ਟੱਕ ਲਗਵਾ ਕੇ ਬਾਬਾ ਬੁੱਢਾ ਜੀ ਨੂੰ ਇਸ ਮਹਾਨ ਕਾਰ-ਸੇਵਾ ਦਾ ਕੰਮ ਸੌਂਪਿਆ। ਜਿਸ ਥਾਂ ਤੇ ਬੈਠ ਕੇ ਬਾਬਾ ਬੁੱਢਾ ਜੀ ਪਵਿੱਤਰ ਸਰੋਵਰ ਦੀ ਸੇਵਾ ਕਰਵਾਇਆ ਕਰਦੇ ਸਨ। ਉਹ ਬੇਰੀ ਸ਼੍ਰੀ ਦਰਬਾਰ ਸਾਹਿਬ ਦੀ ਪਰਕਰਮਾ ਵਿੱਚ 'ਬੇਰ ਬਾਬਾ ਬੁੱਢਾ ਜੀ' ਦੀ ਇਤਿਹਾਸਿਕ ਯਾਦ ਵਜੋਂ ਅੱਜ ਵੀ ਮੌਜੂਦ (ਸੁਰੱਖਿਅਤ) ਹੈ। ਗੁਰੂ ਰਾਮਦਾਸ ਜੀ ਨੇ ਪਹਿਲੇ ਗੁਰੂ ਸਾਹਿਬਾਨ ਦੀਆਂ ਕਾਇਮ ਕੀਤੀਆਂ ਰਵਾਇਤਾਂ ਅਨੁਸਾਰ ਆਪ (ਗੁਰੂ) ਅਰਜਨ ਦੇਵ ਜੀ ਨੂੰ ਗੁਰਗੱਦੀ ਦੀ ਜ਼ੁੰਮੇਵਾਰੀ ਸੌਂਪ ਕੇ ਬਾਬਾ ਬੁੱਢਾ ਜੀ ਪਾਸੋਂ ਤਿਲਕ ਦੀ ਰਸਮ ਕਰਵਾਈ ਤੇ ਉਸੇ ਦਿਨ ਗੁਰੂ ਰਾਮਦਾਸ ਜੀ ਜੋਤੀ-ਜੋਤਿ ਸਮਾਏ। ਗੁਰੂ ਜੀ ਦੇ ਅੰਤਿਮ ਸਸਕਾਰ ਦੀਆਂ ਜ਼ੁੰਮੇਵਾਰੀਆਂ ਵੀ ਬਾਬਾ ਬੁੱਢਾ ਜੀ ਨੇ ਨਿਭਾਈਆਂ।

ਗੁਰੂ ਅਰਜਨ ਦੇਵ ਜੀ ਨੇ ਸ਼੍ਰੀ ਹਰਿਮੰਦਰ ਸਾਹਿਬ ਦੀ ਉਸਾਰੀ ਦੇ ਕੰਮ ਦੀ ਕਾਰ-ਸੇਵਾ ਦਾ ਸਮੁੱਚਾ ਪ੍ਰਬੰਧ ਬਾਬਾ ਬੁੱਢਾ ਜੀ ਨੂੰ ਸੰਭਾਲ ਦਿੱਤਾ। ਬਾਬਾ ਬੁੱਢਾ ਜੀ ਅੰਮ੍ਰਿਤ ਸਰੋਵਰ ਦੇ ਕੰਢੇ ਬੇਰੀ ਹੇਠ ਬੈਠ ਕੇ ਸਾਰੇ ਕੰਮ ਨੂੰ ਆਪਣੀ ਦੇਖ-ਰੇਖ ਵਿੱਚ ਕਰਵਾਉਂਦੇ। ਬਾਬਾ ਬੁੱਢਾ ਜੀ ਨੇ ਲਾਹੌਰ ਦੇ ਹਾਕਮ ਵਜ਼ੀਰ ਖਾਂ ਦਾ ਰੋਗ ਦੂਰ ਕੀਤਾ। ਬਾਬਾ ਬੁੱਢਾ ਜੀ ਨੇ ਗੁਰੂ ਅਰਜਨ ਦੇਵ ਜੀ ਦੇ ਵੱਡੇ ਭਰਾ ਪ੍ਰਿਥੀ ਚੰਦ ਵੱਲੋਂ ਕੀਤੇ ਹਰ ਹਮਲੇ ਨੂੰ ਅਸਫਲ ਬਣਾਇਆ। ਗੁਰੂ ਅਰਜਨ ਦੇਵ ਜੀ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਬੀੜ ਲਿਖਵਾ ਕੇ ਸੰਮਤ 1661 ਬਿਕਰਮੀ, ਸੰਨ 1604 ਈ: ਵਿੱਚ ਸ਼੍ਰੀ ਹਰਿਮੰਦਰ ਸਾਹਿਬ ਵਿੱਚ 'ਆਦਿ ਗ੍ਰੰਥ' ਦਾ ਪਹਿਲਾ ਪ੍ਰਕਾਸ਼ ਕੀਤਾ ਗਿਆ ਤਾਂ ਬਾਬਾ ਬੁੱਢਾ ਜੀ ਨੂੰ ਪਹਿਲਾ ਗ੍ਰੰਥੀ ਥਾਪਿਆ ਗਿਆ। ਬਾਬਾ ਬੁੱਢਾ ਜੀ ਨੇ ਹੀ ਪਹਿਲਾ ਵਾਕ ਸੰਗਤਾਂ ਨੂੰ ਸਰਵਣ ਕਰਵਾਇਆ।

ਗੁਰੂ ਅਰਜਨ ਦੇਵ ਜੀ ਲਾਹੌਰ ਵਿਖੇ ਸ਼ਹੀਦੀ ਤੋਂ ਪਹਿਲਾਂ ਭਾਵੇਂ (ਗੁਰੂ) ਹਰਿਗੋਬਿੰਦ ਸਾਹਿਬ ਜੀ ਨੂੰ ਗੁਰਿਆਈ ਦੇ ਗਏ ਸਨ ਪਰ ਸ਼ਹੀਦੀ ਤੋਂ ਬਾਅਦ ਹੀ ਬਾਬਾ ਬੁੱਢਾ ਜੀ ਨੇ ਗੁਰੂ ਜੀ ਨੂੰ ਤਿਲਕ ਲਗਾਇਆ ਅਤੇ ਮੀਰੀ-ਪੀਰੀ ਦੀਆਂ ਦੋ ਕਿਰਪਾਨਾਂ ਵੀ ਪਹਿਨਾਈਆਂ ਤਾਂ ਜੋ ਜ਼ਾਲਮ ਤੇ ਜਾਬਰ ਹਕੂਮਤ ਦੀਆਂ ਵਧੀਕੀਆਂ ਦਾ ਉਹਨਾਂ ਨਾਲ ਮੁਕਾਬਲਾ ਕੀਤਾ ਜਾ ਸਕੇ। ਬਾਬਾ ਬੁੱਢਾ ਜੀ ਵੱਲੋਂ ਭਗਤੀ ਤੇ ਸ਼ਕਤੀ ਦੇ ਸਿਧਾਂਤ ਨੂੰ ਤਿਲਕ ਲਾਇਆ ਗਿਆ। ਸ਼੍ਰੀ ਅਕਾਲ ਤਖ਼ਤ ਦੀ ਨੀਂਹ ਗੁਰੂ ਜੀ ਨੇ ਬਾਬਾ ਬੁੱਢਾ ਜੀ ਤੋਂ ਰਖਵਾਈ। ਗੁਰੂ ਹਰਿਗੋਬਿੰਦ ਸਾਹਿਬ ਨੇ ਗੁਰਮੁਖੀ ਬਾਬਾ ਬੁੱਢਾ ਜੀ ਤੋਂ ਪੜ੍ਹੀ। ਜਹਾਂਗੀਰ ਨੇ ਜਦ ਗੁਰੂ ਹਰਿਗੋਬਿੰਦ ਸਾਹਿਬ ਨੂੰ ਗਵਾਲੀਅਰ ਦੇ ਕਿਲ੍ਹੇ ਵਿੱਚ ਕੈਦ ਕਰਵਾ ਦਿੱਤਾ ਤਾਂ ਮਗਰੋਂ ਗੁਰੂ ਘਰ ਦਾ ਸਾਰਾ ਪ੍ਰਬੰਧ ਬਾਬਾ ਬੁੱਢਾ ਜੀ ਨੇ ਕੀਤਾ। ਬਾਬਾ ਬੁੱਢਾ ਜੀ ਮਾਤਾ ਗੰਗਾ ਜੀ ਦੇ ਹੁਕਮ ਅਨੁਸਾਰ ਗਵਾਲੀਅਰ ਗਏ ਪਰ ਗੁਰੂ ਜੀ ਦੇ ਦਰਸ਼ਨ ਨਾ ਕਰ ਸਕੇ। ਜਦ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਵਿੱਚੋਂ ਰਿਹਾਅ ਹੋਏ ਤਾਂ ਬਾਬਾ ਬੁੱਢਾ ਜੀ ਨੇ ਉਹਨਾਂ ਦੇ ਸ਼੍ਰੀ ਅੰਮ੍ਰਿਤਸਰ ਪੁੱਜਣ ਤੇ ਸਾਰੇ ਸ਼ਹਿਰ ਵਿੱਚ ਦੀਪਮਾਲਾ ਕਰਵਾਈ। ਬਾਬਾ ਬੁੱਢਾ ਜੀ ਨੇ ਚੌਂਕੀ ਸਾਹਿਬ ਦੀ ਰੀਤ ਚਲਾਈ। ਚੌਂਕੀ ਸਾਹਿਬ ਦੀ ਰੀਤ ਉਸ ਸਮੇਂ ਤੋਂ ਹੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਨਿਰੰਤਰ ਜਾਰੀ ਹੈ। ਚਾਹੇ ਮੀਂਹ ਹੋਵੇ, ਚਾਹੇ ਹਨੇਰੀ।

ਬਾਬਾ ਬੁੱਢਾ ਜੀ ਇਸ ਸਮੇਂ ਕਾਫ਼ੀ ਬਿਰਧ ਅਵਸਥਾ ਵਿੱਚ ਸਨ। ਗੁਰੂ ਹਰਿਗੋਬਿੰਦ ਸਾਹਿਬ ਤੋਂ ਆਗਿਆ ਲੈ ਕੇ ਆਪਣੇ ਪਿੰਡ ਰਮਦਾਸ ਆ ਗਏ। ਬਾਬਾ ਬੁੱਢਾ ਜੀ ਨੇ ਪੰਜ ਗੁਰੂ ਸਾਹਿਬਾਨਾਂ (ਦੂਜੇ, ਤੀਜੇ, ਚੌਥੇ, ਪੰਜਵੇਂ, ਛੇਵੇਂ) ਨੂੰ ਆਪਣੇ ਹੱਥੀਂ ਗੁਰਿਆਈ ਦੇ ਤਿਲਕ ਦੀ ਰਸਮ ਕੀਤੀ ਤੇ ਅੱਠ ਗੁਰੂ ਸਾਹਿਬਾਨਾਂ ਦੇ ਆਪ ਨੂੰ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਬਾਬਾ ਬੁੱਢਾ ਜੀ ਨੇ ਸੰਤੋਖਸਰ, ਰਾਮਸਰ, ਕੌਲਸਰ, ਬਿਬੇਕਸਰ, ਤਰਨਤਾਰਨ ਦੇ ਪਵਿੱਤਰ ਸਰੋਵਰ ਦੀ ਨੀਂਹ ਰੱਖੀ। ਸ਼੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਤੇ ਡੇਰਾ ਬਾਬਾ ਨਾਨਕ ਦੀ ਨੀਂਹ ਵੀ ਬਾਬਾ ਬੁੱਢਾ ਜੀ ਨੇ ਰੱਖੀ। ਬਾਬਾ ਬੁੱਢਾ ਜੀ ਨੇ ਗੁਰੂ ਘਰ ਦੀ ਸੇਵਾ, ਲੰਗਰ ਦੀ, ਪੰਗਤ ਦੀ, ਸੰਗਤ ਦੀ, ਜੋੜਿਆਂ ਦੀ, ਘੋੜਿਆਂ ਦੀ, ਵਾਹੀ ਦੀ, ਗੋਡੀ ਦੀ, ਪੱਠੇ ਪਾਉਣ ਦੀ, ਡੰਗਰ ਸਾਂਭਣ ਦੀ, ਗੱਲ ਕੀ ਹਰ ਪ੍ਰਕਾਰ ਦੀ ਸੇਵਾ ਆਪ ਨੇ ਜੀਅ ਲਾ ਕੇ ਕੀਤੀ। ਬਾਬਾ ਬੁੱਢਾ ਜੀ 14 ਮੱਘਰ ਸੰਮਤ 1688 ਬਿਕਰਮੀ, 16 ਨਵੰਬਰ ਸੰਨ 1631 ਈ: ਨੂੰ 125 ਸਾਲ ਦੀ ਉਮਰ ਭੋਗ ਕੇ ਸੱਚ-ਖੰਡ ਜਾ ਬਿਰਾਜੇ।

ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਬਾਬਾ ਬੁੱਢਾ ਜੀ ਦਾ ਅੰਤਿਮ ਸਸਕਾਰ ਆਪਣੇ ਹੱਥੀਂ ਕੀਤਾ। ਸਸਕਾਰ ਦੇ ਥਾਂ 'ਤੇ 'ਸੱਚ-ਖੰਡ' ਨਾਂ ਦਾ ਗੁਰਦੁਆਰਾ ਬਣਿਆ ਹੋਇਆ ਹੈ। ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਠੱਠਾ (ਤਰਨਤਾਰਨ) ਵਿਖੇ ਪੰਚਮ ਪਾਤਸ਼ਾਹ ਦੇ ਮਹਿਲ ਮਾਤਾ ਗੰਗਾ ਜੀ ਪੁੱਤਰ ਦੀ ਦਾਤ ਵਾਸਤੇ ਮਿੱਸੇ ਪ੍ਰਸ਼ਾਦੇ, ਲੱਸੀ ਤੇ ਗੰਢੇ (ਪਿਆਜ) ਆਦਿਕ ਲੈ ਕੇ ਬਾਬਾ ਜੀ ਪਾਸੋਂ ਅਰਦਾਸ ਕਰਵਾਉਣ ਆਏ ਸਨ। ਬ੍ਰਹਮ-ਗਿਆਨੀ ਬਾਬਾ ਬੁੱਢਾ ਜੀ ਵੱਲੋਂ ਕੀਤੀ ਅਰਦਾਸ ਸਦਕਾ ਹੀ ਮੀਰੀ-ਪੀਰੀ ਦੇ ਮਾਲਕ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਹੋਇਆ। ਇਸੇ ਪਾਵਨ ਦਿਹਾੜੇ ਦੀ ਯਾਦ ਵਿੱਚ ਸਾਲਾਨਾ ਜੋੜ-ਮੇਲਾ ਬੜੀ ਸ਼ਰਧਾ ਭਾਵਨਾ ਤੇ ਸਤਿਕਾਰ ਸਹਿਤ ਮਨਾਇਆ ਜਾ ਰਿਹਾ ਹੈ।

-ਕਰਨੈਲ ਸਿੰਘ ਐੱਮ.ਏ.

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਦੀ ਤਰੱਕੀ ਵਿੱਚ ਸਹਿਯੋਗ ਕਰਨ ਦੀ ਬਜਾਏ

# ਪੰਜਾਬ ਦੇ ਦੁਸ਼ਮਣਾਂ ਵਾਲੀ ਭੂਮਿਕਾ ਨਿਭਾਅ ਰਹੀਆਂ ਵਿਰੋਧੀ ਪਾਰਟੀਆਂ-ਮੁੱਖ ਮੰਤਰੀ





**ਲਹਿਰਾ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਵਿਰੋਧੀ ਧਿਰ ਵੱਲੋਂ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਸੂਬੇ ਦੀ ਤਰੱਕੀ ਵਿੱਚ ਰੁਕਾਵਟਾਂ ਪੈਦਾ ਕਰਨ ਦੀ ਸਖ਼ਤ ਆਲੋਚਨਾ ਕੀਤੀ ਹੈ।

ਮੁੱਖ ਮੰਤਰੀ ਨੇ ਅੱਜ ਇੱਥੇ ਕਈ ਵਿਕਾਸ ਪ੍ਰੋਜੈਕਟਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਪੰਜਾਬ ਅਤੇ ਪੰਜਾਬੀਆਂ ਪ੍ਰਤੀ ਸੌੜੀ ਸੋਚ ਰੱਖੀ ਹੋਈ ਹੈ। ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਕਾਂਗਰਸੀ ਆਗੂ ਬੁਖਲਾਹਟ ਵਿੱਚ ਆ ਕੇ ਸਰਕਾਰ ਨੂੰ ਬਦਨਾਮ ਕਰਨ ਦੀਆਂ ਬੇਹੂਦਾ ਕੋਸ਼ਿਸ਼ਾਂ ਕਰ ਰਹੇ ਹਨ ਪਰ ਕਿਸੇ ਵੀ ਮੁੱਦੇ ਦੀ ਘਾਟ ਕਾਰਨ ਬੁਰੀ ਤਰ੍ਹਾਂ ਅਸਫਲ ਰਹੇ ਹਨ।

**ਕੋਈ ਮੁੱਦਾ ਨਾ ਹੋਣ ਕਾਰਨ ਬੁਖਲਾਹਟ ਵਿੱਚ ਆ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਨੇ ਵਿਰੋਧੀ**

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਰੋਧੀ ਧਿਰ ਦੇ ਆਗੂ ਚੰਡੀਗੜ੍ਹ ਵਿਖੇ ਸਥਿਤ ਮੁੱਖ ਮੰਤਰੀ ਰਿਹਾਇਸ਼ 'ਤੇ ਵਾਪਸੀ ਲਈ ਨਜ਼ਰਾਂ ਗੱਡੀ ਬੈਠੇ ਹਨ, ਪਰ ਉਨ੍ਹਾਂ ਦੀ ਕਿਸਮਤ ਰੁੱਸੀ ਹੋਈ ਹੈ ਕਿਉਂਕਿ ਉਨ੍ਹਾਂ ਨੇ ਸੱਤਾ ਵਿੱਚ ਹੁੰਦਿਆਂ ਲੋਕਾਂ ਦੀਆਂ ਇੱਛਾਵਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤਾ। ਇਕ ਕਲਾਕਾਰ ਵਜੋਂ ਵਿਰੋਧੀ ਧਿਰ ਦੀਆਂ ਰੈਲੀਆਂ ਵਿੱਚ ਸ਼ਾਮਲ ਹੋਣ ਦੇ ਪੁਰਾਣੇ ਦਿਨਾਂ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਉਨ੍ਹਾਂ ਦੇ ਮਾੜੇ ਕੰਮਾਂ ਤੋਂ ਚੰਗੀ ਤਰ੍ਹਾਂ ਜਾਣੂ ਹਨ ਅਤੇ ਹੁਣ ਉਨ੍ਹਾਂ ਦੇ ਪਿਛਲੇ ਪਾਪਾਂ ਦਾ ਪਰਦਾਫਾਸ਼ ਕਰਕੇ ਲੋਕਾਂ ਅੱਗੇ ਸਚਾਈ ਦਾ ਖੁਲਾਸਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਸੂਝਵਾਨ ਲੋਕ ਪਹਿਲਾਂ ਹੀ ਇਨ੍ਹਾਂ ਸਿਆਸੀ ਆਗੂਆਂ ਨੂੰ ਇਨ੍ਹਾਂ ਦੇ ਗੁਨਾਹਾਂ ਲਈ ਬਾਹਰ ਦਾ ਰਸਤਾ ਦਿਖਾ ਚੁੱਕੇ ਹਨ ਅਤੇ ਉਹ ਉਨ੍ਹਾਂ ਨੂੰ ਕਦੇ ਮੁਆਫ਼ ਨਹੀਂ ਕਰਨਗੇ। ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਸੂਬੇ ਅਤੇ ਇਸ ਦੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ ਅਤੇ ਹੁਣ ਉਹ ਆਪਣੇ ਪਾਪਾਂ ਦੀ ਕੀਮਤ ਚੁਕਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਨਿਰੋਲ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਹਨ ਜਿਸ ਨਾਲ ਵਿਦੇਸ਼ ਜਾਣ ਦੇ ਰੁਝਾਨ ਨੂੰ ਠੱਲ੍ਹ ਪਈ ਹੈ ਅਤੇ ਨੌਜਵਾਨ ਪੀੜ੍ਹੀ ਵਿੱਚ ਨਵੀਂ ਉਮੀਦ ਜਗੀ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਬਰਕਤ ਵਾਲੀ ਧਰਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਲੋਕਾਂ ਦੇ ਲੰਬੇ ਸਮੇਂ ਤੋਂ ਲਟਕ ਰਹੇ ਮਸਲਿਆਂ ਨੂੰ ਹੱਲ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਤਰੱਕੀ ਅਤੇ ਵਿਕਾਸ ਅਤੇ ਇਸ ਦੇ ਲੋਕਾਂ ਦੀ ਖੁਸ਼ਹਾਲੀ ਲਈ ਅਣਥੱਕ ਮਿਹਨਤ ਕਰ ਰਹੀ ਹੈ।

ਸਿੱਖਿਆ ਪ੍ਰਤੀ ਆਪਣੀ ਵਚਨਬੱਧਤਾ ਜ਼ਾਹਰ ਕਰਦਿਆਂ ਮੁੱਖ ਮੰਤਰੀ ਨੇ ਪੇਂਡੂ ਨੌਜਵਾਨਾਂ ਲਈ ਮਿਆਰੀ ਸਿੱਖਿਆ ਯਕੀਨੀ ਬਣਾਉਣ ਵਾਸਤੇ ਪਿੰਡਾਂ ਵਿੱਚ ਨਵੀਆਂ ਲਾਇਬ੍ਰੇਰੀਆਂ ਅਤੇ ਕਾਲਜ ਸਥਾਪਤ ਕਰਨ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਕਿਹਾ, "ਮੈਂ ਹੁਣ ਲੋਕਾਂ ਦੇ ਪਿਆਰ ਦਾ ਕਰਜ਼ਾ ਚੁਕਾ ਰਿਹਾ ਹਾਂ।" ਭਗਵੰਤ ਸਿੰਘ ਮਾਨ ਨੇ ਅਨੁਸੂਚਿਤ ਜਾਤੀ ਭਾਈਚਾਰਿਆਂ, ਖੇਤ ਮਜ਼ਦੂਰਾਂ ਅਤੇ ਹੋਰ ਵਰਗਾਂ ਲਈ ਸ਼ੁਰੂ ਕੀਤੀਆਂ ਗਈਆਂ ਕਈ ਭਲਾਈ ਯੋਜਨਾਵਾਂ ਬਾਰੇ ਹੋਰ ਜਾਣਕਾਰੀ ਦਿੱਤੀ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ 4,150.42 ਕਰੋੜ ਰੁਪਏ ਦੀ ਲਾਗਤ ਨਾਲ ਸੂਬੇ ਵਿੱਚ 19,491.56 ਕਿਲੋਮੀਟਰ ਪੇਂਡੂ ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡ ਕਰਨ ਦਾ ਵਿਆਪਕ ਪ੍ਰੋਜੈਕਟ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕਰਨਾ ਹੈ ਕਿਉਂਕਿ ਇਹ ਲਿੰਕ ਸੜਕਾਂ ਸੁਚਾਰੂ ਆਵਾਜਾਈ ਨੂੰ ਯਕੀਨੀ ਬਣਾਉਣ ਵਿੱਚ ਬੇਹੱਦ ਸਹਾਈ ਹੁੰਦੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਲਿੰਕ ਸੜਕਾਂ ਸੂਬੇ ਵਿੱਚ ਆਰਥਿਕ ਵਿਕਾਸ ਦਾ ਧੁਰਾ ਹਨ ਕਿਉਂਕਿ ਇਹ ਇੱਕ ਪਾਸੇ ਪੇਂਡੂ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਆਉਣ-ਜਾਣ ਵਿੱਚ ਮਦਦ ਕਰਦੀਆਂ ਹਨ ਅਤੇ ਦੂਜੇ ਪਾਸੇ ਵਪਾਰ ਅਤੇ ਕਾਰੋਬਾਰ ਨੂੰ ਹੁਲਾਰਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਪੰਜਾਬ ਮੰਡੀ ਬੋਰਡ ਅਤੇ ਲੋਕ ਨਿਰਮਾਣ ਵਿਭਾਗ ਨੂੰ ਕੰਮ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ ਇਸ ਪ੍ਰੋਜੈਕਟ ਲਈ ਨਿਰਧਾਰਤ ਹਰ ਪੈਸੇ ਦੀ ਜਾਇਜ਼ ਢੰਗ ਨਾਲ ਵਰਤੋਂ ਕੀਤੀ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ ਸੜਕ ਸੁਰੱਖਿਆ ਫੋਰਸ (ਐਸ.ਐਸ.ਐਫ.) ਦੀ ਸ਼ੁਰੂਆਤ ਨਾਲ ਪੰਜਾਬ ਵਿੱਚ ਸੜਕ ਹਾਦਸਿਆਂ ਵਿੱਚ ਮੌਤ ਦਰ 48-49 ਪ੍ਰਤੀਸ਼ਤ ਘਟ ਗਈ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਸੂਬਾ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਹੈ ਅਤੇ ਦੂਜੇ ਰਾਜਾਂ ਨੂੰ ਇਸ ਮਾਡਲ ਨੂੰ ਦੁਹਰਾਉਣ ਦੀ ਅਪੀਲ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਕੀਤੀ ਗਈ ਆਪਣੀ ਕਿਸਮ ਦੀ ਇਹ ਪਹਿਲੀ ਪਹਿਲ ਸੂਬੇ ਦੇ ਇਤਿਹਾਸ ਵਿੱਚ ਇੱਕ ਮੀਲ ਪੱਥਰ ਹੈ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਲਹਿਰਾ ਵਿੱਚ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਨਵੇਂ ਦਫ਼ਤਰ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਇਸ ਕੰਪਲੈਕਸ ਵਿੱਚ 10,000 ਵਰਗ ਫੁੱਟ ਦਾ ਬਿਲਟ-ਅੱਪ ਏਰੀਆ ਹੋਵੇਗਾ ਅਤੇ ਇਹ 2.34 ਏਕੜ ਜ਼ਮੀਨ ਵਿੱਚ ਫੈਲਿਆ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਕੰਪਲੈਕਸ ਦੀ ਕੁੱਲ ਲਾਗਤ 4.69 ਕਰੋੜ ਰੁਪਏ ਹੋਵੇਗੀ ਅਤੇ ਇਹ ਪ੍ਰਾਜੈਕਟ 18 ਮਹੀਨਿਆਂ ਦੇ ਅੰਦਰ ਪੂਰਾ ਹੋਣ ਦੀ ਉਮੀਦ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਕੰਪਲੈਕਸ ਵਿੱਚ ਦੋ ਸਬ-ਡਿਵੀਜ਼ਨਲ ਦਫ਼ਤਰ (ਸ਼ਹਿਰੀ ਲਹਿਰਾਗਾਗਾ ਅਤੇ ਪੇਂਡੂ ਲਹਿਰਾਗਾਗਾ) ਅਤੇ ਇੱਕ ਸ਼ਿਕਾਇਤ ਕੇਂਦਰ ਹੋਵੇਗਾ, ਜਿਸ ਦਾ ਉਦੇਸ਼ ਸਥਾਨਕ ਨਿਵਾਸੀਆਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਸੀ ਕਿ ਇੱਕ ਪੀ.ਐਸ.ਪੀ.ਸੀ.ਐਲ. ਦਫ਼ਤਰ ਬਹੁਤ ਪੁਰਾਣੀ ਇਮਾਰਤ ਤੋਂ ਚਲਾਇਆ ਜਾਂਦਾ ਸੀ ਅਤੇ ਦੂਜਾ ਕਿਰਾਏ ਦੀ ਇਮਾਰਤ ਤੋਂ ਚਲਦਾ ਸੀ ਜਿਸ ਕਾਰਨ ਜਨਤਕ ਸੇਵਾਵਾਂ ਅਤੇ ਪ੍ਰਸ਼ਾਸਕੀ ਕੰਮ ਵਿੱਚ ਕਾਫ਼ੀ ਮੁਸ਼ਕਲਾਂ ਆਉਂਦੀਆਂ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਲੋਕ ਇੱਕੋ ਛੱਤ ਹੇਠ ਬਿਜਲੀ ਨਾਲ ਸਬੰਧਤ ਕਈ ਸੇਵਾਵਾਂ ਤੱਕ ਪਹੁੰਚ ਕਰ ਸਕਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਘਰ ਨੂੰ 600 ਯੂਨਿਟ ਮੁਫ਼ਤ ਬਿਜਲੀ ਪ੍ਰਦਾਨ ਕਰ ਰਹੀ ਹੈ, ਜਿਸ ਨਾਲ ਸੂਬੇ ਦੇ ਲਗਭਗ 90 ਫੀਸਦੀ ਪਰਿਵਾਰਾਂ ਨੂੰ ਲਾਭ ਹੋ ਰਿਹਾ ਹੈ ਜੋ ਹੁਣ ਜ਼ੀਰੋ ਬਿਜਲੀ ਬਿੱਲ ਪ੍ਰਾਪਤ ਕਰਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ ਗੋਇੰਦਵਾਲ ਪਾਵਰ ਪਲਾਂਟ ਖਰੀਦ ਕੇ ਇਤਿਹਾਸ ਰਚ ਦਿੱਤਾ ਹੈ, ਜੋ ਪਹਿਲਾਂ ਨਿੱਜੀ ਕੰਪਨੀ ਜੀ.ਵੀ.ਕੇ. ਪਾਵਰ ਦੀ ਮਲਕੀਅਤ ਸੀ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਕਿਸੇ ਸਰਕਾਰ ਨੇ ਨਿੱਜੀ ਮਾਲਕੀ ਵਾਲੀ ਜਾਇਦਾਦ ਖਰੀਦੀ ਹੈ ਅਤੇ ਪਲਾਂਟ ਦਾ ਨਾਮ ਤੀਜੇ ਸਿੱਖ ਗੁਰੂ, ਸ੍ਰੀ ਗੁਰੂ ਅਮਰਦਾਸ ਜੀ ਦੇ ਨਾਮ 'ਤੇ ਰੱਖਿਆ ਗਿਆ ਹੈ।

ਭਗਵੰਤ ਸਿੰਘ ਮਾਨ ਨੇ ਲਹਿਰਾਗਾਗਾ ਵਿੱਚ 15.92 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਤਹਿਸੀਲ ਕੰਪਲੈਕਸ ਦਾ ਨੀਂਹ ਪੱਥਰ ਵੀ ਰੱਖਿਆ। ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰਾਜੈਕਟ 30 ਜੁਲਾਈ, 2026 ਤੋਂ ਪਹਿਲਾਂ ਪੂਰਾ ਹੋਵੇਗਾ ਅਤੇ ਇਮਾਰਤ ਦਾ ਕਵਰਡ ਏਰੀਆ 51,881 ਵਰਗ ਫੁੱਟ ਹੋਵੇਗਾ। ਉਨ੍ਹਾਂ ਕਿਹਾ ਕਿ ਕੰਪਲੈਕਸ ਵਿੱਚ ਐਸ.ਡੀ.ਐਮ. ਦਫ਼ਤਰ, ਸਬ-ਰਜਿਸਟਰਾਰ ਦਫ਼ਤਰ, ਸਟਾਫ ਰੂਮ, ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਦਫ਼ਤਰ, ਖਜ਼ਾਨਾ ਦਫ਼ਤਰ, ਲੇਬਰ ਇੰਸਪੈਕਟਰ ਦਫ਼ਤਰ, ਫੂਡ ਸਪਲਾਈ ਦਫ਼ਤਰ ਅਤੇ ਹੋਰ ਸਹੂਲਤਾਂ ਸ਼ਾਮਲ ਹੋਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਰੇ ਵਸਨੀਕ ਇੱਕੋ ਛੱਤ ਹੇਠ ਸਾਰੀਆਂ ਸਰਕਾਰੀ ਸੇਵਾਵਾਂ ਪ੍ਰਾਪਤ ਕਰ ਸਕਣਗੇ।

ਮੁੱਖ ਮੰਤਰੀ ਨੇ ਸੌਰਭ ਗੋਇਲ ਫਾਊਂਡੇਸ਼ਨ ਦੁਆਰਾ ਚਲਾਈ ਜਾ ਰਹੀ 'ਆਪ ਕੀ ਰਸੋਈ' ਦਾ ਵੀ ਦੌਰਾ ਕੀਤਾ ਜਿੱਥੇ ਸੌਰਭ ਗੋਇਲ ਫਾਊਂਡੇਸ਼ਨ ਦੇ ਸਮਾਜ ਸੇਵਕ ਗੌਰਵ ਗੋਇਲ ਅਤੇ ਉਨ੍ਹਾਂ ਦੀ ਟੀਮ ਨੇ ਇਹ ਵਿਲੱਖਣ ਉਪਰਾਲਾ ਸ਼ੁਰੂ ਕੀਤਾ ਹੈ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਵਿਅਕਤੀ ਭੁੱਖਾ ਨਾ ਸੌਂਵੇ ਕਿਉਂਕਿ 'ਆਪ ਕੀ ਰਸੋਈ' ਵਿੱਚ ਸਿਰਫ਼ 10 ਰੁਪਏ ਪ੍ਰਤੀ ਪਲੇਟ ਵਿੱਚ ਸਾਦਾ ਅਤੇ ਪੌਸ਼ਟਿਕ ਭੋਜਨ ਪ੍ਰਦਾਨ ਕੀਤਾ ਜਾਂਦਾ ਹੈ। ਇਸ ਸਮੇਂ ਰੋਜ਼ਾਨਾ ਲਗਭਗ 250 ਲੋਕ, ਜਿਨ੍ਹਾਂ ਵਿੱਚ ਬੱਚੇ, ਬਜ਼ੁਰਗ ਅਤੇ ਨੌਜਵਾਨ ਸ਼ਾਮਲ ਹਨ, ਇੱਥੇ ਖਾਣਾ ਖਾਂਦੇ ਹਨ ਅਤੇ ਫਾਊਂਡੇਸ਼ਨ ਦੇ ਮੈਂਬਰ ਖੁਦ ਖਾਣਾ ਤਿਆਰ ਕਰਨ ਅਤੇ ਪਰੋਸਦੇ ਹਨ।

ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਮਹੱਤਵਪੂਰਨ ਪਹਿਲਕਦਮੀ ਹੈ, ਖਾਸ ਕਰਕੇ ਮਜ਼ਦੂਰਾਂ ਲਈ ਜੋ ਹੁਣ 10 ਰੁਪਏ ਵਿੱਚ ਪੂਰਾ ਭੋਜਨ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਹੋਰ ਸੰਸਥਾਵਾਂ ਨੂੰ ਵੀ ਪ੍ਰੇਰਨਾ ਲੈਣੀ ਚਾਹੀਦੀ ਹੈ ਅਤੇ ਅਜਿਹੇ ਨੇਕ ਉਪਰਾਲੇ ਸ਼ੁਰੂ ਕਰਨੇ ਚਾਹੀਦੇ ਹਨ। ਉਨ੍ਹਾਂ ਨੇ ਸੌਰਭ ਕੰਪਲੈਕਸ ਵਿਖੇ ਨਵੇਂ ਹਾਲ ਦਾ ਉਦਘਾਟਨ ਵੀ ਕੀਤਾ। ਇਹ ਕੰਪਲੈਕਸ ਪਹਿਲਾਂ ਹੀ ਸਥਾਨਕ ਆਬਾਦੀ ਲਈ ਵੱਡੀ ਸਹੂਲਤ ਹੈ ਅਤੇ ਇਹ ਨਵਾਂ ਹਾਲ ਸਮਾਜਿਕ ਸਮਾਗਮਾਂ ਅਤੇ ਮੀਟਿੰਗਾਂ ਦੀ ਮੇਜ਼ਬਾਨੀ ਨੂੰ ਹੋਰ ਵੀ ਆਸਾਨ ਬਣਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਹਾਲ ਵਿੱਚ ਲੋਕ ਬਹੁਤ ਘੱਟ ਕੀਮਤ 'ਤੇ ਸਮਾਜਿਕ, ਧਾਰਮਿਕ ਅਤੇ ਹੋਰ ਸਮਾਗਮ ਕਰ ਸਕਦੇ ਹਨ ਅਤੇ ਗਰੀਬ ਅਤੇ ਲੋੜਵੰਦ ਲੋਕਾਂ ਤੋਂ ਕੋਈ ਫੀਸ ਨਹੀਂ ਲਈ ਜਾਂਦੀ। ਜ਼ਿਕਰਯੋਗ ਹੈ ਕਿ ਇਸ ਕੰਪਲੈਕਸ ਦਾ ਨਾਮ ਸੌਰਭ ਗੋਇਲ ਦੀ ਯਾਦ ਵਿੱਚ ਰੱਖਿਆ ਗਿਆ ਹੈ ਅਤੇ ਸਮਾਜ ਸੇਵੀ ਨੌਜਵਾਨ ਸੇਵਕ ਅਤੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਜੀ ਦੇ ਪੁੱਤਰ ਸਨ।

ਇਸ ਤੋਂ ਇਲਾਵਾ ਇਕ ਸਮਾਗਮ ਵਿੱਚ ਨਵ-ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸਫਲ ਵਿਆਹੁਤਾ ਜੀਵਨ ਆਪਸੀ ਵਿਸ਼ਵਾਸ ਅਤੇ ਸੰਤੁਲਿਤ ਪਹੁੰਚ 'ਤੇ ਅਧਾਰਤ ਹੁੰਦਾ ਹੈ। ਉਨ੍ਹਾਂ ਨੇ ਸਰਕਾਰ ਦੇ ਭਲਾਈ ਉਪਰਾਲਿਆਂ ਵਜੋਂ ਨਵ-ਵਿਆਹੇ ਜੋੜਿਆਂ ਨੂੰ ਸ਼ਗਨ ਵਜੋਂ ਚੈੱਕ ਵੀ ਵੰਡੇ।

ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਬਰਿੰਦਰ ਕੁਮਾਰ ਗੋਇਲ ਅਤੇ ਹਰਦੀਪ ਸਿੰਘ ਮੁੰਡੀਆਂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮੁੱਖ ਮੰਤਰੀ ਦੇ ਓਐਸਡੀ ਸੁੱਖੀ ਨੇ ਮੀਮਸਾ ਅਨਾਜ ਮੰਡੀ ਦੇ ਫੜ ਨੂੰ ਪੱਕਾ ਕਰਨ ਦਾ ਕੀਤਾ ਉਦਘਾਟਨ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਓਐਸਡੀ ਸ, ਸੁਖਵੀਰ ਸਿੰਘ ਸੁੱਖੀ ਵੱਲੋਂ ਹਲਕੇ ਦੇ ਪਿੰਡ ਮੀਮਸਾ ਵਿਖੇ ਸਰਪੰਚ ਗੁਰਪ੍ਰੀਤ ਸਿੰਘ ਗੋਪੀ ਦੀ ਅਗਵਾਈ ਹੇਠ ਆਪਣੇ ਗ੍ਰਹਿ ਵਿਖੇ ਨੌਜਵਾਨਾਂ ਦਾ ਇਕੱਠ ਕਰਕੇ ਮਾਨ ਸਰਕਾਰ ਵੱਲੋਂ ਪਿੰਡ ਨੂੰ ਦਿੱਤੀਆਂ ਗਰਾਂਟਾਂ ਦਾ ਵੇਰਵਾ ਜਾਰੀ ਕੀਤਾ ਗਿਆ ਅਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਸ, ਰਾਜਵੰਤ ਸਿੰਘ ਘੁੱਲੀ ਦੇ ਉੱਦਮ ਸਦਕਾ ਪਿੰਡ ਵਿੱਚ ਬਣੀ ਨਵੀ ਅਨਾਜ ਮੰਡੀ ਦੇ ਫੜ ਨੂੰ ਪੱਕਾ ਕਰਨ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਹਨਾਂ ਦੇ ਨਾਲ ਇਸ ਮੌਕੇ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਮੁੱਖ ਮੰਤਰੀ ਕੈਂਪਸ ਇੰਚਾਰਜ ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਡਾਕਟਰ ਅਨਵਰ ਭਸੌੜ ਮੈਬਰ ਵਕਫ ਬੋਰਡ ਪੰਜਾਬ,ਆਪ ਆਗੂ ਅਮਰਦੀਪ ਸਿੰਘ ਧਾਂਦਰਾ, ਰਛਪਾਲ ਸਿੰਘ ਭੁੱਲਰਹੇੜੀ, ਗਗਨ ਜਵੰਧਾ ਬਲਾਕ ਪ੍ਰਧਾਨ, ਭੁਪਿੰਦਰ ਸਿੰਘ ਐਮ ਸੀ, ਰਮਨਦੀਪ ਸਿੰਘ ਦਫ਼ਤਰ ਇੰਚਾਰਜ, ਨਾਹਰ ਸਿੰਘ, ਕੁਲਵਿੰਦਰ ਸਿੰਘ, ਸੁਖਮਨ ਸਿੰਘ ਗੋਲਡੀ, ਭਿੰਦਾ ਵਿਰਕ, ਲੀਲਾ ਧੂਰੀ, ਨਰੇਸ ਸਿੰਗਲਾ, ਗਿੰਨੀ ਸਲੇਮਪੁਰ ਜਗਤਾਰ ਸਿੰਘ ਬਾਗੜੀ, ਪੰਕਜ ਜੇਈ, ਪੁਨੀਤ ਐਕਸ਼ਨ ਹਰਪ੍ਰੀਤ ਸਿੰਘ , ਅਰਸ਼ਦੀਪ ਸਿੰਘ, ਸੰਭੂ ਧੂਰੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੱਤਰਕਾਰ ਭਗਵਾਨ ਸਿੰਘ ਖੁਜਾਲਾ ਨੂੰ ਸਦਮਾ: ਮਾਤਾ ਦਾ ਦਿਹਾਂਤ



**ਚੌਕ ਮਹਿਤਾ, 3 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਪੱਤਰਕਾਰ ਭਗਵਾਨ ਸਿੰਘ ਖੁਜਾਲਾ ਨੂੰ ਉਦੋਂ ਸਦਮਾ ਲੱਗਾ ਜਦ ਉਨ੍ਹਾਂ ਦੀ ਮਾਤਾ ਸੁਰਜੀਤ ਕੌਰ ਦਾ ਸੰਖੇਪ ਬੀਮਾਰੀ ਤੋਂ ਬਾਅਦ ਦਿਹਾਂਤ ਹੋ ਗਿਆ,ਉਹ 82 ਸਾਲਾਂ ਦੇ ਸਨ। ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਵਾਲੇ, ਬਾਬਾ ਗੁਰਭੇਜ ਸਿੰਘ ਮੁੱਖ ਬੁਲਾਰਾ ਸੰਤ ਸਮਾਜ, ਬਾਬਾ ਗੁਰਦੀਪ ਸਿੰਘ ਖਜਾਲੇ ਵਾਲੇ, ਪਲਵਿੰਦਰ ਸਿੰਘ ਖੁਜਾਲਾ, ਬਲਵਿੰਦਰ ਸਿੰਘ ਸਾਬਕਾ ਸਰਪੰਚ ਖੁਜਾਲਾ,ਫਤਹਿਪਾਲ ਸਿੰਘ ਸਰਪੰਚ ਖੁਜਾਲਾ, ਗੁਰਸ਼ਰਨ ਸਿੰਘ ਖੁਜਾਲਾ, ਹਰਪ੍ਰੀਤ ਸਿੰਘ ਖੁਜਾਲਾ,ਮਾਝਾ ਫੋਟੋਗਰਾਫ਼ਰ ਐਸੋਸੀਏਸ਼ਨ ਦੇ ਪ੍ਰਧਾਨ ਸਚਿਨ ਬਜਾਜ, ਸੁਰਿੰਦਰ ਸਿੰਘ ਸ਼ਿੰਦਾ ਦਬੁਰਜੀ,ਰਾਜਾ ਕੋਟਲੀ ਪੱਤਰਕਾਰ, ਬਲਜੀਤ ਸਿੰਘ ਪੱਤਰਕਾਰ ਆਦਿ ਨੇ ਆਦਿ ਨੇ ਪੱਤਰਕਾਰ ਭਗਵਾਨ ਸਿੰਘ ਖੁਜਾਲਾ ਨਾਲ ਦੁਖ ਦਾ ਪ੍ਰਗਟਾਵਾ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਹਮਪੁਰਾ ਦੇ ਮੀਤ ਪ੍ਰਧਾਨ ਬਣਨ 'ਤੇ ਮਾਨੋਚਾਹਲ ਕਲਾਂ ਦੇ ਵਰਕਰਾਂ ਵੱਲੋਂ ਵਿਸ਼ੇਸ਼ ਸਨਮਾਨ



**ਤਰਨ ਤਾਰਨ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)** - ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਖਡੂਰ ਸਾਹਿਬ ਦੇ ਇੰਚਾਰਜ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੂੰ ਪਾਰਟੀ ਦਾ ਮੀਤ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਪਿੰਡ ਮਾਨੋਚਾਹਲ ਕਲਾਂ ਦੇ ਅਕਾਲੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਉਨ੍ਹਾਂ ਨੇ ਸ੍ਰ. ਬ੍ਰਹਮਪੁਰਾ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਸਨਮਾਨ ਸਮਾਰੋਹ ਦਾ ਪ੍ਰਬੰਧ ਪਿੰਡ ਦੇ ਪ੍ਰਮੁੱਖ ਅਕਾਲੀ ਆਗੂਆਂ ਵੱਲੋਂ ਕੀਤਾ ਗਿਆ, ਜਿੰਨ੍ਹਾਂ ਵਿੱਚ ਸ੍ਰ. ਸਤਨਾਮ ਸਿੰਘ ਸ਼ਾਹ, ਪੰਚਾਇਤ ਮੈਂਬਰ ਸ੍ਰ. ਅਜੈਬ ਸਿੰਘ ਬੌਰੀਆ, ਸਾਬਕਾ ਬਲਾਕ ਸੰਮਤੀ ਮੈਂਬਰ ਸ੍ਰ. ਗੁਰਮੀਤ ਸਿੰਘ, ਸ੍ਰ. ਗੁਰਨਾਮ ਸਿੰਘ ਅਤੇ ਸ੍ਰ. ਕੁਲਦੀਪ ਸਿੰਘ ਸੂਬੇਦਾਰ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ। ਇਸ ਮੌਕੇ 'ਤੇ ਇਕੱਠੇ ਹੋਏ ਪਾਰਟੀ ਵਰਕਰਾਂ ਨੇ ਸ੍ਰ. ਬ੍ਰਹਮਪੁਰਾ ਨੂੰ ਵਧਾਈ ਦਿੰਦਿਆਂ ਪਾਰਟੀ ਹਾਈਕਮਾਂਡ, ਖਾਸ ਤੌਰ 'ਤੇ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ। ਵਰਕਰਾਂ ਨੇ ਕਿਹਾ ਕਿ ਇਸ ਨਿਯੁਕਤੀ ਨਾਲ ਹਲਕਾ ਖਡੂਰ ਸਾਹਿਬ ਦੇ ਸਮੂਹ ਵਰਕਰਾਂ ਦਾ ਮਾਣ ਵਧਿਆ ਹੈ ਅਤੇ ਪਾਰਟੀ ਹੋਰ ਮਜ਼ਬੂਤੀ ਨਾਲ ਅੱਗੇ ਵਧੇਗੀ। ਇਸ ਸਨਮਾਨ ਲਈ ਵਰਕਰਾਂ ਦਾ ਧੰਨਵਾਦ ਕਰਦਿਆਂ ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਇਹ ਅਹੁਦਾ ਮੇਰਾ ਨਿੱਜੀ ਨਹੀਂ, ਸਗੋਂ ਹਲਕਾ ਖਡੂਰ ਸਾਹਿਬ ਦੇ ਹਰ ਇੱਕ ਟਕਸਾਲੀ ਵਰਕਰ ਦੀ ਮਿਹਨਤ ਅਤੇ ਵਫ਼ਾਦਾਰੀ ਦਾ ਸਨਮਾਨ ਹੈ। ਉਨ੍ਹਾਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਜ਼ਿੰਮੇਵਾਰੀ ਮੈਨੂੰ ਸੌਂਪੀ ਹੈ, ਮੈਂ ਉਸਨੂੰ ਪੂਰੀ ਤਨਦੇਹੀ ਨਾਲ ਨਿਭਾਵਾਂਗਾ। ਉਨ੍ਹਾਂ ਕਿਹਾ ਕਿ ਇਹ ਅਹੁਦਾ ਲੋਕਾਂ ਦੀ ਸੇਵਾ ਲਈ ਹੈ ਅਤੇ ਮੈਂ ਇਸਨੂੰ ਵਰਕਰਾਂ ਦੀ ਤਾਕਤ ਨਾਲ ਪਾਰਟੀ ਦੀ ਚੜ੍ਹਦੀ ਕਲਾ ਲਈ ਵਰਤਾਂਗਾ।

# ਗੁਰਦੁਆਰਾ ਮਾਤਾ ਸਾਹਿਬ ਦੇਵਾਂ ਵਿਖੇ ਮਾਤਾ ਜੀ ਦੇ ਜਨਮ ਦਿਹਾੜੇ 'ਤੇ ਧਾਰਮਿਕ ਦੀਵਾਨ ਸਜਾਏ ਗਏ, ਮਹੱਲਾ ਕੱਢਿਆ ਗਿਆ : ਜਥੇਦਾਰ ਬਾਬਾ ਜਗਜੀਤ ਸਿੰਘ

## ਬਾਬਾ ਸੁੱਖਾ ਸਿੰਘ ਮੰਨਣ ਵਾਲਿਆਂ ਵੱਲੋਂ ਦੇਗਾਂ ਸਰਦਾਈਆਂ ਛਕਾਈਆਂ ਗਈਆਂ

**ਜੰਡਿਆਲਾ ਗੁਰੂ, 5 ਅਕਤੂਬਰ ( ਕੁਲਵੰਤ ਸਿੰਘ ਵਿਰਦੀ )-** ਗੁਰੂ ਨਾਨਕ ਦਲ ਮੜੀਆਂ ਵਾਲਿਆਂ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜਗਜੀਤ ਸਿੰਘ ਦੀ ਅਗਵਾਈ 'ਚ ਜਥੇਦਾਰ ਬਾਬਾ ਸੁੱਖਾ ਸਿੰਘ ਮੰਨਣ ਵੱਲੋਂ ਖਾਲਸੇ ਦੀ ਮਾਤਾ ( ਮਾਤਾ ਸਾਹਿਬ ਦੇਵਾਂ) ਜੀ ਦੇ ਜ਼ਨਮ ਦਿਹਾੜੇ ਤੇ ਅੱਜ ਗੁਰਦੁਆਰਾ ਮਾਤਾ ਸਾਹਿਬ ਦੇਵਾਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਨਾਂਦੇੜ ਵਿਖੇ ਗਾੜੀਆਂ ਦੇਗਾਂ ਸਰਦਾਈਆ ਦੇ ਲੰਗਰ ਲਾ ਕੇ ਮਾਤਾ ਜੀ ਦੀਆਂ ਅਸੀਸਾਂ ਲੈਣ ਲਈ ਪੰਜਾਬ ਤੋਂ ਪਹੁੰਚੀਆਂ ਸਮੂਹ ਦਲ ਪੰਥਾਂ ਦੀਆਂ ਫੌਜਾਂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖ਼ਾਲਸਾ ਨੇ ਜਨਮ ਦਿਹਾੜੇ ਦੇ ਸਮਾਗਮਾਂ 'ਚ ਹਾਜ਼ਰੀ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਦੱਸਿਆ ਗੁਰੂ ਨਾਨਕ ਮੜੀਆਂ ਦਲਪੰਥ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜਗਜੀਤ ਸਿੰਘ ਜੀ ਦੀ ਅਗਵਾਈ ਹੇਠ ਜਥੇਦਾਰ ਬਾਬਾ ਸੁੱਖਾ ਸਿੰਘ ਮੰਨਣ ਵਾਲਿਆਂ ਵੱਲੋਂ ਸਮੂਹ ਗੁਰੂ ਸਾਹਿਬਾਨਾਂ ਨਾਲ ਸਬੰਧਤ ਜੋੜ ਮੇਲਿਆਂ ਤੇ ਬਦਾਮ, ਮਗ.ਜ਼, ਕਾਲੀ ਮਿਰਚ ਛੋਟੀ ਇਲਾਚੀ ਗੁਲਾਬ ਫੁੱਲ ਆਦਿ ਪਦਾਰਥਾਂ ਦੀਆਂ ਰਗੜਾਈ ਤੋਂ ਬਾਅਦ ਸਾਣ ਕੇ ਗਾੜੀਆ ਦੇਗਾਂ ਸਰਦਾਈਆ ਦੇ ਲੰਗਰ ਚਲਾ ਕੇ ਗੁਰੂ ਕੀਆ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਤੇ ਸਮੂਹ ਸੰਗਤਾਂ ਦੀਆਂ ਨੂੰ ਛਕਾਉਣ ਦੀ ਇੱਕ ਧਾਰਮਿਕ ਲਹਿਰ ਚਲਾਈ ਹੈ ਅਤੇ ਇਸੇ ਹੀ ਕੜੀ ਤਹਿਤ ਪੰਜਾਬ ਤੋਂ



ਆਪਣੀਆਂ ਫੌਜਾਂ ਸਮੇਤ 28 ਸਤੰਬਰ ਤੋਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਦੁਸਹਿਰੇ ਤੇ ਗਾੜੀਆ ਦੇਗਾਂ ਸਰਦਾਈਆ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਛਕਾਉਣ ਤੋਂ ਉਪਰੰਤ ਖਾਲਸੇ ਦੀ ਮਾਤਾ ਮਾਤਾ ਸਾਹਿਬ ਦੇਵਾ ਜੀ ਦੇ ਜਨਮ ਦਿਹਾੜੇ ਤੇ ਗੁਰਦੁਆਰਾ ਮਾਤਾ ਸਾਹਿਬ ਦੇਵਾਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਗਾੜੀਆ ਦੇਗਾਂ ਸਰਦਾਈਆ ਦੀ ਸੇਵਾ ਕਰਕੇ ਮਾਤਾ ਜੀ ਖੁਸ਼ੀਆਂ ਪ੍ਰਾਪਤ ਕਰ ਰਹੇ ਹਨ, ਭਾਈ ਖਾਲਸਾ ਨੇ ਦੱਸਿਆ ਬਾਬਾ ਸੁੱਖਾ ਸਿੰਘ ਮੰਨਣ ਵਾਲਿਆਂ ਨਿਭਾਈ ਜਾ ਰਹੀ ਸੇਵਾ ਦੀ ਪਾਸਿਓਂ ਤਰੀਫਾਂ ਕੀਤੀਆਂ ਜਾ ਰਹੀਆਂ ਹਨ, ਅੱਜ ਖ਼ਾਲਸੇ ਦੀ ਮਾਤਾ, ਮਾਤਾ ਸਾਹਿਬ ਦੇਵਾਂ ਜੀ ਦੇ ਜਨਮ ਦਿਹਾੜੇ ਮੌਕੇ ਭਾਰੀ ਦੀਵਾਨ ਸਜਾਏ ਗਏ ਜਿਸ ਵਿਚ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਰਾਗੀਆਂ ਤੋਂ ਇਲਾਵਾ ਪੰਜਾਬ ਤੋਂ ਵੱਡੀ ਗਿਣਤੀ ਵਿੱਚ ਪਹੁੰਚੇ ਕੀਰਤਨੀ ਜੱਥਿਆਂ ਨੇ ਸ਼ਬਦ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਲਵਾ ਕੇ ਮਾਤਾ ਸਾਹਿਬ ਦੇਵਾਂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ, ਭਾਈ ਖਾਲਸਾ ਨੇ ਦੱਸਿਆ ਦੀਵਾਨ ਸਮਾਪਤੀ ਤੋਂ ਉਪਰੰਤ ਅਕਾਲ ਪੁਰਖ ਦੀਆਂ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਨੇ ਆਪਣੇ ਆਪਣੇ ਘੌੜਿਆ ਤੇ ਸਵਾਰ ਬਰਛੇ, ਬਰਛੀਆਂ, ਕਿਰਪਾਨਾਂ, ਖੰਡੇ ਦੋ ਧਾਰੇ ਤੇ ਹੋਰ ਰਵਾਇਤੀ ਜੰਗੀ ਹਥਿਆਰਾਂ ਨਾਲ ਲੈਸ ਹੋ ਕੇ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਦੀ ਅਗਵਾਈ ਹੇਠ ਸ਼ਾਨਦਾਰ ਮਹੱਲੇ ਦਾ ਪ੍ਰਦਰਸ਼ਨ ਕੀਤਾ, ਮਹੱਲੇ 'ਚ ਸਿੰਘ ਸਾਹਿਬ ਜਥੇਦਾਰ ਅਵਤਾਰ ਸਿੰਘ ਦਲਪੰਥ ਬਾਬਾ ਬਿਧੀ ਚੰਦ ਜੀ, ਗੁਰੂ ਨਾਨਕ ਦਲਪੰਥ ਮੜੀਆਂ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜਗਜੀਤ ਸਿੰਘ, ਜਥੇਦਾਰ ਬਾਬਾ ਬਲਵਿੰਦਰ ਸਿੰਘ ਤਰਨਦਲ ਮਹਿਤਾ ਚੌਂਕ, ਜਥੇਦਾਰ ਬਾਬਾ ਬਲਦੇਵ ਸਿੰਘ ਮੁਖੀ ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ, ਜਥੇਦਾਰ ਬਾਬਾ ਸੁਖਪਾਲ ਸਿੰਘ ਮੁੱਖੀ ਮਾਲਵਾ ਤਰਨਾ ਦਲ ਬਾਬਾ ਸੰਗਤ ਸਿੰਘ ਜੀ, ਪ੍ਰਧਾਨ ਜਥੇਦਾਰ ਬਾਬਾ ਸਤਨਾਮ ਸਿੰਘ ਖਾਪੜਖੇੜੀ ਮੁਖੀ ਬਾਬਾ ਸ਼ਾਮ ਸਿੰਘ ਅਟਾਰੀ ਤਰਨਾਦਲ, ਜਥੇਦਾਰ ਬਾਬਾ ਮਨਪ੍ਰੀਤ ਬਾਲੇਵਾਲ, ਜਥੇਦਾਰ ਬਲਬੀਰ ਸਿੰਘ ਖਾਪੜਖੇੜੀ, ਜਥੇਦਾਰ ਬਾਬਾ ਬਿੰਦਰ ਜੌਹਲਾਂ ਵਾਲੇ ਮਿਸਲ ਸ਼ਹੀਦਾਂ ਤਰਨਾ ਦਲ ਤੋਂ ਇਲਾਵਾ ਹਜ਼ਾਰਾਂ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਤੇ ਹਜ਼ਾਰਾਂ ਹਜ਼ੂਰ ਸਾਹਿਬ ਨਾਂਦੇੜ ਦੀਆਂ ਸੰਗਤਾਂ ਮਹੱਲਾ 'ਚ ਸ਼ਾਮਲ ਸਨ, ਭਾਈ ਖਾਲਸਾ ਨੇ ਦੱਸਿਆ ਮਹੱਲਾ 'ਚ ਲਾਡਲੀਆਂ ਫੌਜਾਂ ਨੇ ਘੌੜਦੋੜ, ਨੇਜ਼ਾ ਬਾਜ਼ੀ, ਗਤਕਾ ਬਾਗੀ, ਪੈਂਤੜਾ ਕੱਢਣੇ ਨੰਗੀਆਂ ਤਲਵਾਰਾਂ ਨਾਲ ਗੱਤਕੇ ਦੇ ਜੌਹਰ ਦੋ ਦੋ ਤਿੰਨ ਤਿੰਨ ਤੇ ਛੇ ਛੇ ਘੌੜਿਆ ਦੀਆਂ ਇਕ ਸਮੇਂ ਦੌੜਾਂ ਲਵਾਉਣ ਵਰਗੀਆਂ ਕਈ ਤਰ੍ਹਾਂ ਦੀਆਂ ਜੰਗ ਜੂੰ ਖੇਡਾਂ ਦਾ ਪ੍ਰਦਰਸ਼ਨ ਕਰਕੇ ਮਾਤਾ ਜੀ ਜਨਮ ਦਿਹਾੜੇ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ, ਸਮੂਹ ਦਲਪੰਥ ਨੂੰ ਗੁਰਦੁਆਰਾ ਮਾਤਾ ਸਾਹਿਬ ਦੇਵਾਂ ਜੀ ਮੁੱਖ ਸੇਵਾਦਾਰ ਡਾਕਟਰ ਤੇਜ਼ਾ ਸਿੰਘ ਵੱਲੋਂ ਸਨਮਾਨਤ ਕੀਤਾ ਗਿਆ, ਇਸ ਮੌਕੇ ਜਥੇਦਾਰ ਬਾਬਾ ਦਿਆਲ ਸਿੰਘ ਖ਼ੁਦਮੁਖ਼ਿਤਆਰੇ ਆਮ , ਜਥੇਦਾਰ ਬਾਬਾ ਜੱਗਾ ਸਿੰਘ, ਜਥੇਦਾਰ ਬਾਬਾ ਕਰਤਾਰ ਸਿੰਘ ਚੰਡੀਗੜ੍ਹ, ਜਥੇਦਾਰ ਬਾਬਾ ਗੁਰਸੇਵਕ ਸਿੰਘ, ਜਥੇਦਾਰ ਬਲਬੀਰ ਸਿੰਘ ਸੈਕਟਰੀ ਚੰਡੀਗੜ੍ਹ ਤੋਂ ਇਲਾਵਾ ਕਈ ਜਥੇਦਾਰ ਸਾਹਿਬਾਨ ਹਾਜ਼ਰ ਸਨ, ਇਸ ਮੌਕੇ ਗੁਰੂ ਕੇ ਲੰਗਰਾਂ ਤੋਂ ਇਲਾਵਾ ਫ੍ਰੀ ਦਵਾਈਆਂ ਵੀ ਦਿੱਤੀਆਂ ਗਈਆਂ। ••

## ਸਮਾਣਾ ਵਿਚ ਬੇਅਦਬੀ ਵਿਰੋਧੀ ਮੋਰਚੇ ਨੂੰ ਸਮਰਥਨ

# ਸਾਬਕਾ ਮੰਤਰੀ ਰੱਖੜਾ ਅਤੇ ਹੋਰ ਨੇਤਾਵਾਂ ਨੇ ਭਾਈ ਗੁਰਜੀਤ ਸਿੰਘ ਖਾਲਸਾ ਨਾਲ ਗੱਲਬਾਤ ਕੀਤੀ









**ਸਮਾਣਾ, ਪੰਜਾਬ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)** -ਸਿੱਖੀ ਦੇ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਵਿਰੁੱਧ ਨਿਆਂ ਦੀ ਮੰਗ ਨੂੰ ਲੈ ਕੇ ਚੱਲ ਰਹੇ ਲਗਾਤਾਰ ਮੋਰਚੇ ਨੇ ਅੱਜ ਨਵੀਂ ਤਾਕਤ ਪਾ ਲਈ ਹੈ। ਬੀਤੇ ਲਗਭਗ ਇੱਕ ਸਾਲ ਤੋਂ ਸਮਾਣਾ ਵਿਖੇ ਮੋਬਾਈਲ ਟਾਵਰ ਉੱਤੇ ਬੈਠੇ ਭਾਈ ਗੁਰਜੀਤ ਸਿੰਘ ਖਾਲਸਾ ਦੇ ਇਸ ਮੋਰਚੇ ਵਿਚ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਪ੍ਰਿੰਸੀਪਲ ਮਿਹਨ ਲਾਲ ਅਤੇ ਹੋਰ ਪਤਵੰਤੇ ਨੇਤਾ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਭਾਈ ਗੁਰਜੀਤ ਸਿੰਘ ਖਾਲਸਾ ਨਾਲ ਡੂੰਘੀ ਗੱਲਬਾਤ ਕੀਤੀ ਅਤੇ ਸਰਕਾਰ ਨੂੰ ਸਖਤ ਕਾਨੂੰਨ ਬਣਾਉਣ ਦੀ ਮੰਗ ਨੂੰ ਹੋਰ ਤੇਜ਼ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਗੁਰਜੀਤ ਸਿੰਘ ਖਾਲਸਾ ਨੇ ਆਪਣੇ ਬਿਆਨ ਵਿਚ ਕਿਹਾ, "ਬੇਅਦਬੀ ਦੇ ਦੋਸ਼ੀਆਂ ਨੂੰ ਬੇਮਿਸਾਲ ਸਜ਼ਾ ਨਹੀਂ ਮਿਲੀ ਤਾਂ ਸਿੱਖ ਪੰਥ ਅਤੇ ਪੰਜਾਬ ਦੀ ਭਾਵਨਾ ਨਾਲ ਧੱਕਾ ਲੱਗੇਗਾ। ਅਸੀਂ ਇਸ ਲੜਾਈ ਨੂੰ ਛੱਡਣ ਵਾਲੇ ਨਹੀਂ।" ਉਨ੍ਹਾਂ ਨੇ ਦੱਸਿਆ ਕਿ ਇਹ ਮੋਰਚਾ 2015 ਅਤੇ 2016 ਵਿਚ ਵਾਪਰੀਆਂ ਬੇਅਦਬੀਆਂ ਦੇ ਦੋਸ਼ੀਆਂ ਨੂੰ ਤੇਜ਼ੀ ਨਾਲ ਸਜ਼ਾ ਦਿਵਾਉਣ ਲਈ ਚੱਲ ਰਿਹਾ ਹੈ, ਜਿੱਥੇ ਅਦਾਲਤਾਂ ਵੱਲੋਂ ਵਿਚਾਰਧਾਰਾ ਨੂੰ ਲੈ ਕੇ ਬਹੁਤ ਹੌਲੀ ਕਾਰਵਾਈ ਹੋ ਰਹੀ ਹੈ।

ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਮੋਰਚੇ ਨੂੰ ਸਮਰਥਨ ਦਿੰਦਿਆਂ ਕਿਹਾ, "ਇਹ ਸਿਰਫ਼ ਇੱਕ ਵਿਅਕਤੀ ਦੀ ਲੜਾਈ ਨਹੀਂ, ਸਗੋਂ ਪੂਰੇ ਪੰਜਾਬ ਦੀ ਭਾਵਨਾ ਹੈ। ਕੇਂਦਰ ਅਤੇ ਰਾਜ ਸਰਕਾਰਾਂ ਨੂੰ ਤੁਰੰਤ ਬੇਅਦਬੀ ਵਿਰੁੱਧ ਵਿਸ਼ੇਸ਼ ਕਾਨੂੰਨ ਬਣਾਉਣਾ ਚਾਹੀਦਾ ਹੈ, ਜਿਸ ਵਿਚ ਦੋਸ਼ੀਆਂ ਨੂੰ ਤੇਜ਼ ਅਤੇ ਮਿਸਾਲੀ ਸਜ਼ਾ ਦਿੱਤੀ ਜਾ ਸਕੇ।" ਉਨ੍ਹਾਂ ਨੇ ਹੋਰ ਵੀ ਨੇਤਾਵਾਂ ਨੂੰ ਇਸ ਮੋਰਚੇ ਵਿਚ ਸ਼ਾਮਲ ਹੋਣ ਲਈ ਅਪੀਲ ਕੀਤੀ।

ਪ੍ਰਿੰਸੀਪਲ ਮਿਹਨ ਲਾਲ ਨੇ ਭਾਈ ਗੁਰਜੀਤ ਸਿੰਘ ਖਾਲਸਾ ਦੀ ਹਿੰਮਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਅੰਦੋਲਨ ਸਿੱਖੀ ਦੇ ਸਿਧਾਂਤਾਂ ਨੂੰ ਬਚਾਉਣ ਲਈ ਇੱਕ ਮਿਸਾਲ ਹੈ। ਉਨ੍ਹਾਂ ਨੇ ਦੱਸਿਆ ਕਿ ਹੋਰ ਵੀ ਸੰਗਤਾਂ ਅਤੇ ਸੰਗਠਨ ਇਸ ਨੂੰ ਸਮਰਥਨ ਦੇ ਰਹੇ ਹਨ ਅਤੇ ਜਲਦ ਹੀ ਵੱਡਾ ਜਲੂਸ ਕੱਢਿਆ ਜਾਵੇਗਾ।

ਮੋਰਚੇ ਵਿਚ ਹੋਰ ਪਤਵੰਤੇ ਨੇਤਾਵਾਂ ਨੇ ਵੀ ਆਪਣੇ ਵਿਚਾਰ ਰੱਖੇ ਅਤੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਸਖਤ ਕਾਨੂੰਨ ਨਹੀਂ ਬਣਾਏ ਗਏ ਤਾਂ ਅੰਦੋਲਨ ਹੋਰ ਤੇਜ਼ ਹੋਵੇਗਾ। ਇਸ ਮੌਕੇ ਸੰਗਤਾਂ ਨੇ 'ਬੇਅਦਬੀ ਵਿਰੁੱਧ ਨਿਆਂ ਦਿਓ' ਦੇ ਨਾਅਰੇ ਲਗਾਏ ਅਤੇ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਖਾਦਿਮ ਲੰਗਰ ਵੀ ਵੰਡਿਆ।

ਪੰਜਾਬ ਵਿਚ ਬੇਅਦਬੀ ਦੇ ਮਾਮਲੇ ਲਗਾਤਾਰ ਸਿਆਸੀ ਅਤੇ ਧਾਰਮਿਕ ਵਿਵਾਦ ਦਾ ਵਿਸ਼ਾ ਬਣੇ ਹੋਏ ਹਨ। ਅਦਾਲਤਾਂ ਵੱਲੋਂ ਕੁਝ ਦੋਸ਼ੀਆਂ ਨੂੰ ਬਰੀ ਕੀਤੇ ਜਾਣ ਨਾਲ ਸੰਗਤਾਂ ਵਿਚ ਗੁੱਸਾ ਵਧ ਰਿਹਾ ਹੈ। ਇਸ ਮੋਰਚੇ ਨੇ ਪਿਛਲੇ ਇੱਕ ਸਾਲ ਵਿਚ ਹਜ਼ਾਰਾਂ ਲੋਕਾਂ ਨੂੰ ਇਕੱਠਾ ਕੀਤਾ ਹੈ ਅਤੇ ਸੋਸ਼ਲ ਮੀਡੀਆ ਰਾਹੀਂ ਵੀ ਆਵਾਜ਼ ਨੂੰ ਵਿਸ਼ਵਵਿਆਪੀ ਬਣਾਇਆ ਹੈ।

ਸਰਕਾਰ ਵੱਲੋਂ ਅਜੇ ਤੱਕ ਇਸ ਮੰਗ ਉੱਤੇ ਕੋਈ ਠੋਸ ਜਵਾਬ ਨਹੀਂ ਦਿੱਤਾ ਗਿਆ ਹੈ, ਪਰ ਅੰਦੋਲਨਕਾਰੀਆਂ ਨੇ ਫੈਸਲਾ ਕੀਤਾ ਹੈ ਕਿ ਇਹ ਲੜਾਈ ਜਾਰੀ ਰਹੇਗੀ ਜਦੋਂ ਤੱਕ ਨਿਆਂ ਨਹੀਂ ਮਿਲ ਜਾਂਦਾ।

# ਪਬਰੀ ਕੁਸ਼ਤੀ ਦੰਗਲ ਵਿੱਚ ਝੰਡੀ ਦੀ ਕੁਸ਼ਤੀ ਤਾਲਿਬ ਬਾਬਾ ਫਲਾਹੀ ਨੇ ਅਵਨਾਇਕ ਯੂ.ਪੀ. ਨੂੰ ਅੰਕਾਂ ਦੇ ਅਧਾਰ ਤੇ ਹਰਾਇਆ



**ਰਾਜਪੁਰਾ,5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਿੰਡ ਪਬਰੀ ਵਿਖੇ ਸਮੂਹ ਗਰਾਮ ਪੰਚਾਇਤ, ਪ੍ਰਵਾਸੀ ਭਾਰਤੀ ਅਤੇ ਇਲਾਕਾ ਨਿਵਾਸੀਆਂ ਦੇ ਸਾਂਝੇ ਸਹਿਯੋਗ ਨਾਲ ਸਲਾਨਾ ਵਿਸ਼ਾਲ ਕੁਸਤੀ ਦੰਗਲ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਵਰਨ ਸਿੰਘ ਪੈਟਰੋਲ ਪੰਪ ਵਾਲੇ, ਮਹਿੰਦਰ ਸਿੰਘ ਸਰਪੰਚ, ਧਰਮ ਸਿੰਘ ਨੇ ਦੱਸਿਆ ਕਿ ਇਸ ਕੁਸਤੀ ਦੰਗਲ ਦਾ ਉਦਘਾਟਨ ਸੰਤ ਬਾਬਾ ਪਰਮਜੀਤ ਸਿੰਘ ਹੰਸਾਲੀ ਵਾਲਿਆਂ ਵੱਲੋਂ ਕੀਤਾ ਗਿਆ, ਉਨ੍ਹਾਂ ਕੁਸਤੀ ਦੰਗਲ ਲਈ ਆਪਣੇ ਵੱਲੋਂ 11,000 ਰੁਪਏ ਦੀ ਰਾਸ਼ੀ ਦਿੱਤੀ। ਇਸ ਛਿੰਝ

ਆਵਾਜ਼ਿ ਕੌਮ AWAZE QAUM International Newspaper & WEB TV

ਮੇਲੇ ਦੌਰਾਨ ਦੋ ਝੰਡੀ ਦੀਆਂ ਕੁਸਤੀਆਂ ਕਰਵਾਈਆਂ ਗਈਆਂ। ਜਿਨ੍ਹਾਂ ਵਿੱਚ ਪਹਿਲੀ ਝੰਡੀ ਦੀ ਕੁਸਤੀ ਤਾਲਿਬ ਬਾਬਾ ਫਲਾਹੀ ਅਤੇ ਅਵਨਾਇਕ ਯੂ. ਪੀ. ਵਿਚਕਾਰ ਹੋਈ, ਜਿਸ ਵਿੱਚ ਦੋਨਾਂ ਪਹਿਲਵਾਨਾਂ ਵਿੱਚ ਕਾਂਟੇ ਦੀ ਟੱਕਰ 20 ਮਿੰਟ ਚੱਲੀ। ਉਪਰੰਤ ਪੰਜ ਮਿੰਟਾਂ ਦੇ ਵਾਧੂ ਸਮੇਂ ਦੌਰਾਨ ਪੁਆਇੰਟਾਂ ਦੇ ਅਧਾਰ ਤੇ ਕੁਸਤੀ ਕਰਵਾਈ, ਜਿਸ ਵਿੱਚ ਤਾਲਿਬ ਬਾਬਾ ਫਲਾਹੀ ਨੇ ਪਹਿਲਾਂ ਪੁਆਇੰਟ ਬਣਾ ਕੇ ਝੰਡੀ ਦੀ ਕੁਸਤੀ ਤੇ ਕਬਜਾ ਕਰ ਲਿਆ। ਇਸ ਤੋਂ ਇਲਾਵਾ ਦੂਸਰੀ ਝੰਡੀ ਦੀ ਕੁਸ਼ਤੀ ਵਿੱਚ ਮਾਨਾ ਡੂਮਛੇੜੀ ਅਤੇ ਗੁਰਪ੍ਰੀਤ ਸਮਾਣਾ ਦਰਮਿਆਨ ਹੋਈ, ਇਸ ਝੰਡੀ ਦੀ ਕੁਸਤੀ ਵਿੱਚ ਪਹਿਲਵਾਨਾਂ ਨੇ ਜਬਰਦਸਤ ਕੁਸਤੀ ਲੜੀ, ਕੋਈ ਪਹਿਲਵਾਨ ਜੇਤੂ ਨਾ ਹੋਣ ਕਾਰਨ ਪ੍ਰਬੰਧਕਾਂ ਨੇ ਅੰਕਾਂ ਦੇ ਅਧਾਰ ਤੇ ਕੁਸਤੀ ਕਰਵਾਈ ਜਿਸ ਵਿੱਚ ਮਾਨਾ ਡੂਮਛੇੜੀ ਨੇ ਪਹਿਲਾਂ ਅੰਕ ਬਣਾ ਕੇ ਝੰਡੀ ਦੀ ਕੁਸਤੀ ਜਿੱਤ ਲਈ। ਇਨ੍ਹਾਂ ਤੋਂ ਇਲਾਵਾ ਹੋਰ ਵੀ ਪਹਿਲਵਾਨਾਂ ਵਿੱਚ ਕੁਸ਼ਤੀਆਂ ਦੇ ਦਿਲਚਸਪ ਮੁਕਾਬਲੇ ਦੇਖਣ ਨੂੰ ਮਿਲੇ, ਜਿਨ੍ਹਾਂ ਦਾ ਦਰਸ਼ਕਾਂ ਨੇ ਖੂਬ ਅਨੰਦ ਮਾਣਿਆ। ਉਪਰੋਕਤ ਤੋਂ ਇਲਾਵਾ ਹੋਰ ਮੁਕਾਬਲਿਆਂ ਦੌਰਾਨ ਪਵਿੱਤਰ ਮਲਕਪੁਰ ਨੇ ਪਵਨ ਬਾਬਾ ਫਲਾਹੀ ਨੂੰ, ਜੱਗਾ ਫਤਹਿਗੜ੍ਹ ਸਾਹਿਬ ਨੇ ਗੁਰਪ੍ਰੀਤ ਗੜਵਾਲ ਨੂੰ, ਸੁਖਚੈਨ ਤਖਤੂਮਾਜਰਾ ਨੇ ਸੁਧੀਰ ਨੂੰ, ਕਰਮਾ ਪਟਿਆਲਾ ਨੇ ਸਤਨਾਮ ਆਕੜੀ ਨੂੰ, ਲਾਲੀ ਡੇਰਾ ਬਾਬਾ ਨਾਨਕ ਨੇ ਜੈਸੀਨ ਮਲੇਰਕੋਟਲਾ, ਸਲੀਮ ਲਸਾੜਾ ਨੇ ਗੁਰਜੰਟ ਨੂੰ, ਜਾਕਿਰ ਮਾਲੂਮਜਾਰਾ ਨੇ ਗੁਰਪ੍ਰੀਤ ਨੂੰ ਕ੍ਰਮਵਾਰ ਚਿੱਤ ਕੀਤਾ। ਇਸ ਤੋਂ ਇਲਾਵਾ ਅਮਨ ਮਲਕਪੁਰ ਤੇ ਬਲਜੀਤ ਸਮਾਣਾ, ਬੱਗਾ ਚੀਕਾ ਤੇ ਛਿੰਦਾ ਕੈਂਥਲ ਕ੍ਰਮਵਾਰ ਬਰਾਬਰ ਰਹੇ।ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਮੁੱਖ ਮਹਿਮਾਨ ਵਿਧਾਇਕ ਗੁਰਲਾਲ ਘਨੌਰ ਦੇ ਚਾਚਾ ਜੀ ਕਰਨੈਲ ਸਿੰਘ ਢਿੱਲੋਂ, ਪ੍ਰਦੀਪ ਸਿੰਘ ਬੜੈਚ, ਸਤਨਾਮ ਸਿੰਘ ਹਲਕਾ ਇੰਚਾਰਜ, ਸਵਰਨ ਸਿੰਘ ਥਾਣਾ ਮੁਖੀ, ਲਖਵਿੰਦਰ ਸਿੰਘ ਗੁੱਜਰ, ਧਰਮ ਸਿੰਘ ਸਰਕਲ ਪ੍ਰਧਾਨ, ਲਾਲ ਸਿੰਘ ਪਬਰੀ, ਗੁਰਨਾਮ ਸਿੰਘ ਸਰਪੰਚ ਦਮਨਹੇੜੀ, ਗੁਰਮੀਤ ਸਿੰਘ ਸਾਬਕਾ ਸਰਪੰਚ, ਭਗਤ ਮੇਜਰ ਸਿੰਘ, ਪਹਿਲਵਾਨ ਕੇਸਰ ਸਿੰਘ, ਗਿਆਨ ਸਿੰਘ ਸਾਬਕਾ ਸਰਪੰਚ, ਰਾਮ ਕਰਨ, ਗੁਰਦਰਸ਼ਨ ਸਿੰਘ, ਰਣਜੀਤ ਸਿੰਘ ਆਦਿ ਤੋਂ ਇਲਾਵਾ ਇਲਾਕੇ ਦੀਆਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਜਥੇਬੰਦੀਆਂ ਦੇ ਆਗੂ ਹਾਜਰ ਸਨ। ਇਸ ਦੰਗਲ ਮੇਲੇ ਦੇ ਪੁੱਜੇ ਪਹਿਲਵਾਨਾਂ ਅਤੇ ਆਏ ਮੁੱਖ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਕੁਸ਼ਤੀ ਦੰਗਲ ਦੇ ਮੁੱਖ ਪ੍ਰਬੰਧਕ ਸਵਰਨ ਸਿੰਘ, ਮਹਿੰਦਰ ਸਿੰਘ ਸਰਪੰਚ, ਬਲਦੇਵ ਸਿੰਘ, ਕਰਨੈਲ ਸਿੰਘ, ਧਰਮ ਸਿੰਘ, ਅੱਛਰਪਾਲ ਸਿੰਘ, ਗਿਆਨ ਸਿੰਘ, ਅਵਤਾਰ ਸਿੰਘ ਨੰਬਰਦਾਰ, ਸਰਬਾ ਪਟਵਾਰੀ, ਗੁਰਧਿਆਨ ਸਿੰਘ, ਜਸਵੀਰ ਸਿੰਘ, ਬਲਦੇਵ ਸਿੰਘ, ਸੁਖਦੇਵ ਸਿੰਘ, ਨੰਬਰਦਾਰ ਭਾਗ ਸਿੰਘ, ਨੰਬਰਦਾਰ ਰਾਮ ਸਿੰਘ, ਲਾਲ ਸਿੰਘ, ਨੰਬਰਦਾਰ ਅਵਤਾਰ ਸਿੰਘ, ਗਿਆਨ ਸਿੰਘ ਸਾਬਕਾ ਸਰਪੰਚ, ਜਸਵੀਰ ਸਿੰਘ ਨੰਬਰਦਾਰ, ਜਸਵਿੰਦਰ ਸਿੰਘ ਪੰਚ ਆਦਿ ਤੋਂ ਇਲਾਵਾ ਪਿੰਡ ਦੇ ਹੋਰ ਪਤਵੰਤੇ ਸੱਜਣ ਵੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243